ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ



ਮਾਸਿਕ

# ਸੇਵਾ ਸਰਗਰਮੀਆਂ

ਲੜੀ ਨੰਬਰ 36, ਮਾਰਚ 2021 (ਚੇਤ ਸੰਮਤ ਨਾਨਕਸ਼ਾਹੀ 553) । ਮੁੱਖ ਸੰਪਾਦਕ : ਮਹਿੰਦਰ ਸਿੰਘ ਆਹਲੀ । ਪ੍ਰਕਾਸ਼ਕ : ਧਰਮ ਪ੍ਰਚਾਰ ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ । ਫੋਨ : 01832553956-60 । ਈਮੇਲ : sgpcsargarmiya@gmail.com

## ਸ਼੍ਰੋਮਣੀ ਕਮੇਟੀ ਵੱਲੋਂ ਸ੍ਰੀ ਨਨਕਾਣਾ ਸਾਹਿਬ ਦੇ 100 ਸਾਲਾ ਸ਼ਹੀਦੀ ਸਾਕੇ ਮੌਕੇ ਸ਼ਤਾਬਦੀ ਸਮਾਗਮ

### ਜ਼ਿਲ੍ਹਾ ਗੁਰਦਾਸਪੁਰ ਦੇ ਪਿੰਡ ਗੋਧਰਪੁਰ 'ਚ ਸੌ ਸਾਲਾ ਸਮਾਗਮਾਂ ਸਮੇਂ ਪੰਥ ਦੀਆਂ ਪ੍ਰਮੁੱਖ ਸ਼ਖ਼ਸੀਅਤਾਂ ਨੇ ਕੀਤੀ ਸ਼ਮੂਲੀਅਤ

ਅੰਮ੍ਰਿਤਸਰ- ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਅਸਥਾਨ ਗੁਰਦੁਆਰਾ ਸ੍ਰੀ ਨਨਕਾਣਾ ਸਾਹਿਬ ਨੂੰ ਕੁਕਰਮੀ ਮਹੰਤਾਂ ਤੋਂ ਅਜ਼ਾਦ ਕਰਵਾਉਣ ਲਈ ਸੌ ਸਾਲ ਪਹਿਲਾਂ ਵਾਪਰੇ ਸਾਕੇ ਦੀ ਪਹਿਲੀ ਸ਼ਤਾਬਦੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਕੌਮੀ ਜਾਹੋ-ਜਲਾਲ ਨਾਲ ਮਨਾਈ ਗਈ। ਇਸ ਸਬੰਧ ਵਿਚ ਮੁੱਖ ਸਮਾਗਮ ਸਾਕੇ ਸਮੇਂ ਜਥੇ ਦੀ ਅਗਵਾਈ ਕਰਨ ਵਾਲੇ ਸ਼ਹੀਦ ਭਾਈ ਲਛਮਣ ਸਿੰਘ ਧਾਰੋਵਾਲੀ ਨਾਲ ਸਬੰਧਤ ਗੁਰਦਾਸਪੁਰ ਜ਼ਿਲ੍ਹੇ ਦੇ ਨਗਰ ਗੋਧਰਪੁਰ ਵਿਖੇ ਸੰਗਤ ਦੇ ਸਹਿਯੋਗ ਨਾਲ ਕਰਵਾਇਆ ਗਿਆ। ਵਿਸ਼ਾਲ ਪੰਡਾਲ 'ਚ ਸਜਾਏ ਗਏ ਗੁਰਮਤਿ ਸਮਾਗਮ ਦੀ ਆਰੰਭਤਾ ਤੋਂ ਪਹਿਲਾਂ ਗੁਰਦੁਆਰਾ ਸ਼ਹੀਦ ਭਾਈ ਲਛਮਣ ਸਿੰਘ ਧਾਰੋਵਾਲੀ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ। ਮੁੱਖ ਸਮਾਗਮ ਸਮੇਂ ਅੱਜ ਵੱਡੀ ਗਿਣਤੀ ਵਿਚ ਸੰਗਤਾਂ ਨੇ ਹਾਜ਼ਰੀ ਭਰੀ। ਸਮਾਗਮ ਦੌਰਾਨ ਸਾਕਾ ਸ੍ਰੀ ਨਨਕਾਣਾ ਸਾਹਿਬ ਨਾਲ ਸਬੰਧਤ ਸ਼ਹੀਦਾਂ ਦੇ 32 ਪਰਿਵਾਰ ਵੀ ਪੁੱਜੇ ਹੋਏ ਸਨ, ਜਿਨ੍ਹਾਂ ਨੂੰ ਸ਼੍ਰੋਮਣੀ ਕਮੇਟੀ ਵੱਲੋਂ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ। ਸਮਾਗਮ ਦੌਰਾਨ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੁੱਖ ਗ੍ਰੰਥੀ ਗਿਆਨੀ ਜਗਤਾਰ ਸਿੰਘ, ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ, ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ, ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਬੀਬੀ ਜਗੀਰ ਕੌਰ, ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸ. ਸੁਖਬੀਰ ਸਿੰਘ ਬਾਦਲ ਸਮੇਤ ਵੱਖ ਵੱਖ ਸਪ੍ਰਦਾਵਾਂ ਦੇ ਨੁਮਾਇੰਦਿਆਂ ਅਤੇ ਸਭਾ-ਸੁਸਾਇਟੀਆਂ ਦੇ ਆਗੂਆਂ ਨੇ ਭਰਵੀਂ ਸ਼ਮੂਲੀਅਤ ਕੀਤੀ। ਇਸ ਮੌਕੇ ਵੱਖ-ਵੱਖ ਬੁਲਾਰਿਆਂ ਨੇ ਸ੍ਰੀ ਨਨਕਾਣਾ ਸਾਹਿਬ ਸਾਕੇ ਦੇ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਟ ਕੀਤੀ ਅਤੇ ਸੰਗਤ ਨੂੰ ਆਪਣੇ ਇਤਿਹਾਸ ਦੀ ਸੇਧ ਵਿਚ ਜੀਵਨ ਜਿਊਣ ਲਈ ਪ੍ਰੇਰਿਆ।

**ਭਾਰਤ ਸਰਕਾਰ ਦਾ ਸਿੱਖਾਂ ਪ੍ਰਤੀ ਰਵੱਈਆ ਬੇਰੁਖੀ ਵਾਲਾ- ਗਿਆਨੀ ਹਰਪ੍ਰੀਤ ਸਿੰਘ**

ਸ਼੍ਰੋਮਣੀ ਕਮੇਟੀ ਵੱਲੋਂ ਸ਼ਹੀਦ ਭਾਈ ਲਛਮਣ ਸਿੰਘ ਧਾਰੋਵਾਲੀ ਨਾਲ ਸਬੰਧਤ ਨਗਰ ਗੋਧਰਪੁਰ ਵਿਖੇ ਕਰਵਾਏ ਗਏ ਸ਼ਤਾਬਦੀ ਸਮਾਗਮ ਮੌਕੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਨੇ ਭਾਰਤ ਸਰਕਾਰ ਵੱਲੋਂ ਸਿੱਖਾਂ ਪ੍ਰਤੀ ਅਪਨਾਏ ਜਾ ਰਹੇ ਬੇਰੁਖੀ ਵਾਲੇ ਰਵੱਈਏ ਦੀ ਸਖ਼ਤ ਨਿੰਦਾ ਕਰਦਿਆਂ ਘੱਟਗਿਣਤੀਆਂ ਪ੍ਰਤੀ ਸੋਚ ਬਦਲਣ ਲਈ ਕਿਹਾ। ਉਨ੍ਹਾਂ ਕਿਹਾ ਕਿ ਸੌ ਸਾਲ ਪਹਿਲਾਂ ਵਾਪਰੇ ਸਾਕਾ ਨਨਕਾਣਾ ਸਾਹਿਬ ਦੇ ਦਰਦ ਨੂੰ ਭਾਰਤ ਸਰਕਾਰ ਨੇ ਇਕ ਵਾਰ ਫਿਰ ਯਾਦ ਕਰਵਾ ਦਿੱਤਾ ਹੈ। ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਅਸਥਾਨ ਵਿਖੇ ਸ਼ਹੀਦੀ ਸਾਕੇ ਦੀ ਸ਼ਤਾਬਦੀ ਮਨਾਉਣ ਤੋਂ ਰੋਕਣਾ ਕੇਂਦਰ ਸਰਕਾਰ ਦਾ ਅੰਗਰੇਜ਼ਾਂ ਵਰਗਾ ਹੀ ਰਵੱਈਆ ਹੈ। ਉਨ੍ਹਾਂ ਕਿਹਾ ਕਿ ਭਾਰਤ ਸਰਕਾਰ ਨੇ ਕਿਸਾਨ ਅੰਦੋਲਨ ਵਿਚ ਸਿੱਖਾਂ ਦੀ ਭਰਵੀਂ ਸ਼ਮੂਲੀਅਤ ਕਾਰਨ ਪਾਕਿਸਤਾਨ ਜਾਣ ਵਾਲੇ ਜਥੇ ਨੂੰ ਇਜਾਜ਼ਤ ਨਹੀਂ ਦਿੱਤੀ, ਪਰੰਤੂ ਸਰਕਾਰ ਦਾ ਇਹ ਭਰਮ ਹੈ ਕਿ ਸਿੱਖ ਅੰਦੋਲਨ ਵਿੱਚੋਂ ਪਿੱਛੇ ਹੱਟ ਜਾਣਗੇ। ਉਨ੍ਹਾਂ ਸਖ਼ਤ ਲਹਿਜੇ ਵਿਚ ਕਿਹਾ ਕਿ ਭਾਰਤ ਸਰਕਾਰ ਜਿੰਨੇ ਮਰਜ਼ੀ ਜਥੇ ਰੋਕ ਲਵੇ, ਸਿੱਖ ਕਿਸਾਨਾਂ ਨਾਲ ਡਟੇ ਰਹਿਣਗੇ। ਉਨ੍ਹਾਂ ਕਿਹਾ ਕਿ ਜੋ ਮਨਮਰਜ਼ੀਆਂ ਸੌ ਸਾਲ ਪਹਿਲਾਂ ਅੰਗਰੇਜ਼ ਕਰਦੇ ਸਨ, ਉਸੇ ਲੀਹ 'ਤੇ ਅੱਜ ਭਾਰਤ ਸਰਕਾਰ ਚੱਲ ਰਹੀ ਹੈ। ਇਹ ਦੇਸ਼ ਦੇ ਹਿੱਤ ਵਿਚ ਨਹੀਂ ਹੈ ਅਤੇ ਸਰਕਾਰ ਨੂੰ ਸਮਝਣਾ ਚਾਹੀਦਾ ਹੈ ਕਿ ਇਸ ਦੇਸ਼ ਵਿਚ ਵੱਸਦਾ ਹਰ ਬਾਸ਼ਿੰਦਾ ਬਰਾਬਰ ਅਧਿਕਾਰ ਰੱਖਦਾ ਹੈ। ਉਨ੍ਹਾਂ ਆਖਿਆ ਕਿ ਘਟਗਿਣਤੀਆਂ ਨੂੰ ਦਬਾ ਕੇ ਬਹੁਗਿਣਤੀਆਂ ਦੀਆਂ ਵੋਟਾਂ ਹਾਸਲ ਕਰਨ ਲਈ ਅੱਗੇ ਵਧਣਾ ਦੇਸ਼ ਲਈ ਘਾਤਕ ਹੈ। ਸਿੱਖਾਂ ਨੂੰ ਧੱਕੇ ਨਾਲ ਨਹੀਂ ਦਬਾਇਆ ਜਾ ਸਕਦਾ, ਕਿਉਂਕਿ ਸਿੱਖਾਂ ਆਪਣੇ ਸ਼ਾਨਾਮੱਤੇ ਇਤਿਹਾਸ ਤੋਂ ਪ੍ਰੇਰਣਾ ਲੈ ਕੇ ਹੱਕ, ਸੱਚ ਖ਼ਾਤਰ ਜੂਝਣ ਦਾ ਜਜ਼ਬਾ ਰੱਖਦੇ ਹਨ। ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਨੇ ਕੌਮੀ ਇਕਜੁਟਤਾ ਨੂੰ ਸਮੇਂ ਦੀ ਵੱਡੀ ਲੋੜ ਦੱਸਦਿਆਂ ਸਿੱਖ ਜਗਤ ਨੂੰ ਅਪੀਲ ਕੀਤੀ ਕਿ ਆਪਸੀ ਮਤਭੇਦ ਭੁਲਾ ਕੇ ਕੌਮੀ ਇਕਜੁਟਤਾ ਦਾ ਪ੍ਰਗਟਾਵਾ ਕਰਨ। ਉਨ੍ਹਾਂ ਸ਼੍ਰੋਮਣੀ ਕਮੇਟੀ ਵੱਲੋਂ ਸ਼ਹੀਦਾਂ ਦੇ ਪਰਿਵਾਰਾਂ ਦਾ ਮਾਣ-ਸਨਮਾਨ ਕਰਨ ਲਈ ਧੰਨਵਾਦ ਵੀ ਕੀਤਾ।

**ਦੇਸ਼ ਦੇ ਸੱਭਿਆਚਾਰ ਨੂੰ ਬਚਾਉਣ ਲਈ ਸਿੱਖਾਂ ਦੇ ਯੋਗਦਾਨ ਨੂੰ ਭੁਲਾਇਆ ਨਹੀਂ ਜਾ ਸਕਦਾ-ਸ. ਸੁਖਬੀਰ ਸਿੰਘ ਬਾਦਲ**

ਸਾਕਾ ਸ੍ਰੀ ਨਨਕਾਣਾ ਸਾਹਿਬ ਦੇ ਸ਼ਤਾਬਦੀ ਸਮਾਗਮ ਮੌਕੇ ਪੁੱਜੇ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸ. ਸੁਖਬੀਰ ਸਿੰਘ ਬਾਦਲ ਨੇ ਜਿਥੇ ਸਾਕੇ ਦੇ ਮਹਾਨ ਸ਼ਹੀਦਾਂ ਨੂੰ ਸ਼ਰਧਾ ਤੇ ਸਤਿਕਾਰ ਭੇਟ ਕੀਤਾ, ਉਥੇ ਹੀ ਭਾਰਤ ਸਰਕਾਰ ਵੱਲੋਂ ਸਾਕੇ ਦੇ ਸਮਾਗਮਾਂ ਲਈ ਸ੍ਰੀ ਨਨਕਾਣਾ ਸਾਹਿਬ ਜਾਣ ਵਾਲੇ ਜਥੇ 'ਤੇ ਰੋਕ ਲਗਾਉਣ ਦੀ ਕਰੜੀ ਅਲੋਚਨਾ ਕੀਤੀ। ਉਨ੍ਹਾਂ ਆਪਣੇ ਸੰਬੋਧਨ ਦੌਰਾਨ ਕਿਹਾ ਕਿ ਸਿੱਖ ਕੌਮ ਨੂੰ ਸ਼ਹਾਦਤਾਂ ਦਾ ਵਿਰਸਾ ਪ੍ਰਾਪਤ ਹੋਇਆ ਹੈ ਅਤੇ ਦੇਸ਼ ਦੇ ਸੱਭਿਆਚਾਰ ਨੂੰ ਬਚਾਉਣ ਲਈ ਵੀ ਸਿੱਖਾਂ ਦੇ ਯੋਗਦਾਨ ਨੂੰ ਭੁਲਾਇਆ ਨਹੀਂ ਜਾ ਸਕਦਾ। ਉਨ੍ਹਾਂ ਆਖਿਆ ਸਿੱਖ ਧਰਮ ਅੰਦਰ ਸੇਵਾ ਅਤੇ ਸ਼ਹਾਦਤ ਦੋ ਅਹਿਮ ਥੰਮ ਹਨ। ਜਦੋਂ ਵੀ ਦੇਸ਼ ਨੂੰ ਕੋਈ ਸੰਕਟ ਬਣਿਆ ਤਾਂ ਸਿੱਖਾਂ ਨੇ ਅੱਗੇ ਹੋ ਕੇ ਲੜਾਈ ਲਈ। ਉਨ੍ਹਾਂ ਕੇਂਦਰ ਸਰਕਾਰ ਵੱਲੋਂ ਸਿੱਖ ਸੰਗਤਾਂ ਨੂੰ ਪਾਕਿਸਤਾਨ ਜਾਣ ਤੋਂ ਰੋਕਣ ਦੇ ਫੈਸਲੇ ਨੂੰ ਮੰਦਭਾਗਾ ਕਰਾਰ ਦਿੱਤਾ ਅਤੇ ਇਸ ਸਬੰਧ ਵਿਚ ਕੈਪਟਨ ਅਮਰਿੰਦਰ ਸਿੰਘ ਨੂੰ ਵੀ ਸਵਾਲਾਂ ਦੇ ਘੇਰੇ ਵਿਚ ਲਿਆ। ਸ. ਸੁਖਬੀਰ ਸਿੰਘ ਬਾਦਲ ਨੇ ਆਖਿਆ ਕਿ ਕੇਂਦਰ ਦੇ ਆਪਹੁਦਰੇ ਫੈਸਲੇ 'ਤੇ ਪੰਜਾਬ ਦਾ ਮੁੱਖ ਮੰਤਰੀ ਦਾ ਚੁੱਪ ਰਹਿਣਾ ਵੱਡੇ ਸਵਾਲ ਪੈਦਾ ਕਰਦਾ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਪੰਜਾਬ ਨੂੰ ਕੇਂਦਰ ਨਾਲ ਗੱਲ ਕਰਨੀ ਚਾਹੀਦੀ ਸੀ, ਪਰ ਅਫ਼ਸੋਸ ਕਿ ਉਹ ਚੁੱਪ ਧਾਰੀ ਬੈਠੇ ਰਹੇ। ਉਨ੍ਹਾਂ ਆਖਿਆ ਕਿ ਸ਼੍ਰੋਮਣੀ ਕਮੇਟੀ ਤੇ ਸ਼੍ਰੋਮਣੀ ਅਕਾਲੀ ਦਲ ਸਿੱਖ ਕੌਮ ਦੇ ਮਹਾਨ ਸ਼ਹੀਦਾਂ ਨੂੰ ਹਮੇਸ਼ਾ ਆਪਣਾ ਆਦਰਸ਼ ਮੰਨ ਕੇ ਚੱਲਦੀ ਰਹੀ ਹੈ ਅਤੇ ਭਵਿੱਖ ਵਿਚ ਵੀ ਸ਼ਹੀਦਾਂ ਦੀਆਂ ਕੁਰਬਾਨੀਆਂ ਤੋਂ ਸੇਧ ਪ੍ਰਾਪਤ ਕਰਦੇ ਰਹਾਂਗੇ।

**ਸਿੱਖ ਕੌਮ ਆਪਣੇ ਸ਼ਹੀਦਾਂ ਤੋਂ ਸੇਧ ਲੈ ਕੇ ਪੰਥ ਵਿਰੋਧੀ ਸ਼ਕਤੀਆਂ ਦਾ ਮੁਕਾਬਲਾ ਕਰੇ -ਬੀਬੀ ਜਗੀਰ ਕੌਰ**

ਸ਼ਤਾਬਦੀ ਸਮਾਗਮ ਮੌਕੇ ਸੰਗਤ ਨਾਲ ਵਿਚਾਰ ਸਾਂਝੇ ਕਰਦਿਆਂ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਬੀਬੀ ਜਗੀਰ ਕੌਰ ਨੇ ਸ਼ਹੀਦ ਭਾਈ ਲਛਮਣ ਸਿੰਘ ਧਾਰੋਵਾਲੀ ਦੇ ਨਗਰ ਗੋਧਰਪੁਰ ਵਿਖੇ ਗੁਰਦੁਆਰਾ ਸਾਹਿਬ ਲਈ ਲੰਗਰ ਹਾਲ ਅਤੇ ਲਾਇਬ੍ਰੇਰੀ ਸਥਾਪਤ ਕਰਨ ਦਾ ਐਲਾਨ ਕੀਤਾ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮਟੀ ਸਿੱਖ ਪੰਥ ਦੀ ਪ੍ਰਤੀਨਿਧ ਧਾਰਮਿਕ ਸੰਸਥਾ ਹੈ ਅਤੇ ਗੁਰਦੁਆਰਾ ਸੁਧਾਰ ਲਹਿਰ ਦੌਰਾਨ ਸ਼ਹੀਦ ਹੋਏ ਸਿੱਖਾਂ ਦੇ ਪਰਿਵਾਰਾਂ ਦਾ ਸਤਿਕਾਰ ਕਰਦੀ ਹੈ। ਉਨ੍ਹਾਂ ਕਿਹਾ ਕਿ ਸਾਕਾ ਨਨਕਾਣਾ ਸਾਹਿਬ ਦੇ ਸ਼ਹੀਦਾਂ ਨਾਲ ਸਬੰਧਤ ਨਗਰਾਂ ਵਿਚ ਲਾਇਬ੍ਰੇਰੀਆਂ ਬਣਾਈਆਂ ਜਾਣਗੀਆਂ ਅਤੇ ਇਸ ਦੇ ਨਾਲ ਹੀ ਇਨ੍ਹਾਂ ਨਗਰਾਂ ਦੇ ਸਕੂਲ ਅੰਦਰ ਧਾਰਮਿਕ ਅਧਿਆਪਕ ਵੀ ਦਿੱਤੇ ਜਾਣਗੇ। ਬੀਬੀ ਜਗੀਰ ਕੌਰ ਨੇ ਗੁਰਦੁਆਰਿਆਂ ਦੀ ਪਵਿੱਤਰਤਾ ਦੇ ਮਾਣ-ਮਰਯਾਦਾ ਦੀ ਬਹਾਲੀ ਲਈ ਸ਼ਹੀਦ ਹੋਣ ਵਾਲੇ ਸਿੱਖਾਂ ਦੇ ਇਤਿਹਾਸ ਅਤੇ ਉਨ੍ਹਾਂ ਦੇ ਪਰਿਵਾਰਾਂ ਸਬੰਧੀ ਜਾਣਕਾਰੀ ਦੇਣ ਲਈ ਖੋਜ ਕਾਰਜ ਕਰਵਾਉਣ ਦਾ ਵੀ ਐਲਾਨ ਕੀਤਾ। ਉਨ੍ਹਾਂ ਕੌਮ ਦੀ ਇਕਜੁਟਤਾ ਲਈ ਸੰਗਤ ਨੂੰ ਸੱਦਾ ਦਿੰਦਿਆਂ ਕਿਹਾ ਕਿ ਜੇਕਰ ਸਾਰੀ ਸਿੱਖ ਕੌਮ ਇਕੱਠੀ ਰਹੇਗੀ ਤਾਂ ਕੋਈ ਵੀ ਦੁਸ਼ਮਣ ਸ਼ਕਤੀ ਸਾਡਾ ਕੁਝ ਨਹੀਂ ਵਿਗਾੜ ਸਕਦੀ। ਉਨ੍ਹਾਂ ਕਿਹਾ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਸਿੱਖਾਂ ਦੇ ਸਰਵਉੱਚ ਅਸਥਾਨ ਹਨ, ਜਿਸ ਦੀ ਅਗਵਾਈ ਵਿਚ ਹਰ ਸਿੱਖ ਨਤਮਸਤਕ ਹੋਵੇ ਅਤੇ ਸਿੱਖੀ ਵਿਰੁੱਧ ਚਾਲਾਂ ਚੱਲਣ ਵਾਲੀਆਂ ਸ਼ਕਤੀਆਂ ਦਾ ਮੂੰਹ ਤੋੜ ਜਵਾਬ ਦੇਵੇ। ਉਨ੍ਹਾਂ ਸਾਕਾ ਸ੍ਰੀ ਨਨਕਾਣਾ ਸਾਹਿਬ ਦੇ ਸਮੂਹ ਸ਼ਹੀਦਾਂ ਨੂੰ ਸ਼ਰਧਾ ਤੇ ਸਤਿਕਾਰ ਭੇਟ ਕੀਤਾ ਅਤੇ ਸੰਗਤ ਨੂੰ ਉਨ੍ਹਾਂ ਤੋਂ ਅਗਵਾਈ ਲੈਣ ਦੀ ਪ੍ਰੇਰਣਾ ਕੀਤੀ। ਉਨ੍ਹਾਂ ਸਮਾਗਮ ਦੌਰਾਨ ਪੁੱਜੀਆਂ ਪੰਥਕ ਸ਼ਖ਼ਸੀਅਤਾਂ ਅਤੇ ਸੰਗਤਾਂ ਦਾ ਧੰਨਵਾਦ ਵੀ ਕੀਤਾ।

ਇਸ ਮੌਕੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ ਨੇ ਵੀ ਕੌਮ ਨੂੰ ਸ਼ਹੀਦਾਂ ਦੇ ਇਤਿਹਾਸ ਤੋਂ ਪ੍ਰੇਰਣਾ ਲੈਣ ਦੀ ਅਪੀਲ ਕੀਤੀ ਅਤੇ ਆ ਰਹੀਆਂ ਸ਼ਤਾਬਦੀਆਂ ਨੂੰ ਜਾਹੋ-ਜਲਾਲ ਨਾਲ ਮਨਾਉਣ ਲਈ ਕਿਹਾ। ਸਮਾਗਮ ਦੌਰਾਨ ਸ਼੍ਰੋਮਣੀ ਕਮੇਟੀ ਦੇ ਜਨਰਲ ਸਕੱਤਰ ਐਡਵੋਕੇਟ ਭਗਵੰਤ ਸਿੰਘ ਸਿਆਲਕਾ ਤੇ ਮੁੱਖ ਸਕੱਤਰ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਸਟੇਜ਼ ਸੰਚਾਲਨ ਦੀ ਸੇਵਾ ਨਿਭਾਈ। ਇਸ ਤੋਂ ਪਹਿਲਾਂ ਸਿੱਖ ਕੌਮ ਦੇ ਪ੍ਰਸਿੱਧ ਰਾਗੀ ਜਥਿਆਂ ਨੇ ਸੰਗਤ ਨੂੰ ਗੁਰਬਾਣੀ ਕੀਰਤਨ ਨਾਲ ਜੋੜਿਆ ਅਤੇ ਸ੍ਰੀ ਦਰਬਾਰ ਸਾਹਿਬ ਦੇ ਗ੍ਰੰਥੀ ਗਿਆਨੀ ਮਾਨ ਸਿੰਘ ਨੇ ਕਥਾ-ਵਿਚਾਰਾਂ ਸਰਵਣ ਕਰਵਾਈਆਂ। ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੁੱਖ ਗ੍ਰੰਥੀ ਸਿੰਘ ਸਾਹਿਬ ਗਿਆਨੀ ਗਿਆਨੀ ਜਗਤਾਰ ਸਿੰਘ ਨੇ ਪਾਵਨ ਹੁਕਮਨਾਮਾ ਸੰਗਤ ਨੂੰ ਸਰਵਣ ਕਰਵਾਇਆ। ਸਮਾਗਮ ਸਮੇਂ ਸ਼੍ਰੋਮਣੀ ਕਮੇਟੀ ਵੱਲੋਂ ਪ੍ਰਮੁੱਖ ਸ਼ਖ਼ਸੀਅਤਾਂ ਨੂੰ ਸਨਮਾਨਿਤ ਕੀਤਾ ਗਿਆ ਅਤੇ




















# ਸ਼੍ਰੋਮਣੀ ਕਮੇਟੀ ਵੱਲੋਂ ਲੜਕੀਆਂ ਲਈ ਡਾਇਰੈਕਟੋਰੇਟ ਖੇਡਾਂ ਸਥਾਪਤ

## ਨੌਜੁਆਨੀ ਨੂੰ ਖੇਡਾਂ ਵੱਲ ਪ੍ਰੇਰਿਤ ਕਰਨ ਲਈ ਸ਼੍ਰੋਮਣੀ ਕਮੇਟੀ ਵਚਨਬੱਧ -ਬੀਬੀ ਜਗੀਰ ਕੌਰ



ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਬੀਬੀ ਜਗੀਰ ਕੌਰ ਨੇ ਲੜਕੀਆਂ ਨੂੰ ਖੇਡਾਂ ਵੱਲ ਹੋਰ ਉਤਸ਼ਾਹਤ ਕਰਨ ਲਈ ਇੱਕ ਅਹਿਮ ਫੈਸਲਾ ਲੈਂਦਿਆਂ ਵੱਖਰਾ ਡਾਇਰੈਕਟੋਰੇਟ ਸਥਾਪਤ ਕੀਤਾ ਹੈ। ਲੜਕੀਆਂ ਲਈ ਬਣਾਏ ਗਏ ਇਸ ਡਾਇਰੈਕਟੋਰੇਟ ਖੇਡਾਂ ਦੇ ਡਾਇਰੈਕਟਰ ਹਾਕੀ ਉਲੰਪੀਅਨ ਬੀਬੀ ਰਾਜਬੀਰ ਕੌਰ ਅਰਜੁਨਾ ਐਵਾਰਡੀ ਸਾਬਕਾ ਕਪਤਾਨ ਭਾਰਤੀ ਹਾਕੀ ਟੀਮ ਅਤੇ ਡਿਪਟੀ ਡਾਇਰੈਕਟਰ ਬੀਬੀ ਸੁਰਜੀਤ ਕੌਰ ਹਾਕੀ ਉਲੰਪੀਅਨ ਨੂੰ ਲਗਾਇਆ ਗਿਆ ਹੈ। ਇਸ ਦੇ ਨਾਲ ਹੀ ਇੱਕ ਸਲਾਹਕਾਰ ਕਮੇਟੀ ਵੀ ਬਣਾਈ ਗਈ ਹੈ, ਜਿਸ ਵਿਚ ਖੇਡਾਂ ਦੇ ਖੇਤਰ ਵਿਚ ਵੱਡੀਆਂ ਪ੍ਰਾਪਤੀਆਂ ਕਰਨ ਵਾਲੀਆਂ ਬੀਬੀਆਂ ਸ਼ਾਮਲ ਕੀਤੀਆਂ ਹਨ।

ਸ਼੍ਰੋਮਣੀ ਕਮੇਟੀ ਪ੍ਰਧਾਨ ਬੀਬੀ ਜਗੀਰ ਕੌਰ ਨੇ ਦੱਸਿਆ ਕਿ ਡਾਇਰੈਕਟਰ ਤੇ ਡਿਪਟੀ ਡਾਇਰੈਕਟਰ ਤੋਂ ਇਲਾਵਾ ਸਲਾਹਕਾਰ ਕਮੇਟੀ ਵਿਚ ਮੁੱਖ ਸਲਾਹਕਾਰ ਦੀ ਸੇਵਾ ਹਾਕੀ ਉਲੰਪੀਅਨ ਪ੍ਰਿੰ. ਰੂਪਾ ਸੈਣੀ ਗੋਲਡ ਮੈਡਲਿਸਟ ਨੂੰ ਦਿੱਤੀ ਗਈ ਹੈ, ਜਦਕਿ ਸਲਾਹਕਾਰ ਕਮੇਟੀ ਦੇ ਬਾਕੀ ਮੈਂਬਰਾਂ ਵਿਚ ਨੈਸ਼ਨਲ ਬਾਸਕਿਟ ਬਾਲ ਖਿਡਾਰਨ ਬੀਬੀ ਹਰਪ੍ਰੀਤ ਕੌਰ ਬਰਨਾਲਾ, ਕੌਮਾਂਤਰੀ ਬਾਸਕਿਟ ਬਾਲ ਖਿਡਾਰਨ ਸ੍ਰੀਮਤੀ ਸੁਮਿਤੀ ਸੇਵਾਮੁਕਤ ਪ੍ਰਿੰਸੀਪਲ, ਸਾਬਕਾ ਕ੍ਰਿਕਟਰ ਸ੍ਰੀਮਤੀ ਪੂਨਮ ਅਰੋੜਾ, ਬੀਬੀ ਪਰਮਿੰਦਰ ਕੌਰ ਪੰਨੂ ਅਤੇ ਬੀਬੀ ਰਾਜਿੰਦਰ ਕੌਰ ਨੈਸ਼ਨਲ ਹਾਕੀ ਖਿਡਾਰਨ ਨੂੰ ਸ਼ਾਮਲ ਕੀਤਾ ਹੈ। ਉਨ੍ਹਾਂ ਦੱਸਿਆ ਕਿ ਇਸ ਤੋਂ ਪਹਿਲਾਂ ਸ਼੍ਰੋਮਣੀ ਕਮੇਟੀ ਵੱਲੋਂ ਸਪੋਰਟਸ ਵਿਭਾਗ ਅਧੀਨ ਤਿੰਨ ਹਾਕੀ ਅਕੈਡਮੀਆਂ ਚਲਾਈਆਂ ਜਾ ਰਹੀਆਂ ਹਨ ਅਤੇ ਸਕੂਲਾਂ/ਕਾਲਜਾਂ ਅੰਦਰ ਵੱਖ-ਵੱਖ ਖੇਡਾਂ ਨੂੰ ਵੀ ਵਿਸ਼ੇਸ਼ ਤਵੱਜੋਂ ਦਿੱਤੀ ਜਾ ਰਹੀ ਹੈ। ਇਸ ਵਿਚ ਵਾਧਾ ਕਰਦਿਆਂ ਹੀ ਲੜਕੀਆਂ ਲਈ ਡਾਇਰੈਕਟੋਰੇਟ ਖੇਡਾਂ ਸਥਾਪਤ ਕੀਤਾ ਹੈ। ਬੀਬੀ ਜਗੀਰ ਕੌਰ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਵੱਲੋਂ ਲੜਕੀਆਂ ਨੂੰ ਖੇਡਾਂ ਲਈ ਬਿਹਤਰ ਮੌਕੇ ਮੁਹੱਈਆ ਕਰਵਾਏ ਜਾਣਗੇ। ਉਨ੍ਹਾਂ ਕਿਹਾ ਕਿ ਖੁਸ਼ੀ ਦੀ ਗੱਲ ਹੈ ਕਿ ਪਿਛਲੇ ਦਿਨੀਂ ਹੀ ਹਾਕੀ ਇੰਡੀਆ ਵੱਲੋਂ ਸ਼੍ਰੋਮਣੀ ਕਮੇਟੀ ਦੀਆਂ ਅਕੈਡਮੀਆਂ ਨੂੰ ਮਾਨਤਾ ਮਿਲੀ ਹੈ। ਬੀਬੀ ਜਗੀਰ ਕੌਰ ਨੇ ਆਖਿਆ ਕਿ ਸ਼੍ਰੋਮਣੀ ਕਮੇਟੀ ਦੇ ਸਕੂਲਾਂ ਕਾਲਜਾਂ ਅੰਦਰ ਪੜ੍ਹਨ ਵਾਲੇ ਵਿਦਿਆਰਥੀਆਂ ਵਿੱਚੋਂ ਚੰਗੇ ਖਿਡਾਰੀਆਂ ਨੂੰ ਚੁਣ ਕੇ ਵੱਖ-ਵੱਖ ਖੇਡਾਂ ਲਈ ਅੱਗੇ ਵਧਣ ਲਈ ਪ੍ਰੇਰਿਆ ਜਾਵੇਗਾ ਤੇ ਬਿਹਤਰ ਕਾਰਗੁਜਾਰੀ ਲਈ ਖੇਡ ਸਹੂਲਤਾਂ ਦਿੱਤੀਆਂ ਜਾਣਗੀਆਂ।

ਇਸੇ ਦੌਰਾਨ ਬੀਬੀ ਜਗੀਰ ਕੌਰ ਨੇ ਸ਼੍ਰੋਮਣੀ ਕਮੇਟੀ ਦੇ ਪ੍ਰਬੰਧ ਵਾਲੇ ਬਾਬਾ ਅਜੈ ਸਿੰਘ ਖਾਲਸਾ ਕਾਲਜ ਗੁਰਦਾਸ ਨੰਗਲ (ਗੁਰਦਾਸਪੁਰ) ਦੀ ਹੋਣਹਾਰ ਹਾਕੀ ਖਿਡਾਰਨ ਬਲਜਿੰਦਰ ਕੌਰ ਨੂੰ 21 ਹਜ਼ਾਰ ਰੁਪਏ ਦਾ ਚੈੱਕ ਦੇ ਕੇ ਸਨਮਾਨਿਤ ਕੀਤਾ। ਬਲਜਿੰਦਰ ਕੌਰ ਬੀਤੇ ਸਾਲ ਹਾਕੀ ਦੇ ਇੰਡੀਆ ਕੈਂਪ ਲਈ ਚੁਣੀ ਗਈ ਸੀ। ਇਸ ਤੋਂ ਇਲਾਵਾ ਉਸ ਨੇ ਕਈ ਹੋਰ ਖੇਡ ਪ੍ਰਾਪਤੀਆਂ ਵੀ ਕੀਤੀਆਂ ਹਨ। ਇਸ ਮੌਕੇ ਸ਼੍ਰੋਮਣੀ ਕਮੇਟੀ ਮੈਂਬਰ ਭਾਈ ਰਾਮ ਸਿੰਘ, ਮੀਤ ਸਕੱਤਰ ਸ. ਕੁਲਵਿੰਦਰ ਸਿੰਘ ਰਮਦਾਸ, ਸ. ਤੇਜਿੰਦਰ ਸਿੰਘ ਪੱਡਾ, ਓਐਸਡੀ ਡਾ. ਅਮਰੀਕ ਸਿੰਘ ਲਤੀਫਪੁਰ, ਸੁਪ੍ਰਿੰਟੈਂਡੈਂਟ ਸ. ਮਲਕੀਤ ਸਿੰਘ ਬਹਿੜਵਾਲ, ਓਐਸਡੀ ਡਾ. ਸੁਖਬੀਰ ਸਿੰਘ, ਪ੍ਰਿੰ. ਡਾ. ਗੁਰਜੀਤ ਸਿੰਘ, ਡਾ. ਚਰਨਜੀਤ ਸਿੰਘ, ਪ੍ਰੋ. ਹਰਜੀਤ ਕੌਰ, ਪ੍ਰੋ. ਅਜੈਪਾਲ ਸਿੰਘ, ਡਾ. ਗੁਰਬੀਰ ਸਿੰਘ, ਪ੍ਰੋ. ਕਮਲਜੀਤ ਕੌਰ ਆਦਿ ਮੌਜੂਦ ਸਨ।

# ਗੁਰਦੁਆਰਾ ਗਿਆਨ ਗੋਦੜੀ ਸਬੰਧੀ ਉਤਰਾਖੰਡ ਦੇ ਮੁੱਖ ਮੰਤਰੀ ਨੂੰ ਮਿਲੇਗਾ ਸ਼੍ਰੋਮਣੀ ਕਮੇਟੀ ਦਾ ਵਫ਼ਦ -ਬੀਬੀ ਜਗੀਰ ਕੌਰ



ਅੰਮ੍ਰਿਤਸਰ- ਸ੍ਰੀ ਗੁਰੂ ਨਾਨਕ ਦੇਵ ਜੀ ਨਾਲ ਸਬੰਧਤ ਹਰਿ ਕੀ ਪਉੜੀ ਹਰਿਦੁਆਰ ਵਿਖੇ ਇਤਿਹਾਸਕ ਗੁਰਦੁਆਰਾ ਗਿਆਨੀ ਗੋਦੜੀ ਸਾਹਿਬ ਦੀ ਸਥਾਪਨਾ ਨੂੰ ਲੈ ਕੇ ਸ਼੍ਰੋਮਣੀ ਕਮੇਟੀ ਦਾ ਉੱਚ ਪੱਧਰੀ ਵਫ਼ਦ ਜਲਦ ਹੀ ਉਤਰਾਖੰਡ ਦੇ ਮੁੱਖ ਮੰਤਰੀ ਸ੍ਰੀ ਤ੍ਰਿਵੇਂਦਰ ਸਿੰਘ ਰਾਵਤ ਨੂੰ ਮਿਲੇਗਾ। ਇਹ ਪ੍ਰਗਟਾਵਾ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਬੀਬੀ ਜਗੀਰ ਕੌਰ ਨੇ ਗੁਰਦੁਆਰਾ ਸਾਹਿਬ ਨੂੰ ਲੈ ਕੇ ਬਣੀ ਸਬ-ਕਮੇਟੀ ਦੀ ਇਕੱਤਰਤਾ ਮਗਰੋਂ ਕੀਤਾ।

ਬੀਬੀ ਜਗੀਰ ਕੌਰ ਨੇ ਕਿਹਾ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਦੀ ਹਰਿਦੁਆਰ ਫੇਰੀ ਦੀ ਯਾਦ ਵਿਚ ਗੁਰਦੁਆਰਾ ਗਿਆਨ ਗੋਦੜੀ ਸਾਹਿਬ ਨਾਲ ਸੰਗਤਾਂ ਦੀਆਂ ਭਾਵਨਾਵਾਂ ਜੁੜੀਆਂ ਹੋਈਆਂ ਹਨ। ਇਸ ਦੀ ਮੁੜ ਸਥਾਪਨਾ ਲਈ ਸ਼੍ਰੋਮਣੀ ਕਮੇਟੀ ਵੱਲੋਂ ਯਤਨ ਜਾਰੀ ਹਨ। ਇਸ ਤਹਿਤ ਹੀ ਉਤਰਾਖੰਡ ਦੇ ਮੁੱਖ ਮੰਤਰੀ ਨਾਲ ਸ਼੍ਰੋਮਣੀ ਕਮੇਟੀ ਦੇ ਵਫ਼ਦ ਵੱਲੋਂ ਮੁਲਾਕਾਤ ਕੀਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਇਸ ਵਫ਼ਦ ਵਿਚ ਉਹ ਖ਼ੁਦ (ਬੀਬੀ ਜਗੀਰ ਕੌਰ) ਵੀ ਸ਼ਾਮਲ ਹੋਣਗੇ ਅਤੇ ਇਸ ਤੋਂ ਇਲਾਵਾ ਦਿੱਲੀ ਕਮੇਟੀ ਦੇ ਪ੍ਰਧਾਨ ਸਮੇਤ ਸਿੱਖ ਸੰਪ੍ਰਦਾਵਾਂ ਦੇ ਆਗੂ ਵੀ ਇਸ ਦਾ ਹਿੱਸਾ ਹੋਣਗੇ। ਬੀਬੀ ਜਗੀਰ ਕੌਰ ਨੇ ਕਿਹਾ ਕਿ ਮੁੱਖ ਮੰਤਰੀ ਨਾਲ ਗੱਲਬਾਤ ਸਬੰਧੀ ਸਮਾਂ ਲੈਣ ਲਈ ਸ਼੍ਰੋਮਣੀ ਕਮੇਟੀ ਵੱਲੋਂ ਪੱਤਰ ਲਿਖਿਆ ਜਾ ਰਿਹਾ ਹੈ। ਇਸ ਤੋਂ ਇਲਾਵਾ ਸ਼੍ਰੋਮਣੀ ਕਮੇਟੀ ਦੇ ਕਾਂਸ਼ੀਪੁਰ ਤੋਂ ਮੈਂਬਰ ਸ. ਹਰਭਜਨ ਸਿੰਘ ਚੀਮਾ ਨੂੰ ਵੀ ਮੁੱਖ ਮੰਤਰੀ ਤੋਂ ਸਮਾਂ ਪ੍ਰਾਪਤ ਕਰਨ ਲਈ ਕਿਹਾ ਗਿਆ ਹੈ, ਤਾਂ ਜੋ ਅਗਲੀ ਕਾਰਵਾਈ ਜਲਦ ਸੰਭਵ ਹੋ ਸਕੇ।

ਇਕੱਤਰਤਾ ਵਿਚ ਸ਼੍ਰੋਮਣੀ ਕਮੇਟੀ ਦੇ ਸੀਨੀਅਰ ਮੀਤ ਪ੍ਰਧਾਨ ਸ. ਸੁਰਜੀਤ ਸਿੰਘ ਭਿੱਟੇਵਡ, ਉਦਾਸੀ ਸੰਪ੍ਰਦਾ ਵੱਲੋਂ ਬਾਬਾ ਗਿਆਨ ਦੇਵ ਸਿੰਘ, ਬਾਬਾ ਜਗਜੀਤ ਸਿੰਘ ਲੋਪੋਂ ਨਿਰਮਲੇ ਸੰਪ੍ਰਦਾ, ਅੰਤ੍ਰਿੰਗ ਮੈਂਬਰ ਸ. ਸਤਵਿੰਦਰ ਸਿੰਘ ਟੌਹੜਾ, ਮੈਂਬਰ ਸ. ਬਲਦੇਵ ਸਿੰਘ ਚੂੰਘਾਂ, ਦਿੱਲੀ ਕਮੇਟੀ ਦੇ ਪ੍ਰਤੀਨਿਧ ਸ. ਜਤਿੰਦਰਪਾਲ ਸਿੰਘ, ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਦੇ ਸਕੱਤਰ ਸ. ਦਿਲਜੀਤ ਸਿੰਘ ਬੇਦੀ, ਸ਼੍ਰੋਮਣੀ ਕਮੇਟੀ ਦੇ ਵਧੀਕ ਸਕੱਤਰ ਸ. ਸੁਖਦੇਵ ਸਿੰਘ ਭੂਰਾਕੋਹਨਾ, ਸ. ਸੁਖਮਿੰਦਰ ਸਿੰਘ, ਮੀਤ ਸਕੱਤਰ ਸ. ਬਲਵਿੰਦਰ ਸਿੰਘ ਕਾਹਲਵਾਂ, ਓਐਸਡੀ ਡਾ. ਅਮਰੀਕ ਸਿੰਘ ਲਤੀਫਪੁਰ, ਡਾ. ਸੁਖਬੀਰ ਸਿੰਘ, ਸੁਪ੍ਰਿੰਟੈਂਡੈਂਟ ਸ. ਮਲਕੀਤ ਸਿੰਘ ਬਹਿੜਵਾਲ ਆਦਿ ਮੌਜੂਦ ਸਨ।

# ਸ਼੍ਰੋਮਣੀ ਕਮੇਟੀ ਹਾਕੀ, ਬਾਸਕਟਬਾਲ ਤੇ ਅਥਲੈਟਿਕਸ ਲਈ ਲੜਕੀਆਂ ਦੀ ਖੇਡ ਅਕੈਡਮੀ ਤਿਆਰ ਕਰੇਗੀ- ਬੀਬੀ ਜਗੀਰ ਕੌਰ



ਅੰਮ੍ਰਿਤਸਰ- ਸਿੱਖ ਲੜਕੀਆਂ ਨੂੰ ਖੇਡਾਂ ਦੇ ਖੇਤਰ ਵਿਚ ਬਿਹਤਰ ਮੌਕੇ ਮੁਹੱਈਆ ਕਰਵਾਉਣ ਲਈ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸਥਾਪਤ ਕੀਤੇ ਗਏ ਖੇਡ ਡਾਇਰੈਕਟੋਰੇਟ ਦੀ ਪਲੇਠੀ ਇਕੱਤਰਤਾ ਵਿਚ ਹਾਕੀ, ਬਾਸਕਟਬਾਲ ਅਤੇ ਅਥਲੈਟਿਕਸ ਲਈ ਲੜਕੀਆਂ ਦੀ ਖੇਡ ਅਕੈਡਮੀ ਤਿਆਰ ਕਰਨ ਦਾ ਫੈਸਲਾ ਕੀਤਾ ਗਿਆ ਹੈ। ਸ਼੍ਰੋਮਣੀ ਕਮੇਟੀ ਪ੍ਰਧਾਨ ਬੀਬੀ ਜਗੀਰ ਕੌਰ ਇਸ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ 400 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਲੜਕੀਆਂ ਦੀ ਖੇਡ ਅਕੈਡਮੀ ਸਥਾਪਤ ਕੀਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਸ਼੍ਰੋਮਣੀ ਕਮੇਟੀ ਵੱਲੋਂ ਲੜਕਿਆਂ ਲਈ ਹਾਕੀ ਅਕੈਡਮੀਆਂ ਪਹਿਲਾਂ ਤੋਂ ਹੀ ਚੱਲ ਰਹੀਆਂ ਹਨ, ਜਿਨ੍ਹਾਂ ਨੂੰ ਇਸੇ ਸਾਲ ਹਾਕੀ ਇੰਡੀਆ ਵੱਲੋਂ ਮਾਨਤਾ ਮਿਲੀ ਹੈ। ਇਸ ਤੋਂ ਇਲਾਵਾ ਸ਼੍ਰੋਮਣੀ ਕਮੇਟੀ ਦੇ ਸਕੂਲਾਂ/ਕਾਲਜਾਂ ਦੇ ਵਿਦਿਆਰਥੀਆਂ ਦੀਆਂ ਖ਼ਾਲਸਈ ਖੇਡਾਂ ਵੀ ਕਰਵਾਈਆਂ ਜਾਂਦੀਆਂ ਹਨ। ਬੀਬੀ ਜਗੀਰ ਕੌਰ ਨੇ ਦੱਸਿਆ ਕਿ ਲੜਕੀਆਂ ਲਈ ਬਣਾਈ ਜਾ ਰਹੀ ਖੇਡ ਅਕੈਡਮੀ ਵਿਚ ਅੰਡਰ-15 ਅਤੇ ਅੰਡਰ-17 ਅਨੁਸਾਰ ਖਿਡਾਰਨਾਂ ਦੀ ਚੋਣ ਕੀਤੀ ਜਾਵੇਗੀ। ਜਿਹੜੀਆਂ ਲੜਕੀਆਂ ਅਕੈਡਮੀ ਲਈ ਚੁਣੀਆਂ ਜਾਣਗੀਆਂ ਉਨ੍ਹਾਂ ਲਈ ਵਧੀਆਂ ਪੜ੍ਹਾਈ ਦਾ ਵੀ ਪ੍ਰਬੰਧ ਕੀਤਾ ਜਾਵੇਗਾ ਅਤੇ ਖੇਡਾਂ ਦੇ ਸਮਾਨ, ਖਾਣਾ ਅਤੇ ਵਰਦੀਆਂ ਆਦਿ ਸ਼੍ਰੋਮਣੀ ਕਮੇਟੀ ਦੇਵੇਗੀ। ਇਸ ਅਕੈਡਮੀ ਲਈ ਵਧੀਆਂ ਕੋਚ ਲੜਕੀਆਂ ਦਾ ਪ੍ਰਬੰਧ ਕੀਤਾ ਜਾਵੇਗਾ। ਚੋਣ ਵਿਧੀ ਸਬੰਧੀ ਬੀਬੀ ਜਗੀਰ ਕੌਰ ਨੇ ਦੱਸਿਆ ਕਿ ਟ੍ਰਾਇਲ ਦੌਰਾਨ ਚੁਣੀਆਂ ਗਈਆਂ ਖਿਡਾਰਨਾਂ ਦੇ ਖੇਡ ਕੈਂਪ ਲਗਾ ਕੇ ਅੰਤਿਮ ਚੋਣ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਵੱਲੋਂ ਗਠਤ ਕੀਤੇ ਗਏ ਖੇਡ ਡਾਇਰੈਕਟੋਰੇਟ ਦੀ ਡਾਇਰੈਕਟਰ ਸਮੇਤ ਸਾਰੇ ਮੈਂਬਰ ਖੇਡ ਖੇਤਰ ਦੇ ਵੱਡੇ ਨਾਮ ਹਨ, ਜਿਨ੍ਹਾਂ ਦੀ ਸਲਾਹ ਅਤੇ ਨਿਰਦੇਸ਼ਾਂ ਅਨੁਸਾਰ ਕਾਰਜ ਕੀਤੇ ਜਾਣਗੇ। ਇਕੱਤਰਤਾ ਮੌਕੇ ਬੀਬੀ ਜਗੀਰ ਕੌਰ ਤੋਂ ਇਲਾਵਾ ਖੇਡ ਡਾਇਰੈਕਟਰ ਬੀਬੀ ਰਾਜਬੀਰ ਕੌਰ ਅਰਜੁਨਾ ਐਵਾਰਡੀ, ਡਿਪਟੀ ਡਾਇਰੈਕਟਰ ਬੀਬੀ ਸੁਰਜੀਤ ਕੌਰ, ਡਾਇਰੈਕਟੋਰੇਟ ਦੇ ਮੈਂਬਰ ਬੀਬੀ ਹਰਪ੍ਰੀਤ ਕੌਰ ਬਰਨਾਲਾ, ਸ੍ਰੀਮਤੀ ਸੁਮਤੀ ਕੰਵਰ, ਸ੍ਰੀਮਤੀ ਪੂਨਮ ਅਰੋੜਾ, ਬੀਬੀ ਪਰਮਿੰਦਰ ਕੌਰ ਪੰਨੂ ਅਤੇ ਬੀਬੀ ਰਾਜਿੰਦਰ ਕੌਰ, ਮੀਤ ਸਕੱਤਰ ਸ. ਕੁਲਵਿੰਦਰ ਸਿੰਘ ਰਮਦਾਸ, ਸ. ਤੇਜਿੰਦਰ ਸਿੰਘ ਪੱਡਾ, ਓ.ਐਸ.ਡੀ. ਡਾ. ਸੁਖਬੀਰ ਸਿੰਘ, ਸੁਪ੍ਰਿੰਟੈਂਡੈਂਟ ਸ. ਮਲਕੀਤ ਸਿੰਘ ਬਹਿੜਵਾਲ, ਇੰਚਾਰਜ ਸ. ਅਜ਼ਾਦੀਪ ਸਿੰਘ ਹਾਜ਼ਰ ਸਨ।

# ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਯੂਐਨਓ ਦੇ ਸਕੱਤਰ ਜਨਰਲ ਨੂੰ ਲਿਖਿਆ ਪੱਤਰ

## ਬੀਬੀ ਜਗੀਰ ਕੌਰ ਨੇ ਸਾਲ 2021 ਨੂੰ ਕੌਮਾਂਤਰੀ ਮਨੁੱਖੀ ਅਧਿਕਾਰ ਵਰ੍ਹੇ ਵਜੋਂ ਐਲਾਨਣ ਦੀ ਯੂਐਨਓ ਤੋਂ ਕੀਤੀ ਮੰਗ

ਅੰਮ੍ਰਿਤਸਰ-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਬੀਬੀ ਜਗੀਰ ਕੌਰ ਨੇ ਯੂ.ਐਨ.ਓ. ਦੇ ਸਕੱਤਰ ਜਨਰਲ ਨੂੰ ਇੱਕ ਪੱਤਰ ਲਿਖ ਕੇ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ 400 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਹੁੰਦਿਆਂ ਸਾਲ 2021 ਨੂੰ ਕੌਮਾਂਤਰੀ ਮਨੁੱਖੀ ਅਧਿਕਾਰ ਵਰ੍ਹੇ ਵਜੋਂ ਐਲਾਨਣ ਦੀ ਅਪੀਲ ਕੀਤੀ ਹੈ। ਯੂ.ਐਨ.ਓ. ਦੇ ਸਕੱਤਰ ਜਨਰਲ ਉਨਟੋਨੀਓ ਗੁਟਰਸ ਨੂੰ ਲਿਖੇ ਆਪਣੇ ਪੱਤਰ ਵਿਚ ਬੀਬੀ ਜਗੀਰ ਕੌਰ ਨੇ ਕਿਹਾ ਹੈ ਕਿ ਨੌਵੇਂ ਪਾਤਸ਼ਾਹ ਜੀ ਨੇ ਮਾਨਵਤਾ ਦੀ ਖਾਤਰ ਆਪਣੀ ਸ਼ਹਾਦਤ ਦੇ ਕੇ ਦੁਨੀਆਂ ਦੇ ਧਾਰਮਿਕ ਇਤਿਹਾਸ ਅੰਦਰ ਵਿਲੱਖਣ ਪੈੜਾਂ ਸਿਰਜੀਆਂ ਹਨ। ਗੁਰੂ ਸਾਹਿਬ ਦੀ ਸ਼ਹਾਦਤ ਧਾਰਮਿਕ ਅਜ਼ਾਦੀ ਨੂੰ ਜਿੰਦਾ ਰੱਖਣ ਲਈ ਵੱਡੇ ਮਹੱਤਵ ਵਾਲੀ ਹੈ, ਜਿਸ ਨੇ ਪੂਰੀ ਦੁਨੀਆਂ ਨੂੰ ਮਨੁੱਖੀ ਅਧਿਕਾਰਾਂ ਦੀ ਸੁਰੱਖਿਆ ਅਤੇ ਧਾਰਮਿਕ ਅਜ਼ਾਦੀ ਨੂੰ ਯਕੀਨੀ ਬਣਾਈ ਰੱਖਣ ਦੀ ਪ੍ਰੇਰਣਾ ਦਿੱਤੀ। ਉਨ੍ਹਾਂ ਕਿਹਾ ਕਿ ਗੁਰੂ ਸਾਹਿਬ ਨੇ ਮਨੁੱਖੀ ਬਰਾਬਰਤਾ ਤੇ ਭਾਈਚਾਰੇ ਦੀ ਇਕਜੁੱਟਤਾ ਲਈ ਜੋ ਮਾਰਗ ਦਿਖਾਇਆ ਉਹ ਪੂਰੀ ਦੁਨੀਆਂ ਨੂੰ ਅਗਵਾਈ ਦੇਣ ਵਾਲਾ ਹੈ।

ਬੀਬੀ ਜਗੀਰ ਕੌਰ ਨੇ ਕਿਹਾ ਕਿ ਨੌਵੇਂ ਪਾਤਸ਼ਾਹ ਜੀ ਨੇ ਜਰਵਾਣਿਆਂ ਦੇ ਸਤਾਏ ਹੋਏ ਲੋਕਾਂ ਨੂੰ ਗਲ੍ਹ ਨਾਲ ਲਾ ਕੇ ਉਨ੍ਹਾਂ ਅੰਦਰ ਸਵੈਮਾਣ ਦੀ ਭਾਵਨਾ ਪ੍ਰਗਟ ਕੀਤੀ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਯੂ.ਐਨ.ਓ. ਜਨਰਲ ਸਕੱਤਰ ਜਨਰਲ ਨੂੰ ਆਪਣੇ ਪੱਤਰ ਰਾਹੀਂ ਕਿਹਾ ਕਿ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦਾ 400 ਸਾਲਾ ਪ੍ਰਕਾਸ਼ ਪੁਰਬ ਇਸੇ ਸਾਲ ਵਿਚ 1 ਮਈ ਨੂੰ ਆ ਰਿਹਾ ਹੈ, ਜਿਸ ਨੂੰ ਲੈ ਕੇ ਸਾਰਾ ਸਾਲ ਦੇਸ਼ ਦੇ ਨਾਲ-ਨਾਲ ਵਿਦੇਸ਼ਾਂ ਵਿਚ ਵੀ ਸਮਾਗਮ ਕੀਤੇ ਜਾਣਗੇ। ਇਸ ਲਈ ਗੁਰੂ ਸਾਹਿਬ ਦੀ ਮਨੁੱਖਤਾ ਪ੍ਰਤੀ ਵੱਡੀ ਦੇਣ ਨੂੰ ਵੇਖਦਿਆਂ ਉਨ੍ਹਾਂ ਦੇ 400 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਕਰਕੇ ਸਾਲ 2021 ਨੂੰ ਕੌਮਾਂਤਰੀ ਮਨੁੱਖੀ ਅਧਿਕਾਰ ਵਰ੍ਹੇ ਵਜੋਂ ਮਨਾਇਆ ਜਾਵੇ।

# ਸੰਮਤ ਨਾਨਕਸ਼ਾਹੀ 553 ਦੀ ਆਮਦ 'ਤੇ ਗ: ਸ੍ਰੀ ਮੰਜੀ ਸਾਹਿਬ ਵਿਖੇ ਗੁਰਮਤਿ ਸਮਾਗਮ



ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸੰਮਤ ਨਾਨਕਸ਼ਾਹੀ 553 ਦੀ ਆਮਦ 'ਤੇ ਬੀਤੀ ਰਾਤ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਵਿਸ਼ੇਸ਼ ਗੁਰਮਤਿ ਸਮਾਗਮ ਕਰਵਾਇਆ ਗਿਆ। ਸ਼ਾਮ 7 ਵਜੇ ਤੋਂ ਦੇਰ ਰਾਤ ਤੱਕ ਜਾਰੀ ਰਹੇ ਇਸ ਸਮਾਗਮ ਦੌਰਾਨ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੁੱਖ ਗ੍ਰੰਥੀ ਸਿੰਘ ਸਾਹਿਬ ਗਿਆਨੀ ਜਗਤਾਰ ਸਿੰਘ, ਗ੍ਰੰਥੀ ਸਿੰਘ ਸਾਹਿਬ ਗਿਆਨੀ ਮਾਨ ਸਿੰਘ, ਸ਼੍ਰੋਮਣੀ ਕਮੇਟੀ ਦੇ ਸੀਨੀਅਰ ਮੀਤ ਪ੍ਰਧਾਨ ਸ. ਸੁਰਜੀਤ ਸਿੰਘ ਭਿੱਟੇਵੱਡ ਤੇ ਜਨਰਲ ਸਕੱਤਰ ਐਡਵੋਕੇਟ ਭਗਵੰਤ ਸਿੰਘ ਸਿਆਲਕਾ ਨੇ ਗੁਰਮਤਿ ਵਿਚਾਰਾਂ ਸਾਂਝੀਆਂ ਕੀਤੀਆਂ ਅਤੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਸੰਦੀਪ ਸਿੰਘ, ਭਾਈ ਮਨਿੰਦਰ ਸਿੰਘ, ਭਾਈ ਗੁਰਚਰਨ ਸਿੰਘ, ਭਾਈ ਜਸਪਿੰਦਰ ਸਿੰਘ ਅਤੇ ਭਾਈ ਕਮਲਜੀਤ ਸਿੰਘ ਦੇ ਜਥਿਆਂ ਨੇ ਸੰਗਤ ਨੂੰ ਗੁਰਬਾਣੀ ਕੀਰਤਨ ਨਾਲ ਜੋੜਿਆ। ਸਿੰਘ ਸਾਹਿਬ ਗਿਆਨੀ ਜਗਤਾਰ ਸਿੰਘ ਨੇ ਆਪਣੇ ਸੰਬੋਧਨ ਦੌਰਾਨ ਨਵੇਂ ਨਾਨਕਸ਼ਾਹੀ ਵਰ੍ਹੇ ਦੀ ਵਧਾਈ ਦਿੰਦਿਆਂ ਸੰਗਤਾਂ ਨੂੰ ਗੁਰਬਾਣੀ ਦੀ ਵਿਚਾਰਧਾਰਾ ਨਾਲ ਜੁੜਨ ਦੀ ਅਪੀਲ ਕੀਤੀ। ਉਨ੍ਹਾਂ ਸਿੱਖ ਧਰਮ ਦੀਆਂ ਰਵਾਇਤਾਂ ਦੀ ਰੌਸ਼ਨੀ ਵਿਚ ਜੀਵਨ ਜਿਊਣ ਦੀ ਪ੍ਰੇਰਣਾ ਦਿੱਤੀ ਅਤੇ ਬਾਣੀ ਤੇ ਬਾਣੇ ਨਾਲ ਜੁੜਨ ਲਈ ਕਿਹਾ। ਇਸ ਮੌਕੇ ਸੀਨੀਅਰ ਮੀਤ ਪ੍ਰਧਾਨ ਸ. ਸੁਰਜੀਤ ਸਿੰਘ ਭਿੱਟੇਵੱਡ ਨੇ ਕਿਹਾ ਕਿ ਗੁਰਮਤਿ ਦੀ ਨਿਰਮਲ ਨਿਰਾਲੀ ਵਿਚਾਰਧਾਰਾ ਮਨੁੱਖੀ ਜੀਵਨ ਦੀ ਹਰ ਪੱਖ ਤੋਂ ਅਗਵਾਈ ਕਰਦੀ ਹੈ। ਅੱਜ ਦੀਆਂ ਮਨੁੱਖੀ ਸਮੱਸਿਆਵਾਂ ਤੋਂ ਛੁਟਕਾਰਾ ਪਾਉਣ ਲਈ ਗੁਰਬਾਣੀ 'ਤੇ ਅਮਲ ਜ਼ਰੂਰੀ ਹੈ। ਉਨ੍ਹਾਂ ਸ਼੍ਰੋਮਣੀ ਕਮੇਟੀ ਪ੍ਰਧਾਨ ਬੀਬੀ ਜਗੀਰ ਕੌਰ ਵੱਲੋਂ ਸਿੱਖ ਜਗਤ ਨੂੰ ਨਾਨਕਸ਼ਾਹੀ ਵਰ੍ਹੇ ਦੀ ਵਧਾਈ ਦਿੱਤੀ ਅਤੇ ਨੌਵੇਂ ਪਾਤਸ਼ਾਹ ਜੀ ਦੇ ਆ ਰਹੇ 400 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਹੁੰਦਿਆਂ ਗੁਰੂ ਸਾਹਿਬ ਜੀ ਦੇ ਜੀਵਨ ਫਲਸਫੇ ਤੋਂ ਸੇਧ ਲੈਣ ਲਈ ਪ੍ਰੇਰਿਆ।

ਸਮਾਗਮ ਦੌਰਾਨ ਗੁਰਮਤਿ ਸੰਗੀਤ ਅਕੈਡਮੀ ਸ੍ਰੀ ਅਨੰਦਪੁਰ ਸਾਹਿਬ ਦੇ ਡਾਇਰੈਕਟਰ ਪ੍ਰੋ. ਕਰਤਾਰ ਸਿੰਘ ਦੀ ਪੁਸਤਕ 'ਗੁਰੂ ਤੇਗ ਬਹਾਦਰ ਸਾਹਿਬ ਸੰਗੀਤ ਦਰਪਣ' ਵੀ ਜਾਰੀ ਕੀਤੀ ਗਈ। ਇਹ ਪੁਸਤਕ ਨੌਵੇਂ ਪਾਤਸ਼ਾਹ ਦੇ 400 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਹੈ। ਸਮਾਗਮ ਸਮੇਂ ਪ੍ਰਮੁੱਖ ਸ਼ਖ਼ਸੀਅਤਾਂ ਨੂੰ ਸਿੰਘ ਸਾਹਿਬਾਨ ਅਤੇ ਸ਼੍ਰੋਮਣੀ ਕਮੇਟੀ ਦੇ ਅਹੁਦੇਦਾਰਾਂ ਨੇ ਗੁਰੂ ਬਖ਼ਸ਼ਿਸ਼ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ।

ਇਸ ਮੌਕੇ ਸਿੰਘ ਸਾਹਿਬ ਗਿਆਨੀ ਬਲਵਿੰਦਰ ਸਿੰਘ, ਗਿਆਨੀ ਮਲਕੀਤ ਸਿੰਘ ਵਧੀਕ ਹੈੱਡ ਗ੍ਰੰਥੀ ਸ੍ਰੀ ਅਕਾਲ ਤਖ਼ਤ ਸਾਹਿਬ, ਸਿੰਘ ਸਾਹਿਬ ਗਿਆਨੀ ਮੋਹਨ ਸਿੰਘ, ਜਨਰਲ ਸਕੱਤਰ ਐਡਵੋਕੇਟ ਭਗਵੰਤ ਸਿੰਘ ਸਿਆਲਕਾ, ਸਕੱਤਰ ਸ. ਮਹਿੰਦਰ ਸਿੰਘ ਆਹਲੀ, ਸ. ਸੁਖਦੇਵ ਸਿੰਘ ਭੂਰਾਕੋਹਨਾ, ਸ. ਪ੍ਰਤਾਪ ਸਿੰਘ, ਮੀਤ ਸਕੱਤਰ ਸ. ਕੁਲਵਿੰਦਰ ਸਿੰਘ ਰਮਦਾਸ, ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਸ. ਗੁਰਿੰਦਰ ਸਿੰਘ ਮਥਰੇਵਾਲ, ਮੀਤ ਸਕੱਤਰ ਸ. ਸਕੱਤਰ ਸਿੰਘ, ਸ. ਹਰਜੀਤ ਸਿੰਘ ਲਾਲੂਘੁੰਮਣ, ਸ. ਬਲਵਿੰਦਰ ਸਿੰਘ ਕਾਹਲਵਾਂ, ਸ. ਗੁਰਮੀਤ ਸਿੰਘ ਬੁੱਟਰ, ਸ. ਨਿਰਵੈਲ ਸਿੰਘ, ਸੁਪ੍ਰਿੰਟੈਂਡੈਂਟ ਸ. ਮਲਕੀਤ ਸਿੰਘ ਬਹਿੜਵਾਲ, ਮੈਨੇਜਰ ਸ. ਬਘੇਲ ਸਿੰਘ, ਵਧੀਕ ਮੈਨੇਜਰ ਸ. ਨਿਸ਼ਾਨ ਸਿੰਘ ਸਮੇਤ ਸੰਗਤਾਂ ਹਾਜ਼ਰ ਸਨ।

ਸਫ਼ਾ 1 ਦਾ ਬਾਕੀ

**ਸ਼ਤਾਬਦੀ...**

ਇਸ ਤੋਂ ਇਲਾਵਾ ਸ਼ਹੀਦ ਭਾਈ ਲਛਮਣ ਸਿੰਘ ਧਾਰੋਵਾਲੀ ਦੇ ਪਰਿਵਾਰ ਵੱਲੋਂ ਵਿਸ਼ੇਸ਼ ਸ਼ਖ਼ਸੀਅਤਾਂ ਨੂੰ ਸਿਰੋਪਾਓ ਤੇ ਸ੍ਰੀ ਸਾਹਿਬ ਭੇਟ ਕੀਤੇ ਗਏ।

ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਸੀਨੀਅਰ ਮੀਤ ਪ੍ਰਧਾਨ ਸ. ਸੁਰਜੀਤ ਸਿੰਘ ਭਿਟੇਵੱਡ, ਜਨਰਲ ਸਕੱਤਰ ਐਡਵੋਕੇਟ ਭਗਵੰਤ ਸਿੰਘ ਸਿਆਲਕਾ, ਮੁੱਖ ਸਕੱਤਰ ਐਡਵੋਕੇਟ ਹਰਜਿੰਦਰ ਸਿੰਘ ਧਾਮੀ, ਸੀਨੀਅਰ ਅਕਾਲੀ ਆਗੂ ਸ. ਬਲਵਿੰਦਰ ਸਿੰਘ ਭੂੰਦੜ, ਡਾ. ਦਲਜੀਤ ਸਿੰਘ ਚੀਮਾ, ਸ. ਬਿਕਰਮ ਸਿੰਘ ਮਜੀਠੀਆ, ਜਥੇਦਾਰ ਗੁਲਜ਼ਾਰ ਸਿੰਘ ਰਣੀਕੇ, ਸ. ਗੁਰਬਚਨ ਸਿੰਘ ਬੱਬੇਹਾਲੀ, ਸ. ਵੀਰ ਸਿੰਘ ਲੋਪੋਕੇ, ਸ. ਅਮਰਪਾਲ ਸਿੰਘ ਬੋਨੀ, ਸ. ਤਲਬੀਰ ਸਿੰਘ ਗਿੱਲ, ਸ. ਲਖਬੀਰ ਸਿੰਘ ਲੋਧੀਨੰਗਲ, ਬਾਬਾ ਬੁੱਧ ਸਿੰਘ ਨਿੱਕੇਘੁੰਮਣ, ਬਾਬਾ ਅਵਤਾਰ ਸਿੰਘ ਸੁਰਸਿੰਘ, ਦਮਦਮੀ ਟਕਸਾਲ ਵੱਲੋਂ ਬਾਬਾ ਜੀਵਾ ਸਿੰਘ, ਸ. ਸੁਖਵਿੰਦਰ ਸਿੰਘ ਮਲਕਪੁਰ, ਗਿਆਨੀ ਫੂਲਾ ਸਿੰਘ, ਗਿਆਨੀ ਪ੍ਰਣਾਮ ਸਿੰਘ, ਸੰਤ ਤੇਜਾ ਸਿੰਘ ਕਰਨਾਲ, ਬਾਬਾ ਸ਼ਰਨਜੀਤ ਸਿੰਘ ਨਾਨਕਸਰ ਸੀਂਗੜਾ, ਸ. ਸਤਵਿੰਦਰ ਸਿੰਘ ਟੌਹੜਾ, ਸ. ਅਜਮੇਰ ਸਿੰਘ ਖੇੜਾ, ਸ. ਅਲਵਿੰਦਰਪਾਲ ਸਿੰਘ ਪੱਖੋਕੇ, ਭਾਈ ਰਾਜਿੰਦਰ ਸਿੰਘ ਮਹਿਤਾ, ਭਾਈ ਮਨਜੀਤ ਸਿੰਘ ਭੂਰਾਕੋਹਨਾ, ਭਾਈ ਰਾਮ ਸਿੰਘ, ਸ. ਗੁਰਨਾਮ ਸਿੰਘ ਜੱਸਲ, ਸ. ਹਰਪਾਲ ਸਿੰਘ ਜੱਲ੍ਹਾ, ਸ. ਮੰਗਵਿੰਦਰ ਸਿੰਘ ਖਾਪੜਖੇੜੀ, ਸ. ਹਰਜਾਪ ਸਿੰਘ ਸੁਲਤਾਨਵਿੰਡ, ਸ. ਬਲਜੀਤ ਸਿੰਘ ਜਲਾਲਉਸਮਾਂ, ਸ. ਸੁਰਜੀਤ ਸਿੰਘ ਰਾਏਪੁਰ, ਸ. ਅਮਰੀਕ ਸਿੰਘ ਵਿਛੋਆ, ਭਾਈ ਅਜਾਇਬ ਸਿੰਘ ਅਭਿਆਸੀ, ਬੀਬੀ ਜੋਗਿੰਦਰ ਕੌਰ, ਸ. ਸੁਖਵਰਸ਼ ਸਿੰਘ ਪੰਨੂ, ਸ. ਜੋਧ ਸਿੰਘ ਸਮਰਾ, ਸ. ਸੁਰਜੀਤ ਸਿੰਘ ਤੁਗਲਵਾਲ, ਸ. ਕੁਲਵੰਤ ਸਿੰਘ ਮੰਨਣ, ਸ. ਰਣਜੀਤ ਸਿੰਘ ਕਾਹਲੋਂ, ਸ. ਬਿਕਰਮਜੀਤ ਸਿੰਘ ਕੋਟਲਾ, ਸ. ਗੁਰਿੰਦਰ ਸਿੰਘ ਸ਼ਾਮਪੁਰਾ, ਸ. ਰਤਨ ਸਿੰਘ ਜੱਫਰਵਾਲ, ਬਾਬਾ ਸੁਖਵਿੰਦਰ ਸਿੰਘ ਅਗਵਾਨ, ਸ. ਗੁਰਪ੍ਰਤਾਪ ਸਿੰਘ ਟਿੱਕਾ, ਕੈਪਟਨ ਬਲਬੀਰ ਸਿੰਘ, ਸ. ਮਲਕੀਤ ਸਿੰਘ ਏ.ਆਰ., ਸ. ਸੁਖਜਿੰਦਰ ਸਿੰਘ ਸੋਨੂੰ ਲੰਗਾਹ, ਸ. ਪਰਮਵੀਰ ਸਿੰਘ ਲਾਡੀ, ਸ. ਜਸਪ੍ਰੀਤ ਸਿੰਘ ਰਾਣਾ, ਸ. ਬਲਬੀਰ ਸਿੰਘ ਬਿੱਟੂ, ਸ. ਗੁਰਪ੍ਰਤਾਪ ਸਿੰਘ ਹੁਸ਼ਹਾਲਪੁਰ, ਸ. ਇੰਦਰਜੀਤ ਸਿੰਘ ਰੰਧਾਵਾ, ਬੀਬੀ ਪਰਮਜੀਤ ਕੌਰ ਛਾਬੜਾ, ਸ. ਸੁਖਬੀਰ ਸਿੰਘ ਵਾਹਲਾ, ਸ. ਜਸਬੀਰ ਸਿੰਘ ਘੁੰਮਣ, ਸ. ਰਾਜਿੰਦਰ ਸਿੰਘ ਪਦਮ, ਬੀਬੀ ਸ਼ਰਨਜੀਤ ਕੌਰ, ਬੀਬੀ ਬਲਜੀਤ ਕੌਰ, ਸ. ਕੰਵਲਪ੍ਰੀਤ ਸਿੰਘ ਕਾਕੀ, ਸਕੱਤਰ ਸ. ਮਹਿੰਦਰ ਸਿੰਘ ਆਹਲੀ, ਸ. ਸੁਖਦੇਵ ਸਿੰਘ ਭੂਰਾਕੋਹਨਾ, ਸ. ਪ੍ਰਤਾਪ ਸਿੰਘ, ਓਐਸਡੀ ਡਾ. ਅਮਰੀਕ ਸਿੰਘ ਲਤੀਫਪੁਰ, ਡਾ. ਸੁਖਬੀਰ ਸਿੰਘ, ਸ. ਕੁਲਵਿੰਦਰ ਸਿੰਘ ਰਮਦਾਸ ਆਦਿ ਮੌਜੂਦ ਸਨ।

ਮੁੱਖ ਸੰਪਾਦਕ:
ਮਹਿੰਦਰ ਸਿੰਘ ਆਹਲੀ
ਸਹਾਇਕ:
ਜਗਤਾਰ ਸਿੰਘ ਖੋਦੇਬੇਟ
ਪ੍ਰਕਾਸ਼ਕ:
ਸਕੱਤਰ, ਧਰਮ ਪ੍ਰਚਾਰ ਕਮੇਟੀ,
ਸ੍ਰੀ ਅੰਮ੍ਰਿਤਸਰ ਸਾਹਿਬ।
ਛਾਪਕ:
ਗੋਲਡਨ ਆਫਸੈੱਟ ਪ੍ਰੈਸ,
ਗੁਰਦੁਆਰਾ ਰਾਮਸਰ ਸਾਹਿਬ,
ਸ੍ਰੀ ਅੰਮ੍ਰਿਤਸਰ ਸਾਹਿਬ।

## ਸਾਕਾ ਨਨਕਾਣਾ ਸਾਹਿਬ ਦੇ ਸ਼ਹੀਦ ਭਾਈ ਲਛਮਣ ਸਿੰਘ ਧਾਰੋਵਾਲੀ ਦੀ ਤਸਵੀਰ ਕੇਂਦਰੀ ਸਿੱਖ ਅਜਾਇਬ ਘਰ 'ਚ ਸੁਸ਼ੋਭਿਤ



ਅੰਮ੍ਰਿਤਸਰ- ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਅਸਥਾਨ ਗੁਰਦੁਆਰਾ ਸ੍ਰੀ ਨਨਕਾਣਾ ਸਾਹਿਬ ਪਾਕਿਸਤਾਨ ਨੂੰ ਮਹੰਤ ਨਰਾਇਣ ਦਾਸ ਅਤੇ ਉਸ ਦੇ ਗੁੰਡਿਆਂ ਪਾਸੋਂ ਅਜ਼ਾਦ ਕਰਵਾਉਣ ਲਈ 100 ਸਾਲ ਪਹਿਲਾਂ ਵਾਪਰੇ ਸਾਕੇ ਦੌਰਾਨ ਸ਼ਹੀਦ ਹੋਏ ਭਾਈ ਲਛਮਣ ਸਿੰਘ ਧਾਰੋਵਾਲੀ ਦੀ ਤਸਵੀਰ ਕੇਂਦਰੀ ਸਿੱਖ ਅਜਾਇਬ ਘਰ ਵਿਚ ਸੁਸ਼ੋਭਿਤ ਕੀਤੀ ਗਈ। ਤਸਵੀਰ ਤੋਂ ਪਰਦਾ ਹਟਾਉਣ ਦੀ ਰਸਮ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਬੀਬੀ ਜਗੀਰ ਕੌਰ, ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਤੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੁੱਖ ਗ੍ਰੰਥੀ ਸਿੰਘ ਸਾਹਿਬ ਗਿਆਨੀ ਜਗਤਾਰ ਸਿੰਘ ਨੇ ਪ੍ਰਮੁੱਖ ਸ਼ਖ਼ਸੀਅਤਾਂ ਦੀ ਮੌਜੂਦਗੀ ਵਿਚ ਨਿਭਾਈ।

ਇਸ ਮੌਕੇ ਸੰਬੋਧਨ ਕਰਦਿਆਂ ਸ਼੍ਰੋਮਣੀ ਕਮੇਟੀ ਪ੍ਰਧਾਨ ਬੀਬੀ ਜਗੀਰ ਕੌਰ ਨੇ ਕਿਹਾ ਕਿ ਗੁਰਦੁਆਰਾ ਸੁਧਾਰ ਲਹਿਰ ਦੌਰਾਨ ਸ੍ਰੀ ਨਨਕਾਣਾ ਸਾਹਿਬ ਨੂੰ ਕੁਕਰਮੀ ਮਹੰਤਾਂ ਤੋਂ ਅਜ਼ਾਦ ਕਰਵਾਉਣ ਲਈ ਸਿੱਖਾਂ ਦੀਆਂ ਕੁਰਬਾਨੀਆਂ ਮਿਸਾਲੀ ਹਨ, ਜਿਨ੍ਹਾਂ ਵਿਚ ਸ਼ਹੀਦ ਭਾਈ ਲਛਮਣ ਸਿੰਘ ਧਾਰੋਵਾਲੀ ਦਾ ਨਾਂ ਪ੍ਰਮੁੱਖ ਹੈ। ਉਨ੍ਹਾਂ ਕਿਹਾ ਕਿ ਕੌਮ ਦੇ ਸ਼ਹੀਦ ਭਵਿੱਖ ਦੀਆਂ ਪੀੜ੍ਹੀਆਂ ਲਈ ਪ੍ਰੇਰਣਾ ਸਰੋਤ ਹਨ ਅਤੇ ਕੇਂਦਰੀ ਸਿੱਖ ਅਜਾਇਬ ਘਰ ਵਿਚ ਸ਼ਹੀਦ ਭਾਈ ਲਛਮਣ ਸਿੰਘ ਦੀ ਤਸਵੀਰ ਲਗਾਉਣ ਨਾਲ ਇਥੇ ਆਉਣ ਵਾਲੀਆਂ ਸੰਗਤਾਂ ਨੂੰ ਗੁਰਧਾਮਾਂ ਦੀ ਮਾਣ-ਮਰਯਾਦਾ ਲਈ ਕੁਰਬਾਨੀਆਂ ਦੇਣ ਵਾਲੀਆਂ ਸ਼ਖ਼ਸੀਅਤਾਂ ਦੇ ਜਜ਼ਬੇ ਪ੍ਰਤੀ ਜਾਣਕਾਰੀ ਮਿਲੇਗੀ। ਇਸ ਮੌਕੇ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਨੇ ਜਿਥੇ ਸਾਕਾ ਨਨਕਾਣਾ ਸਾਹਿਬ ਦੇ ਸ਼ਹੀਦਾਂ ਨੂੰ ਸ਼ਰਧਾ ਤੇ ਸਤਿਕਾਰ ਭੇਟ ਕੀਤਾ, ਉਥੇ ਹੀ ਭਾਈ ਲਛਮਣ ਸਿੰਘ ਦੀ ਤਸਵੀਰ ਕੇਂਦਰੀ ਸਿੱਖ ਅਜਾਇਬ ਘਰ ਵਿਚ ਲਗਾਉਣ ਦੇ ਫੈਸਲੇ ਲਈ ਸ਼੍ਰੋਮਣੀ ਕਮੇਟੀ ਦੀ ਸ਼ਲਾਘਾ ਕੀਤੀ। ਸਿੰਘ ਸਾਹਿਬ ਗਿਆਨੀ ਜਗਤਾਰ ਸਿੰਘ ਨੇ ਵਿਚਾਰ ਸਾਂਝੇ ਕਰਦਿਆਂ ਕਿਹਾ ਕਿ ਸ੍ਰੀ ਦਰਬਾਰ ਸਾਹਿਬ ਸਮੂਹ ਅੰਦਰ ਸਥਿਤ ਕੇਂਦਰੀ ਸਿੱਖ ਅਜਾਇਬ ਘਰ ਸਿੱਖ ਕੌਮ ਦਾ ਇਤਿਹਾਸ ਸਮੋਈ ਬੈਠਾ ਹੈ, ਜਿਥੋਂ ਸੰਗਤਾਂ ਆਪਣੇ ਇਤਿਹਾਸ ਪ੍ਰਤੀ ਜਾਣਕਾਰੀ ਲੈ ਕੇ ਜਾਂਦੀਆਂ ਹਨ। ਉਨ੍ਹਾਂ ਸ਼ਹੀਦ ਭਾਈ ਲਛਮਣ ਸਿੰਘ ਦੇ ਜੀਵਨ ਤੋਂ ਸੇਧ ਲੈਂਦਿਆਂ ਸਿੱਖੀ ਦੀ ਚੜ੍ਹਦੀ ਕਲਾ ਲਈ ਕਾਰਜਸ਼ੀਲ ਰਹਿਣ ਦੀ ਸੰਗਤ ਨੂੰ ਅਪੀਲ ਕੀਤੀ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਐਡਵੋਕੇਟ ਹਰਜਿੰਦਰ ਸਿੰਘ ਤੇ ਵਧੀਕ ਸਕੱਤਰ ਸ. ਸੁਖਦੇਵ ਸਿੰਘ ਭੂਰਾਕੋਹਨਾ ਨੇ ਵੀ ਵਿਚਾਰ ਸਾਂਝੇ ਕੀਤੇ। ਇਸ ਦੌਰਾਨ ਸ਼ਹੀਦ ਭਾਈ ਲਛਮਣ ਸਿੰਘ ਦੇ ਪਰਿਵਾਰਕ ਮੈਂਬਰ ਨੂੰ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਸਮੇਂ ਸੀਨੀਅਰ ਮੀਤ ਪ੍ਰਧਾਨ ਸ. ਸੁਰਜੀਤ ਸਿੰਘ ਭਿੱਟੇਵਡ, ਜਨਰਲ ਸਕੱਤਰ ਐਵਡੋਕੇਟ ਭਗਵੰਤ ਸਿੰਘ ਸਿਆਲਕਾ ਤੇ ਮੁੱਖ ਸਕੱਤਰ ਐਡਵੋਕੇਟ ਹਰਜਿੰਦਰ ਸਿੰਘ, ਮੈਂਬਰ ਅਜਾਇਬ ਸਿੰਘ ਅਭਿਆਸੀ, ਸ. ਹਰਦੀਪ ਸਿੰਘ ਮੋਹਾਲੀ, ਸ. ਹਰਪਾਲ ਸਿੰਘ ਜੱਲ੍ਹਾ, ਸ. ਸੁਖਦੇਵ ਸਿੰਘ ਭੂਰਾਕੋਹਨਾ, ਸ. ਕੁਲਵਿੰਦਰ ਸਿੰਘ ਰਮਦਾਸ, ਸ. ਬਲਵਿੰਦਰ ਸਿੰਘ ਕਾਹਲਵਾਂ, ਸ. ਹਰਜਿੰਦਰ ਸਿੰਘ ਕੈਰੋਂਵਾਲ, ਮੈਨੇਜਰ ਸ. ਮੁਖਤਾਰ ਸਿੰਘ ਚੀਮਾ, ਸ. ਜਸਬੀਰ ਸਿੰਘ ਘੁੰਮਣ, ਡਾ. ਅਮਰੀਕ ਸਿੰਘ ਲਤੀਫਪੁਰ, ਸ. ਸੁਖਬੀਰ ਸਿੰਘ, ਸ. ਨਿਰਵੈਲ ਸਿੰਘ, ਸ. ਮਲਕੀਤ ਸਿੰਘ ਬਹਿੜਵਾਲ ਅਤੇ ਸ਼ਹੀਦ ਭਾਈ ਲਛਮਣ ਸਿੰਘ ਦੇ ਪਰਿਵਾਰਕ ਮੈਂਬਰਾਂ ਵਿੱਚੋਂ ਸ. ਗੁਰਨਾਮ ਸਿੰਘ, ਸ. ਦੁਰਲੱਭ ਸਿੰਘ, ਜਥੇਦਾਰ ਹਰਦੀਪ ਸਿੰਘ, ਸ. ਹਰਪਾਲ ਸਿੰਘ ਐਸਪੀ, ਸ. ਗੁਰਵਿੰਦਰ ਸਿੰਘ, ਮਾਤਾ ਪ੍ਰਕਾਸ਼ ਕੌਰ, ਬੀਬੀ ਰਾਜਭੁਪਿੰਦਰ ਕੌਰ ਆਦਿ ਮੌਜੂਦ ਸਨ।

## ਸਾਕਾ ਸ੍ਰੀ ਨਨਕਾਣਾ ਸਾਹਿਬ ਦੀ 100 ਸਾਲਾ ਸ਼ਤਾਬਦੀ ਸਮੇਂ ਪਾਕਿਸਤਾਨ ਜਾਣ ਵਾਲੇ ਜਥੇ ਉਪਰ ਭਾਰਤ ਸਰਕਾਰ ਨੇ ਲਗਾਈ ਰੋਕ

### ਪਾਕਿਸਤਾਨ ਜਾਣ ਵਾਲੇ ਜਥੇ 'ਤੇ ਰੋਕ ਲਗਾ ਕੇ ਭਾਰਤ ਸਰਕਾਰ ਨੇ ਕੀਤਾ ਸਿੱਖ ਭਾਵਨਾਵਾਂ ਦਾ ਕਤਲ- ਬੀਬੀ ਜਗੀਰ ਕੌਰ



ਅੰਮ੍ਰਿਤਸਰ- ਗੁਰਦੁਆਰਾ ਸ੍ਰੀ ਨਨਕਾਣਾ ਸਾਹਿਬ ਦੇ ਸ਼ਹੀਦੀ ਸਾਕੇ ਦੀ ਸ਼ਤਾਬਦੀ ਮਨਾਉਣ ਲਈ ਸ਼੍ਰੋਮਣੀ ਕਮੇਟੀ ਵੱਲੋਂ ਪਾਕਿਸਤਾਨ ਭੇਜੇ ਜਾ ਰਹੇ ਜਥੇ 'ਤੇ ਰੋਕ ਲਗਾ ਕੇ ਭਾਰਤ ਸਰਕਾਰ ਨੇ ਸਿੱਖ ਭਾਵਨਾਵਾਂ ਦਾ ਕਤਲ ਕੀਤਾ ਹੈ। ਇਹ ਪ੍ਰਗਟਾਵਾ ਭਾਰਤ ਦੇ ਗ੍ਰਹਿ ਮੰਤਰਾਲੇ ਵੱਲੋਂ ਪੁੱਜੇ ਪੱਤਰ ਮਗਰੋਂ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਬੀਬੀ ਜਗੀਰ ਕੌਰ ਨੇ ਦੇਰ ਸ਼ਾਮ ਸੱਦੀ ਪ੍ਰੈੱਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਕੀਤਾ। ਬੀਬੀ ਜਗੀਰ ਕੌਰ ਨੇ ਕਿਹਾ ਕਿ ਸਾਰੀਆਂ ਤਿਆਰੀਆਂ ਮੁਕੰਮਲ ਹੋਣ 'ਤੇ ਆਖ਼ਰੀ ਮੌਕੇ ਜਥੇ 'ਤੇ ਰੋਕ ਲਗਾਉਣੀ ਭਾਰਤ ਸਰਕਾਰ ਦੀ ਸਿੱਖ ਵਿਰੋਧੀ ਮਾਨਸਿਕਤਾ ਦਾ ਸਬੂਤ ਹੈ। ਉਨ੍ਹਾਂ ਕਿਹਾ ਕਿ ਅੱਜ ਬਾਅਦ ਦੁਪਹਿਰ ਭਾਰਤ ਸਰਕਾਰ ਦੇ ਗ੍ਰਹਿ ਮੰਤਰਾਲੇ ਵੱਲੋਂ ਭੇਜੇ ਪੱਤਰ ਰਾਹੀਂ ਕਿਹਾ ਗਿਆ ਹੈ ਕਿ ਪਾਕਿਸਤਾਨ ਵਿਖੇ ਸ਼ਰਧਾਲੂਆਂ ਦੀ ਸਕਿਉਟਰੀ ਅਤੇ ਸੁਰੱਖਿਆ ਦਾ ਮਸਲਾ ਹੈ ਅਤੇ ਮਾਰਚ 2020 ਤੋਂ ਕੋਵਿਡ-19 ਦੇ ਚੱਲਦਿਆਂ ਭਾਰਤ ਪਾਕਿਸਤਾਨ ਕੌਮਾਂਤਰੀ ਸਰਹੱਦ ਵੀ ਮੁਅੱਤਲ ਚੱਲ ਰਹੀ ਹੈ। ਬੀਬੀ ਜਗੀਰ ਕੌਰ ਨੇ ਕਿਹਾ ਕਿ ਇਹ ਤਰਕ ਕਿਸੇ ਵੀ ਤਰ੍ਹਾਂ ਜਾਇਜ਼ ਨਹੀਂ ਹੈ, ਕਿਉਂਕਿ ਲੰਘੇ ਨਵੰਬਰ ਮਹੀਨੇ ਵਿਚ ਸਿੱਖ ਸ਼ਰਧਾਲੂਆਂ ਦਾ ਜਥਾ ਪਾਕਿਸਤਾਨ ਸਥਿਤ ਗੁਰਧਾਮਾਂ ਦੀ ਯਾਤਰਾ ਕਰਕੇ ਆਇਆ ਹੈ। ਜੇਕਰ ਉਸ ਵਕਤ ਕੋਈ ਖਤਰਾ ਨਹੀਂ ਸੀ ਤਾਂ ਹੁਣ ਖਤਰਾ ਕਿਵੇਂ ਪੈਦਾ ਹੋ ਗਿਆ। ਬੀਬੀ ਜਗੀਰ ਕੌਰ ਨੇ ਕਿਹਾ ਕਿ ਜੇਕਰ ਕੋਈ ਅਜਿਹੀ ਗੱਲ ਸੀ ਤਾਂ ਚੱਲ ਰਹੀ ਪ੍ਰਕਿਰਿਆ ਦੌਰਾਨ ਭਾਰਤ ਸਰਕਾਰ ਨੇ ਪਹਿਲਾਂ ਸਪੱਸ਼ਟ ਕਿਉਂ ਨਾ ਕੀਤਾ। ਉਨ੍ਹਾਂ ਇਹ ਵੀ ਕਿਹਾ ਕਿ ਹਰ ਸ਼ਰਧਾਲੂ ਦੀ ਭਾਰਤ ਅਤੇ ਸੂਬਾ ਸਰਕਾਰ ਦੀਆਂ ਏਜੰਸੀਆਂ ਵੱਲੋਂ ਜਾਂਚ ਰਿਪੋਰਟ ਮਗਰੋਂ ਹੀ ਪਾਕਿਸਤਾਨ ਦੂਤਾਵਾਸ ਵੱਲੋਂ ਵੀਜ਼ੇ ਜਾਰੀ ਹੋਏ ਹਨ। ਉਨ੍ਹਾਂ ਕਿਹਾ ਕਿ ਹੁਣ ਜਦੋਂ ਤਿਆਰੀਆਂ ਮੁਕੰਮਲ ਹਨ ਅਤੇ ਸ਼ਰਧਾਲੂਆਂ ਨੂੰ ਪਾਸਪੋਰਟ ਵੀ ਵੰਡ ਦਿੱਤੇ ਗਏ ਹਨ ਤਾਂ ਜਥੇ 'ਤੇ ਰੋਕ ਲਗਾਉਣੀ ਹੈਰਾਨੀਜਨਕ ਹੈ। ਬੀਬੀ ਜਗੀਰ ਕੌਰ ਨੇ ਕਿਹਾ ਕਿ ਪਾਕਿਸਤਾਨ ਵਿਖੇ ਸ਼ਤਾਬਦੀ ਮਨਾਉਣ ਲਈ ਸ਼੍ਰੋਮਣੀ ਕਮੇਟੀ ਵੱਲੋਂ ਆਪਣੇ ਤੌਰ 'ਤੇ ਸਾਰੇ ਪ੍ਰਬੰਧ ਕਰ ਲਏ ਗਏ ਸਨ। ਕੌਮਾਂਤਰੀ ਸਰਹੱਦ ਤੋਂ ਸ੍ਰੀ ਨਨਕਾਣਾ ਸਾਹਿਬ ਤੱਕ ਅਤੇ ਹੋਰ ਗੁਰਦੁਆਰਾ ਸਾਹਿਬਾਨ ਦੇ ਸ਼ਰਧਾਲੂਆਂ ਨੂੰ ਦਰਸ਼ਨ ਕਰਵਾਉਣ ਲਈ ਸ਼੍ਰੋਮਣੀ ਕਮੇਟੀ ਬੱਸਾਂ ਦਾ ਵੀ ਪ੍ਰਬੰਧ ਕੀਤਾ ਸੀ। ਇਸ ਤੋਂ ਇਲਾਵਾ ਧਾਰਮਿਕ ਸਮਾਗਮਾਂ ਦੇ ਨਾਲ-ਨਾਲ ਲੰਗਰ ਅਤੇ ਹੋਰ ਪ੍ਰਬੰਧ ਵੀ ਕੀਤੇ ਗਏ ਸਨ। ਬੀਬੀ ਜਗੀਰ ਕੌਰ ਨੇ ਕਿਹਾ ਕਿ ਸਿੱਖ ਧਰਮ ਇਤਿਹਾਸ ਅੰਦਰ ਗੁਰਦੁਆਰਾ ਸੁਧਾਰ ਲਹਿਰ ਤਹਿਤ ਵਾਪਰੇ ਸਾਕੇ ਦੀ ਇਤਿਹਾਸਕ ਸ਼ਤਾਬਦੀ ਮੌਕੇ ਸ਼ਰਧਾਲੂਆਂ ਨੂੰ ਰੋਕਣਾ ਸਿੱਖ ਵਿਰੋਧੀ ਫੈਸਲਾ ਹੈ, ਜਿਸ ਨਾਲ ਸਮੁੱਚੀਆਂ ਸੰਗਤਾਂ ਦੀਆਂ ਭਾਵਨਾਵਾਂ ਨੂੰ ਭਾਰੀ ਠੇਸ ਪੁੱਜੀ ਹੈ। ਇਸ ਮੌਕੇ ਅੰਤ੍ਰਿੰਗ ਕਮੇਟੀ ਮੈਂਬਰ ਸ. ਸਤਵਿੰਦਰ ਸਿੰਘ ਟੌਹੜਾ, ਸ. ਭੁਪਿੰਦਰ ਸਿੰਘ ਭਲਵਾਨ, ਮੈਂਬਰ ਸ. ਗੁਰਮੀਤ ਸਿੰਘ ਬੂਹ, ਮੀਤ ਸਕੱਤਰ ਸ. ਕੁਲਵਿੰਦਰ ਸਿੰਘ ਰਮਦਾਸ, ਸ. ਤੇਜਿੰਦਰ ਸਿੰਘ ਪੱਡਾ, ਮੈਨੇਜਰ ਸ. ਮੁਖਤਾਰ ਸਿੰਘ, ਯੂਥ ਅਕਾਲੀ ਆਗੂ ਯੁਵਰਾਜ ਭੁਪਿੰਦਰ ਸਿੰਘ, ਓਐਸਡੀ ਡਾ. ਅਮਰੀਕ ਸਿੰਘ ਲਤੀਫਪੁਰ, ਡਾ. ਸੁਖਬੀਰ ਸਿੰਘ, ਸੁਪ੍ਰਿੰਟੈਂਡੈਂਟ ਸ. ਮਲਕੀਤ ਸਿੰਘ ਬਹਿੜਵਾਲ, ਘੱਟ ਗਿਣਤੀ ਕਮਿਸ਼ਨ ਗੁਜਰਾਤ ਦੇ ਡਾਇਰੈਕਟਰ ਬੀਬੀ ਪਰਮਜੀਤ ਕੌਰ ਛਾਬੜਾ ਅਤੇ ਹੋਰ ਮੌਜੂਦ ਸਨ।

## ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਬੀਬੀ ਭਾਨੀ ਜੀ ਦਾ ਜਨਮ ਦਿਹਾੜਾ ਮਨਾਇਆ



ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸਿੱਖ ਪੰਥ ਦੀ ਮਹਾਨ ਸ਼ਖਸੀਅਤ ਚੌਥੇ ਪਾਤਸ਼ਾਹ ਸ੍ਰੀ ਗੁਰੂ ਰਾਮਦਾਸ ਜੀ ਦੇ ਮਹਿਲ ਬੀਬੀ ਭਾਨੀ ਜੀ ਦਾ ਜਨਮ ਦਿਹਾੜਾ ਸ੍ਰੀ ਦਰਬਾਰ ਸਾਹਿਬ ਨਾਲ ਸਬੰਧਤ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਇਸ ਮੌਕੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਗੁਰਦੇਵ ਸਿੰਘ ਦੇ ਜਥੇ ਵੱਲੋਂ ਗੁਰਬਾਣੀ ਕੀਰਤਨ ਕੀਤਾ ਗਿਆ ਅਤੇ ਅਰਦਾਸ ਭਾਈ ਪ੍ਰੇਮ ਸਿੰਘ ਨੇ ਕੀਤੀ। ਇਸ ਮੌਕੇ ਕਥਾ ਵਾਚਕ ਭਾਈ ਹਰਮਿਤਰ ਸਿੰਘ ਨੇ ਸੰਗਤ ਨੂੰ ਬੀਬੀ ਭਾਨੀ ਜੀ ਦੇ ਜੀਵਨ ਤੋਂ ਜਾਣੂ ਕਰਵਾਉਂਦਿਆਂ ਉਨ੍ਹਾਂ ਦੇ ਜੀਵਨ ਤੋਂ ਸੇਧ ਲੈਣ ਦੀ ਪ੍ਰੇਰਨਾ ਕੀਤੀ। ਉਨ੍ਹਾਂ ਕਿਹਾ ਕਿ ਬੀਬੀ ਭਾਨੀ ਜੀ ਦਾ ਸਾਰਾ ਜੀਵਨ ਗੁਰੂ ਸਾਹਿਬ ਦੀਆਂ ਸਿੱਖਿਆਵਾਂ ਨੂੰ ਸਮਰਪਿਤ ਸੀ। ਉਨ੍ਹਾਂ ਦਾ ਜੀਵਨ ਸੇਵਾ, ਸਿਮਰਨ, ਸੰਜਮ ਆਦਿ ਗੁਣਾਂ ਨਾਲ ਭਰਪੂਰ ਸੀ। ਭਾਈ ਹਰਮਿਤਰ ਸਿੰਘ ਨੇ ਸਿੱਖ ਬੀਬੀਆਂ ਨੂੰ ਬੀਬੀ ਭਾਨੀ ਜੀ ਦੇ ਜੀਵਨ ਸੇਧਾਂ ਅਨੁਸਾਰ ਆਪਣੇ ਬੱਚਿਆਂ ਨੂੰ ਗੁਰਸਿੱਖੀ ਨਾਲ ਜੋੜਨ ਲਈ ਯਤਨਸ਼ੀਲ ਰਹਿਣ ਦੀ ਅਪੀਲ ਕੀਤੀ।

ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਐਡਵੋਕੇਟ ਹਰਜਿੰਦਰ ਸਿੰਘ, ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਸ. ਮੁਖਤਾਰ ਸਿੰਘ, ਓ.ਐਸ.ਡੀ. ਸ. ਸਤਬੀਰ ਸਿੰਘ ਧਾਮੀ, ਮੀਤ ਸਕੱਤਰ ਸ. ਸੁਖਬੀਰ ਸਿੰਘ, ਸ. ਨਿਰਵੈਲ ਸਿੰਘ, ਮੈਨੇਜਰ ਸ. ਬਘੇਲ ਸਿੰਘ, ਸ. ਨਰਿੰਦਰ ਸਿੰਘ, ਸ. ਨਿਸ਼ਾਨ ਸਿੰਘ, ਸ. ਲਖਬੀਰ ਸਿੰਘ, ਸ. ਮਨਜੀਤ ਸਿੰਘ ਇੰਚਾਰਜ, ਸ. ਕਾਰਜ ਸਿੰਘ ਸਮੇਤ ਸ਼੍ਰੋਮਣੀ ਕਮੇਟੀ, ਧਰਮ ਪ੍ਰਚਾਰ ਕਮੇਟੀ ਅਤੇ ਸ੍ਰੀ ਦਰਬਾਰ ਸਾਹਿਬ ਦਾ ਸਟਾਫ ਹਾਜ਼ਰ ਸੀ।

## ਸਿੱਖਾਂ ਨੇ ਦੇਸ਼ ਦੀ ਅਜ਼ਾਦੀ ਦਾ ਮੁੱਢ ਬੰਨ੍ਹਿਆ, ਪਰ ਭਾਰਤ ਸਰਕਾਰ ਕਰ ਰਹੀ ਹੈ ਵਿਤਕਰਾ- ਬੀਬੀ ਜਗੀਰ ਕੌਰ

### ਪ੍ਰਧਾਨ ਮੰਤਰੀ ਨੂੰ ਸਿੱਖਾਂ ਦਾ ਯੋਗਦਾਨ ਯਾਦ ਕਰਵਾਉਣ ਲਈ ਬੀਬੀ ਜਗੀਰ ਕੌਰ ਨੇ ਭੇਜੀਆਂ ਇਤਿਹਾਸ ਦੀਆਂ ਕਿਤਾਬਾਂ



ਅੰਮ੍ਰਿਤਸਰ- ਸਾਕਾ ਸ੍ਰੀ ਨਨਕਾਣਾ ਸਾਹਿਬ ਦੀ ਪਹਿਲੀ ਸ਼ਤਾਬਦੀ ਮੌਕੇ ਪਾਕਿਸਤਾਨ ਜਾਣ ਵਾਲੇ ਸ਼ਰਧਾਲੂਆਂ ਨੂੰ ਰੋਕੇ ਜਾਣ ਮਗਰੋਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਬੀਬੀ ਜਗੀਰ ਕੌਰ ਨੇ ਦੇਸ਼ ਦੇ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਅਤੇ ਗ੍ਰਹਿ ਮੰਤਰੀ ਸ੍ਰੀ ਅਮਿਤ ਸ਼ਾਹ ਨੂੰ ਦੁਬਾਰਾ ਪੱਤਰ ਲਿਖ ਕੇ ਸਿੱਖ ਕੌਮ ਦੇ ਕੁਰਬਾਨੀਆਂ ਭਰੇ ਇਤਿਹਾਸ ਨਾਲ ਸਬੰਧਤ ਕਿਤਾਬਾਂ ਦਾ ਸੈੱਟ ਭੇਜਿਆ ਹੈ।

ਬੀਬੀ ਜਗੀਰ ਕੌਰ ਨੇ ਆਪਣੇ ਪੱਤਰ ਵਿਚ ਲਿਖਿਆ ਹੈ ਕਿ ਸਿੱਖਾਂ ਨੇ ਕੁਰਬਾਨੀਆਂ ਦੁਆਰਾ ਦੇਸ਼ ਦੀ ਅਜ਼ਾਦੀ ਦੀ ਨੀਂਹ ਰੱਖੀ, ਪਰ ਭਾਰਤ ਸਰਕਾਰ ਸਿੱਖਾਂ ਨਾਲ ਵਿਤਕਰਾ ਕਰ ਰਹੀ ਹੈ। ਸ਼੍ਰੋਮਣੀ ਕਮੇਟੀ ਦਫ਼ਤਰ ਵਿਖੇ ਪ੍ਰੈੱਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਬੀਬੀ ਜਗੀਰ ਕੌਰ ਨੇ ਕਿਹਾ ਕਿ ਸ੍ਰੀ ਨਨਕਾਣਾ ਸਾਹਿਬ ਦੇ ਸਾਕੇ ਦੇ ਸ਼ਤਾਬਦੀ ਸਮਾਗਮਾਂ ਵਿਚ ਸੰਗਤ ਦੀ ਸ਼ਮੂਲੀਅਤ ਨੂੰ ਭਾਰਤ ਸਰਕਾਰ ਵੱਲੋਂ ਰੋਕਣ ਕਾਰਨ ਸਿੱਖ ਜਗਤ ਅੰਦਰ ਭਾਰੀ ਰੋਸ ਹੈ। ਉਨ੍ਹਾਂ ਕਿਹਾ ਕਿ ਜ਼ਲ੍ਹਿਆਂਵਾਲਾ ਬਾਗ ਦੇ ਖ਼ੂਨੀ ਸਾਕੇ ਮਗਰੋਂ ਸ੍ਰੀ ਨਨਕਾਣਾ ਸਾਹਿਬ ਦੇ ਸਾਕੇ ਨੇ ਪੂਰੀ ਦੁਨੀਆਂ ਦੇ ਲੋਕਾਂ ਨੂੰ ਝੰਜੋੜਿਆ ਸੀ। ਇਸ ਸਾਕੇ ਨੇ ਦੇਸ਼ ਦੀ ਅਜ਼ਾਦੀ ਦਾ ਮੁੱਢ ਬੰਨ੍ਹਿਆ ਸੀ, ਜਿਸ ਮਗਰੋਂ ਮਹਾਤਮਾਂ ਗਾਂਧੀ ਨੂੰ ਵੀ ਕਹਿਣਾ ਪਿਆ ਸੀ ਕਿ ਦੇਸ਼ ਦੀ ਅਜ਼ਾਦੀ ਦੀ ਅੱਧੀ ਲੜਾਈ ਜਿੱਤੀ ਗਈ ਹੈ। ਉਨ੍ਹਾਂ ਕਿਹਾ ਕਿ ਸਿੱਖਾਂ ਦਾ ਇਹ ਇਤਿਹਾਸ ਅੱਖੋਂ ਓਹਲੇ ਕਰਕੇ ਭਾਰਤ ਸਰਕਾਰ ਨੇ ਸਾਕੇ ਦੀ ਸ਼ਤਾਬਦੀ ਮਨਾਉਣ ਲਈ ਜਾ ਰਹੇ ਜਥੇ ਨੂੰ ਰੋਕਿਆ ਹੈ। ਕੇਂਦਰ ਸਰਕਾਰ ਦੀ ਇਹ ਕਾਰਵਾਈ ਦੇਸ਼ ਭਗਤ ਸਿੱਖ ਸ਼ਹੀਦਾਂ ਦਾ ਵੀ ਅਪਮਾਨ ਹੈ।

ਬੀਬੀ ਜਗੀਰ ਕੌਰ ਨੇ ਦੱਸਿਆ ਕਿ ਦੇਸ਼ ਦੀ ਅਜ਼ਾਦੀ ਦਾ ਅਧਾਰ ਬਣੇ ਸਿੱਖਾਂ ਦੇ ਇਸ ਕੁਰਬਾਨੀਆਂ ਭਰੇ ਸਾਕਿਆਂ ਨੂੰ ਦਰਸਾਉਂਦੇ ਇਤਿਹਾਸ ਨਾਲ ਸਬੰਧਤ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਅਤੇ ਗ੍ਰਹਿ ਮੰਤਰੀ ਸ੍ਰੀ ਅਮਿਤ ਸ਼ਾਹ ਨੂੰ ਕਿਤਾਬਾਂ ਭੇਜੀਆਂ ਜਾ ਰਹੀਆਂ ਹਨ। ਉਨ੍ਹਾਂ ਦੱਸਿਆ ਕਿ ਇਨ੍ਹਾਂ ਕਿਤਾਬਾਂ ਦੇ ਨਾਲ ਦੋਹਾਂ ਆਗੂਆਂ ਨੂੰ ਸਾਕੇ ਦੀ ਇਤਿਹਾਸਕਤਾ ਤੋਂ ਜਾਣੂ ਕਰਵਾਉਂਦੇ ਪੱਤਰ ਵੀ ਭੇਜੇ ਜਾ ਰਹੇ ਹਨ। ਇਹ ਪੱਤਰ ਅਤੇ ਕਿਤਾਬਾਂ ਦੇ ਸੈੱਟ ਲੈ ਕੇ ਸ਼੍ਰੋਮਣੀ ਕਮੇਟੀ ਦੇ ਮੀਤ ਸਕੱਤਰ ਪੱਧਰ ਦੇ ਅਧਿਕਾਰੀ ਜਾਣਗੇ। ਉਨ੍ਹਾਂ ਕਿਹਾ ਕਿ ਇਹ ਇਤਿਹਾਸਕ ਕਿਤਾਬਾਂ ਭੇਜਣ ਦਾ ਮੰਤਵ ਪ੍ਰਧਾਨ ਮੰਤਰੀ ਅਤੇ ਗ੍ਰਹਿ ਮੰਤਰੀ ਨੂੰ ਇਸ ਗੱਲ ਦਾ ਅਹਿਸਾਸ ਕਰਵਾਉਣਾ ਹੈ ਕਿ ਸਾਕਾ ਸ੍ਰੀ ਨਨਕਾਣਾ ਸਾਹਿਬ ਦੀ ਸ਼ਤਾਬਦੀ ਮੌਕੇ ਪਾਕਿਸਤਾਨ ਵਿਖੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਅਸਥਾਨ 'ਤੇ ਹੋ ਰਹੇ ਸਮਾਗਮਾਂ ਵਿਚ ਸੰਗਤਾਂ ਦੀ ਸ਼ਮੂਲੀਅਤ ਕਿਉਂ ਜ਼ਰੂਰੀ ਹੈ। ਬੀਬੀ ਜਗੀਰ ਕੌਰ ਨੇ ਕਿਹਾ ਕਿ ਭਾਰਤ ਸਰਕਾਰ ਨੂੰ ਅਜੇ ਵੀ ਸਿੱਖਾਂ ਦੀਆਂ ਭਾਵਨਾਵਾਂ ਨੂੰ ਸਮਝ ਕੇ 21 ਫ਼ਰਵਰੀ ਵਾਲੇ ਸਮਾਗਮ ਦਾ ਹਿੱਸਾ ਬਣਨ ਲਈ ਸੰਗਤ ਨੂੰ ਇਜਾਜ਼ਤ ਦੇਣੀ ਚਾਹੀਦੀ ਹੈ। ਇਸ ਮੌਕੇ ਸ਼੍ਰੋਮਣੀ ਕਮੇਟੀ ਮੈਂਬਰ ਭਾਈ ਰਾਮ ਸਿੰਘ, ਵਧੀਕ ਸਕੱਤਰ ਸ. ਸੁਖਦੇਵ ਸਿੰਘ ਭੂਰਾਕੋਹਨਾ, ਓਐਸਡੀ ਡਾ. ਅਮਰੀਕ ਸਿੰਘ, ਡਾ. ਸੁਖਬੀਰ ਸਿੰਘ, ਸੁਪ੍ਰਿੰਟੈਂਡੈਂਟ ਸ. ਮਲਕੀਤ ਸਿੰਘ ਬਹਿੜਵਾਲ, ਇੰਚਾਰਜ ਸ. ਗੁਰਮੀਤ ਸਿੰਘ ਮੁਕਤਸਰੀ ਅਤੇ ਹੋਰ ਮੌਜੂਦ ਸਨ।

## ਸ਼੍ਰੋਮਣੀ ਕਮੇਟੀ ਵੱਲੋਂ ਕਿਸਾਨ ਅਜੈਬ ਸਿੰਘ ਦੇ ਪਰਿਵਾਰ ਨੂੰ ਇਕ ਲੱਖ ਰੁਪਏ ਦੀ ਸਹਾਇਤਾ ਰਾਸ਼ੀ ਦਾ ਚੈਕ ਭੇਂਟ



ਰਾਜਪੁਰਾ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਬੀਬੀ ਜਗੀਰ ਕੌਰ ਵੱਲੋਂ ਜਾਰੀ ਦਿਸ਼ਾ ਨਿਰਦੇਸ਼ਾਂ ਅਨੁਸਾਰ ਜਿਥੇ ਖੇਤੀ ਨਾਲ ਸਬੰਧਤ ਕਾਲੇ ਕਾਨੂੰਨਾਂ ਨੂੰ ਰੱਦ ਕਰਵਾਉਣ ਲਈ ਦਿੱਲੀ ਦੇ ਵੱਖ-ਵੱਖ ਬਾਰਡਰਾਂ 'ਤੇ ਧਰਨੇ 'ਚ ਬੈਠੇ ਕਿਸਾਨ ਭਰਾਵਾਂ ਤੱਕ ਹਰ ਸੰਭਵ ਸਹਾਇਤਾ ਪਹੁੰਚਾਈ ਜਾ ਰਹੀ ਹੈ, ਉਥੇ ਸ਼੍ਰੋਮਣੀ ਕਮੇਟੀ ਦੇ ਐਲਾਨ ਅਨੁਸਾਰ ਇਸ ਦੌਰਾਨ ਅਕਾਲ ਚਲਾਣਾ ਕਰ ਗਏ ਕਿਸਾਨਾਂ ਦੇ ਪਰਿਵਾਰਾਂ ਨੂੰ ਆਰਥਿਕ ਸਹਾਇਤਾ ਵੀ ਦਿੱਤੀ ਜਾ ਰਹੀ ਹੈ। ਇਸੇ ਤਹਿਤ ਰਾਜਪੁਰਾ ਦੇ ਪਿੰਡ ਮਿਰਜ਼ਾਪੁਰ ਦੇ ਸ਼ਹੀਦ ਕਿਸਾਨ ਅਜੈਬ ਸਿੰਘ ਦੇ ਪਰਿਵਾਰਕ ਮੈਂਬਰਾਂ ਨੂੰ ਸ਼੍ਰੋਮਣੀ ਕਮੇਟੀ ਵੱਲੋਂ ਭੇਜੀ ਗਈ ਸਹਾਇਤਾ ਰਾਸ਼ੀ ਮੁਹੱਈਆ ਕਰਵਾਈ ਗਈ। ਸ਼੍ਰੋਮਣੀ ਕਮੇਟੀ ਮੈਂਬਰ ਸ. ਸੁਰਜੀਤ ਸਿੰਘ ਗੜ੍ਹੀ ਨੇ ਸ਼੍ਰੋਮਣੀ ਕਮੇਟੀ ਵੱਲੋਂ ਭੇਜਿਆ ਇਕ ਲੱਖ ਰੁਪਏ ਦੀ ਸਹਾਇਤਾ ਰਾਸ਼ੀ ਦਾ ਚੈਕ ਕਿਸਾਨ ਅਜੈਬ ਸਿੰਘ ਦੇ ਪਰਿਵਾਰਕ ਮੈਂਬਰਾਂ ਨੂੰ ਭੇਂਟ ਕੀਤਾ।

ਜ਼ਿਕਰਯੋਗ ਹੈ ਕਿ ਕਿਸਾਨ ਅਜੈਬ ਸਿੰਘ ਦੀ ਦਿੱਲੀ ਧਰਨੇ ਦੌਰਾਨ ਮੌਤ ਹੋ ਗਈ ਸੀ। ਇਸ ਮੌਕੇ ਹੋਰਨਾਂ ਤੋਂ ਇਲਾਵਾ ਪਿੰਡ ਦੇ ਸਰਪੰਚ ਸ. ਨਰਿੰਦਜੀਤ ਸਿੰਘ, ਸ. ਹਰਵਿੰਦਰ ਸਿੰਘ, ਸ. ਦਲੇਰ ਸਿੰਘ ਪੰਚ, ਨੰਬਰਦਾਰ ਸ. ਰਾਮ ਸਿੰਘ, ਸ. ਦਵਿੰਦਰ ਸਿੰਘ, ਸ. ਕੁਲਵੰਤ ਸਿੰਘ, ਸ. ਕਰਮਜੀਤ ਸਿੰਘ ਤੋਂ ਇਲਾਵਾ ਇੰਸਪੈਕਟਰ ਸ. ਰਜੀਤ ਸਿੰਘ ਕੋਲੀ, ਸ. ਜਗਜੀਤ ਸਿੰਘ ਬੰਟੀ ਵੀ ਮੌਜੂਦ ਸਨ।

## ਜਥੇ 'ਤੇ ਰੋਕ ਨੂੰ ਲੈ ਕੇ ਬੀਬੀ ਜਗੀਰ ਕੌਰ ਨੇ ਪ੍ਰਧਾਨ ਮੰਤਰੀ ਤੇ ਗ੍ਰਹਿ ਮੰਤਰੀ ਨੂੰ ਲਿਖਿਆ ਪੱਤਰ

ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਬੀਬੀ ਜਗੀਰ ਕੌਰ ਨੇ ਸਾਕਾ ਸ੍ਰੀ ਨਨਕਾਣਾ ਸਾਹਿਬ ਦੇ ਸੌ ਸਾਲਾ ਦਿਹਾੜੇ ਸਬੰਧੀ ਪਾਕਿਸਤਾਨ ਵਿਖੇ ਹੋ ਰਹੇ ਸਮਾਗਮਾਂ 'ਚ ਸ਼ਮੂਲੀਅਤ ਲਈ ਜਾਣ ਵਾਲੇ ਜਥੇ 'ਤੇ ਭਾਰਤ ਸਰਕਾਰ ਵੱਲੋਂ ਰੋਕ ਲਗਾਉਣ ਦੇ ਮਾਮਲੇ ਵਿਚ ਦੇਸ਼ ਦੇ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਅਤੇ ਗ੍ਰਹਿ ਮੰਤਰੀ ਸ੍ਰੀ ਅਮਿਤ ਸ਼ਾਹ ਨੂੰ ਪੱਤਰ ਲਿਖ ਕੇ ਰੋਸ ਪ੍ਰਗਟ ਕੀਤਾ ਹੈ। ਉਨ੍ਹਾਂ ਆਪਣੇ ਪੱਤਰ ਵਿਚ ਕਿਹਾ ਕਿ ਭਾਰਤ ਸਰਕਾਰ ਦੇ ਫੈਸਲੇ ਨਾਲ ਸਿੱਖ ਸੰਗਤਾਂ ਦੀਆਂ ਭਾਵਨਾਵਾਂ ਨੂੰ ਠੇਸ ਪੁੱਜੀ ਹੈ ਅਤੇ ਸਰਕਾਰ ਨੂੰ ਇਸ ਫੈਸਲੇ 'ਤੇ ਮੁੜ ਗੌਰ ਕਰਨਾ ਚਾਹੀਦਾ ਹੈ। ਬੀਬੀ ਜਗੀਰ ਕੌਰ ਨੇ ਕਿਹਾ ਕਿ ਜਿਨ੍ਹਾਂ ਸ਼ਰਧਾਲੂਆਂ ਨੂੰ ਵੀਜ਼ੇ ਮਿਲੇ ਹਨ, ਉਨ੍ਹਾਂ ਨੂੰ 21 ਫ਼ਰਵਰੀ ਨੂੰ ਸ੍ਰੀ ਨਨਕਾਣਾ ਸਾਹਿਬ ਵਿਖੇ ਹੋਣ ਵਾਲੇ ਸਮਾਗਮਾਂ ਵਿਚ ਸ਼ਾਮਲ ਹੋਣ ਲਈ ਇਜਾਜ਼ਤ ਦਿੱਤੀ ਜਾਵੇ। ਉਨ੍ਹਾਂ ਕਿਹਾ ਕਿ ਤਿਆਰੀਆਂ ਮੁਕੰਮਲ ਹੋਣ ਦੇ ਬਾਵਜੂਦ ਆਖ਼ਰੀ ਮੌਕੇ ਜਥੇ 'ਤੇ ਰੋਕ ਲਗਾਉਣੀ ਸਿੱਖ ਭਾਵਨਾਵਾਂ ਦਾ ਨਿਰਾਦਰ ਹੈ। ਉਨ੍ਹਾਂ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਤੇ ਗ੍ਰਹਿ ਮੰਤਰੀ ਸ੍ਰੀ ਅਮਿਤ ਸ਼ਾਹ ਨੂੰ ਯਾਦ ਦਿਵਾਇਆ ਕਿ ਜਥੇ ਸਬੰਧੀ 12 ਜਨਵਰੀ ਨੂੰ ਸ਼੍ਰੋਮਣੀ ਕਮੇਟੀ ਵੱਲੋਂ ਵਿਦੇਸ਼ ਮੰਤਰਾਲੇ ਨੂੰ ਪੱਤਰ ਲਿਖਿਆ ਸੀ। ਪਰੰਤੂ ਆਖ਼ਰੀ ਮੌਕੇ 'ਤੇ ਜਥੇ ਨੂੰ ਰੱਦ ਕਰ ਦੇਣਾ ਹੈਰਾਨੀਜਨਕ ਹੈ। ਉਨ੍ਹਾਂ ਲਿਖਿਆ ਕਿ ਸ੍ਰੀ ਨਨਕਾਣਾ ਸਾਹਿਬ ਵਿਖੇ ਸ਼ਹੀਦੀ ਸਾਕੇ ਦੀ ਸ਼ਤਾਬਦੀ ਮਨਾਉਣ ਲਈ ਸਿੱਖ ਸੰਗਤਾਂ ਦੀਆਂ ਭਾਵਨਾਵਾਂ ਜੁੜੀਆਂ ਹੋਈਆਂ ਹਨ, ਜਿਨ੍ਹਾਂ ਨੂੰ ਠੇਸ ਪੁੱਜੀ ਹੈ। ਉਨ੍ਹਾਂ ਕਿਹਾ ਕਿ ਇਸ ਤੋਂ ਇਲਾਵਾ ਸ੍ਰੀ ਕਰਤਾਰਪੁਰ ਸਾਹਿਬ ਦਾ ਲਾਂਘਾ ਵੀ ਬੀਤੇ ਕਈ ਚਿਰ ਤੋਂ ਬੰਦ ਕੀਤਾ ਹੋਇਆ ਹੈ। ਉਨ੍ਹਾਂ ਕਿਹਾ ਕਿ ਆਪਣੇ ਪਾਵਨ ਅਸਥਾਨਾਂ ਦੇ ਦਰਸ਼ਨਾਂ ਤੋਂ ਰੋਕਣਾ ਬੇਹੱਦ ਮੰਦਭਾਗਾ ਹੈ। ਬੀਬੀ ਜਗੀਰ ਕੌਰ ਨੇ ਕਰਤਾਰਪੁਰ ਸਾਹਿਬ ਦਾ ਲਾਂਘਾ ਖੋਲ੍ਹਣ ਦੀ ਮੰਗ ਵੀ ਕੀਤੀ।

# ਗੁਰਦੁਆਰਾ ਅੰਬ ਸਾਹਿਬ ਮੋਹਾਲੀ ਵਿਖੇ ਸੱਤਵੇਂ ਪਾਤਸ਼ਾਹ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਗੁਰਮਤਿ ਸਮਾਗਮ

## ਸਿੱਖ ਬੱਚਿਆਂ ਨੂੰ ਸਿਵਲ ਸਰਵਿਸਜ਼ ਪ੍ਰੀਖਿਆਵਾਂ ਦੀ ਜਲਦ ਦਿੱਤੀ ਜਾਵੇਗੀ ਮੁਫ਼ਤ ਕੋਚਿੰਗ -ਬੀਬੀ ਜਗੀਰ ਕੌਰ



ਐੱਸ ਏ ਐੱਸ ਨਗਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਬਹੁਤ ਜਲਦ ਸਾਬਤ ਸੂਰਤ ਸਿੱਖ ਬੱਚਿਆਂ ਨੂੰ ਸਿਵਲ ਸਰਵਿਸਿਜ਼ ਦੀਆਂ ਪ੍ਰੀਖਿਆਵਾਂ ਦੀ ਤਿਆਰੀ ਲਈ ਮੁਫ਼ਤ ਸਿਖਲਾਈ ਦੇਣ ਦਾ ਪ੍ਰਬੰਧ ਕਰ ਰਹੀ ਹੈ, ਜਿਸ ਸਬੰਧੀ ਸਿਖਲਾਈ ਦੇਣ ਵਾਲੇ ਮਹਿਰਾਂ ਦੀ ਸ਼ਨਾਖਤ ਕਰ ਲਈ ਗਈ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਬੀਬੀ ਜਗੀਰ ਕੌਰ ਨੇ ਪੱਤਰਕਾਰਾਂ ਨਾਲ ਗਲਬਾਤ ਕਰਦਿਆਂ ਕੀਤਾ। ਬੀਬੀ ਜਗੀਰ ਕੌਰ ਜੀ ਗੁਰਦੁਆਰਾ ਸ੍ਰੀ ਅੰਬ ਸਾਹਿਬ ਵਿਖੇ ਸ੍ਰੀ ਗੁਰੂ ਹਰਿ ਰਾਇ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਕਰਵਾਏ ਗਏ ਗੁਰਮਤਿ ਸਮਾਗਮ ਸਮੇਂ ਵਿਸ਼ੇਸ ਤੌਰ ਤੇ ਆਏ ਸਨ। ਉਨ੍ਹਾਂ ਦਸਿਆ ਕਿ ਇਸ ਤੋਂ ਪਹਿਲਾਂ ਸ਼੍ਰੋਮਣੀ ਕਮੇਟੀ ਸ੍ਰੀ ਫਤਿਹਗੜ੍ਹ ਸਾਹਿਬ ਵਿਖੇ ਸਿੱਖ ਬੱਚਿਆਂ ਨੂੰ ਐਨ. ਡੀ. ਏ. ਦੀ ਤਿਆਰੀ ਕਰਵਾ ਰਹੀ ਹੈ। ਇਸ ਮੌਕੇ ਬੀਬੀ ਜਗੀਰ ਕੌਰ ਨੇ ਸੰਗਤਾਂ ਨਾਲ ਸ੍ਰੀ ਗੁਰੂ ਹਰਿ ਰਾਇ ਸਾਹਿਬ ਜੀ ਦੇ ਜੀਵਨ ਇਤਿਹਾਸ ਸਬੰਧੀ ਵੀਚਾਰ ਸਾਂਝੇ ਕੀਤੇ। ਸ਼੍ਰੋਮਣੀ ਕਮੇਟੀ ਦੇ ਮੈਂਬਰ ਸਾਹਿਬਾਨ ਵੱਲੋਂ ਬੀਬੀ ਜਗੀਰ ਕੌਰ ਦਾ ਸਨਮਾਨ ਵੀ ਕੀਤਾ ਗਿਆ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਅੰਤ੍ਰਿੰਗ ਮੈਂਬਰ ਸ. ਅਜਮੇਰ ਸਿੰਘ ਖੇੜਾ, ਮੈਂਬਰ ਬੀਬੀ ਪਰਮਜੀਤ ਕੌਰ ਲਾਂਡਰਾਂ, ਬੀਬੀ ਹਰਜਿੰਦਰ ਕੌਰ, ਸ. ਚਰਨਜੀਤ ਸਿੰਘ ਕਾਲੇਵਾਲ, ਭਾਈ ਹਰਦੀਪ ਸਿੰਘ, ਓ ਐਸ ਡੀ ਪ੍ਰੋ ਸੁਖਬੀਰ ਸਿੰਘ, ਮੈਨੇਜਰ ਸ. ਰਜਿੰਦਰ ਸਿੰਘ ਟੌਹੜਾ, ਪ੍ਰਚਾਰਕ ਭਾਈ ਰਾਜਪਾਲ ਸਿੰਘ, ਗੁਰਦੁਆਰਾ ਤਾਲਮੇਲ ਕਮੇਟੀ ਦੇ ਪ੍ਰਧਾਨ ਸ. ਜੋਗਿੰਦਰ ਸਿੰਘ, ਸ. ਕਰਮ ਸਿੰਘ ਬਬਰਾ, ਮਨਜੀਤ ਸਿੰਘ, ਸ. ਪ੍ਰੀਤਮ ਸਿੰਘ ਸਮੇਤ ਵੱਡੀ ਗਿਣਤੀ ਵਿੱਚ ਸੰਗਤਾਂ ਹਾਜ਼ਰ ਸਨ।

# ਸ਼ਹੀਦਾਂ ਦੇ ਇਤਿਹਾਸ ਤੋਂ ਬੱਚਿਆਂ ਨੂੰ ਜਾਣੂ ਕਰਵਾਉਣਾ ਮਾਵਾਂ ਦੀ ਅਹਿਮ ਜ਼ੁੰਮੇਵਾਰੀ-ਬੀਬੀ ਜਗੀਰ ਕੌਰ

## ਸਾਕਾ ਸ੍ਰੀ ਨਨਕਾਣਾ ਸਾਹਿਬ ਦੀ ਪਹਿਲੀ ਸ਼ਤਾਬਦੀ ਸਬੰਧੀ ਸ਼੍ਰੋਮਣੀ ਕਮੇਟੀ ਵੱਲੋਂ ਇਸਤਰੀ ਸਮਾਗਮ ਆਯੋਜਤ






ਅੰਮ੍ਰਿਤਸਰ- ਗੁਰਦੁਆਰਾ ਸੁਧਾਰ ਲਹਿਰ ਦੌਰਾਨ 1921 ਵਿਚ ਵਾਪਰੇ ਸਾਕਾ ਸ੍ਰੀ ਨਨਕਾਣਾ ਸਾਹਿਬ ਦੀ ਪਹਿਲੀ ਸ਼ਤਾਬਦੀ ਸਬੰਧੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸੰਗਤਾਂ ਦੇ ਸਹਿਯੋਗ ਨਾਲ ਉਲੀਕੇ ਕੌਮੀ ਸਮਾਗਮਾਂ ਤਹਿਤ ਗੁਰਦਾਸਪੁਰ ਜ਼ਿਲ੍ਹੇ ਦੇ ਨਗਰ ਗੋਧਰਪੁਰ ਵਿਖੇ ਇਸਤਰੀ ਸੰਮੇਲਨ ਕਰਵਾਇਆ ਗਿਆ। ਦੱਸਣਯੋਗ ਹੈ ਕਿ ਸ੍ਰੀ ਨਨਕਾਣਾ ਸਾਹਿਬ ਦੇ ਸਾਕੇ ਦੌਰਾਨ ਜਥੇ ਦੀ ਅਗਵਾਈ ਕਰਨ ਵਾਲੇ ਸ਼ਹੀਦ ਭਾਈ ਲਛਮਣ ਸਿੰਘ ਧਾਰੋਵਾਲੀ ਦਾ ਪਰਿਵਾਰ ਦੇਸ਼ ਵੰਡ ਮਗਰੋਂ ਇਸ ਨਗਰ 'ਚ ਆ ਕੇ ਵੱਸਿਆ ਸੀ। ਸ਼੍ਰੋਮਣੀ ਕਮੇਟੀ ਵੱਲੋਂ ਇਥੇ 3 ਦਿਨਾਂ ਸਮਾਗਮ ਉਲੀਕੇ ਗਏ ਹਨ, ਜਿਨ੍ਹਾਂ ਦੀ ਸ਼ੁਰੂਆਤ ਸ੍ਰੀ ਅਖੰਡ ਪਾਠ ਸਾਹਿਬ ਦੀ ਆਰੰਭਤਾ ਨਾਲ ਹੋਈ। ਦੂਸਰੇ ਦਿਨ ਕਰਵਾਏ ਗਏ ਇਸਤਰੀ ਸੰਮੇਲਨ ਦੌਰਾਨ ਵੱਡੀ ਗਿਣਤੀ ਵਿਚ ਸੰਗਤਾਂ ਨੇ ਸ਼ਮੂਲੀਅਤ ਕੀਤੀ।

ਇਸ ਮੌਕੇ ਪੁੱਜੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਬੀਬੀ ਜਗੀਰ ਕੌਰ ਨੇ ਆਪਣੇ ਸੰਬੋਧਨ ਵਿਚ ਕਿਹਾ ਕਿ ਸ੍ਰੀ ਨਨਕਾਣਾ ਸਾਹਿਬ ਦਾ ਸ਼ਹੀਦੀ ਸਾਕਾ ਸਿੱਖ ਇਤਿਹਾਸ ਦਾ ਉਹ ਪੰਨਾ ਹੈ, ਜਿਸ ਨੇ ਗੁਰਦੁਆਰਿਆਂ ਦੇ ਪ੍ਰਬੰਧਾਂ ਨੂੰ ਪੰਥਕ ਹੱਥਾਂ ਵਿਚ ਲਿਆਉਣ ਲਈ ਅਹਿਮ ਯੋਗਦਾਨ ਪਾਇਆ। ਉਨ੍ਹਾਂ ਕਿਹਾ ਕਿ ਕੌਮ ਨੂੰ ਇਸ ਸਾਕੇ ਨੇ ਸੰਗਠਤ ਕਰਕੇ ਭਵਿੱਖ ਲਈ ਕੇਵਲ ਸੁਚੇਤ ਹੀ ਨਹੀਂ ਕੀਤਾ, ਸਗੋਂ ਆਪਣੇ ਗੁਰਧਾਮਾਂ ਦੀ ਮਾਣ-ਮਰਯਾਦਾ ਲਈ ਕੁਰਬਾਨ ਹੋਣ ਦਾ ਜਜ਼ਬਾ ਵੀ ਪ੍ਰਚੰਡ ਕੀਤਾ।

ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਕਿਹਾ ਕਿ ਇਸ ਸਾਕੇ ਦੌਰਾਨ ਬੀਬੀਆਂ ਦੀ ਸਮੂਲੀਅਤ ਵੀ ਸਿੱਖ ਇਤਿਹਾਸ ਦਾ ਅਹਿਮ ਹਿੱਸਾ ਹੈ, ਇਸੇ ਲਈ ਸ਼ਤਾਬਦੀ ਸਮਾਗਮਾਂ ਦੌਰਾਨ ਇਕ ਦਿਨ ਦਾ ਸਮਾਗਮ ਇਤਿਹਾਸ ਦੀ ਅਹਿਮ ਪਾਤਰ ਬੀਬੀ ਤੇਜ ਕੌਰ ਤੇ ਬੀਬੀ ਇੰਦਰ ਕੌਰ ਨੂੰ ਸਮਰਪਿਤ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਸਮਾਜ ਅੰਦਰ ਬੀਬੀਆਂ ਦੇ ਯੋਗਦਾਨ ਨੂੰ ਨਕਾਰਿਆ ਨਹੀਂ ਜਾ ਸਕਦਾ ਅਤੇ ਮੌਜੂਦਾ ਸਮੇਂ ਅੰਦਰ ਬੀਬੀਆਂ ਦੀ ਜ਼ੁੰਮੇਵਾਰੀ ਹੋਰ ਵੀ ਵੱਡੀ ਹੈ। ਉਨ੍ਹਾਂ ਕਿਹਾ ਕਿ ਨੌਜੁਆਨੀ ਨੂੰ ਗੁਰਸਿੱਖੀ ਅਤੇ ਇਤਿਹਾਸ ਨਾਲ ਜੋੜਨਾ ਬੀਬੀਆਂ ਦਾ ਫ਼ਰਜ਼ ਹੈ, ਜਿਸ ਨੂੰ ਉਹ ਸੰਜਦੀਗੀ ਨਾਲ ਨਿਭਾਉਣ। ਕੌਮੀ ਭਵਿੱਖ ਦੀ ਬਿਹਤਰੀ ਲਈ ਬੱਚਿਆਂ ਅੰਦਰ ਸਿੱਖ ਸਰੋਕਾਰ ਪੈਦਾ ਕਰਨ ਲਈ ਮਾਵਾਂ ਵੱਡੀ ਭੂਮਿਕਾ ਨਿਭਾ ਸਕਦੀਆਂ ਹਨ।

ਉਨ੍ਹਾਂ ਕਿਹਾ ਕਿ ਸਾਕਾ ਨਨਕਾਣਾ ਸਾਹਿਬ ਦੇ ਸੌ ਸਾਲਾ ਦਿਹਾੜੇ ਨੂੰ ਸਮਰਪਿਤ ਹੁੰਦਿਆਂ ਹਰ ਸਿੱਖ ਦਾ ਫ਼ਰਜ਼ ਹੈ ਕਿ ਉਹ ਆਪਣੇ ਸ਼ਹੀਦਾਂ ਦੇ ਪਾਏ ਹੋਏ ਪੂਰਨਿਆਂ 'ਤੇ ਚੱਲ ਕੇ ਸਿੱਖੀ ਦੀ ਚੜ੍ਹਦੀ ਕਲਾ ਲਈ ਯਤਨ ਕਰੇ।

ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਮੈਂਬਰ ਬੀਬੀ ਕਿਰਨਜੋਤ ਕੌਰ, ਬੀਬੀ ਸ਼ਰਨਜੀਤ ਕੌਰ ਜੀਂਦੜ, ਪ੍ਰੋ. ਕਮਲਜੀਤ ਕੌਰ ਤੇ ਬੀਬੀ ਹਰਪ੍ਰੀਤ ਕੌਰ ਬਰਨਾਲਾ ਨੇ ਵੀ ਸ੍ਰੀ ਨਨਕਾਣਾ ਸਾਹਿਬ ਦੇ ਸ਼ਹੀਦਾਂ ਨੂੰ ਸ਼ਰਧਾ ਤੇ ਸਤਿਕਾਰ ਭੇਟ ਕੀਤਾ। ਇਸ ਮੌਕੇ ਪੁੱਜੀਆਂ ਪ੍ਰਮੁੱਖ ਸ਼ਖ਼ਸ਼ੀਅਤਾਂ ਨੂੰ ਗੁਰੂ ਬਖ਼ਸ਼ਿਸ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਤੋਂ ਪਹਿਲਾਂ ਬੀਬੀਆਂ ਦੇ ਰਾਗੀ, ਢਾਡੀ ਤੇ ਕਵੀਸ਼ਰ ਜਥਿਆਂ ਨੇ ਸੰਗਤ ਨੂੰ ਗੁਰਬਾਣੀ ਕੀਰਤਨ ਅਤੇ ਸਿੱਖੀ ਦੇ ਸ਼ਾਨਾਮੱਤੇ ਇਤਿਹਾਸ ਨਾਲ ਜੋੜਿਆ। ਸਮਾਗਮ ਦੌਰਾਨ ਸ਼੍ਰੋਮਣੀ ਕਮੇਟੀ ਮੈਂਬਰ ਭਾਈ ਮਨਜੀਤ ਸਿੰਘ ਭੂਰਾਕੋਹਨਾ, ਭਾਈ ਰਾਮ ਸਿੰਘ, ਸ. ਅਮਰੀਕ ਸਿੰਘ ਸ਼ਾਹਪੁਰ, ਸ. ਜਰਨੈਲ ਸਿੰਘ ਡੋਗਰਾਂਵਾਲਾ, ਸ. ਸੁਖਵਰਸ਼ ਸਿੰਘ ਪੰਨੂ, ਸ. ਗੁਰਿੰਦਰਪਾਲ ਸਿੰਘ ਗੋਰਾ, ਸ. ਗੁਰਨਾਮ ਸਿੰਘ ਜੱਸਲ, ਸ. ਰਵਿੰਦਰ ਸਿੰਘ ਚੱਕ, ਸ. ਰਤਨ ਸਿੰਘ ਜੱਫਰਵਾਲ, ਬੀਬੀ ਜਸਬੀਰ ਕੌਰ, ਸ. ਤਾਰਾ ਸਿੰਘ ਸੱਲ੍ਹਾ, ਸ. ਗੁਰਿੰਦਰ ਸਿੰਘ ਸ਼ਾਮਪੁਰਾ, ਸ. ਸੁਖਬੀਰ ਸਿੰਘ ਵਾਹਲਾ, ਪ੍ਰਿੰ: ਸਵਰਨ ਸਿੰਘ ਤੁਗਲਵਾਲਾ, ਬੀਬੀ ਰੁਪਿੰਦਰ ਕੌਰ, ਬੀਬੀ ਜੋਗਿੰਦਰ ਕੌਰ ਬਠਿੰਡਾ, ਡਾ. ਤੇਜਿੰਦਰ ਕੌਰ ਧਾਲੀਵਾਲ, ਬੀਬੀ ਸਤਵੰਤ ਕੌਰ, ਬੀਬੀ ਗੁਰਿੰਦਰ ਕੌਰ ਜਲਾਲਉਸਮਾ, ਭਾਈ ਦੁਰਲੱਭ ਸਿੰਘ, ਮਾਸਟਰ ਗੁਰਨਾਮ ਸਿੰਘ, ਸ. ਅਮਰਜੀਤ ਸਿੰਘ ਰੰਧਾਵਾ, ਬਾਪੂ ਵੱਸਣ ਸਿੰਘ, ਸ. ਗੁਰਬਚਨ ਸਿੰਘ, ਸ. ਹਰਪਾਲ ਸਿੰਘ ਏਸੀਪੀ, ਸ. ਗੁਰਵਿੰਦਰ ਸਿੰਘ ਰੰਧਾਵਾ, ਬੀਬੀ ਦਲਜੀਤ ਕੌਰ, ਬੀਬੀ ਨਿਰਮਲ ਕੌਰ, ਸ. ਰਜਿੰਦਰ ਸਿੰਘ ਪਦਮ, ਸ. ਜੋਗਿੰਦਰ ਸਿੰਘ ਅਚਲੀਗੇਟ, ਬੀਬੀ ਰਣਜੀਤ ਕੌਰ, ਬੀਬੀ ਕਮਲੇਸ਼ ਕੌਰ, ਬੀਬੀ ਬਲਵਿੰਦਰ ਕੌਰ ਸੰਧੂ, ਬੀਬੀ ਰਾਜਬੀਰ ਕੌਰ, ਸ਼੍ਰੋਮਣੀ ਕਮੇਟੀ ਦੇ ਵਧੀਕ ਸਕੱਤਰ ਸ. ਸੁਖਦੇਵ ਸਿੰਘ ਭੂਰਾਕੋਹਨਾ, ਸ. ਪ੍ਰਤਾਪ ਸਿੰਘ, ਸ. ਹਰਜੀਤ ਸਿੰਘ ਲਾਲੂਘੁੰਮਣ, ਸ. ਸਿਮਰਜੀਤ ਸਿੰਘ ਕੰਗ, ਸ. ਸੁਲੱਖਣ ਸਿੰਘ ਭੰਗਾਲੀ, ਸ. ਗੁਰਿੰਦਰ ਸਿੰਘ ਮਥਰੇਵਾਲ, ਸ. ਸਕੱਤਰ ਸਿੰਘ, ਸ. ਬਲਵਿੰਦਰ ਸਿੰਘ ਕਾਹਲਵਾਂ, ਓਐਸਡੀ ਡਾ. ਅਮਰੀਕ ਸਿੰਘ ਲਤੀਫਪੁਰ, ਸ. ਸੁਖਬੀਰ ਸਿੰਘ, ਹੈੱਡ ਪ੍ਰਚਾਰ ਭਾਈ ਜਸਵਿੰਦਰ ਸਿੰਘ ਸ਼ਹੂਰ, ਬੀਬੀ ਹਰਪ੍ਰੀਤ ਕੌਰ, ਭਾਈ ਰਣਜੀਤ ਸਿੰਘ ਵੜੈਚ, ਭਾਈ ਵਰਿਆਮ ਸਿੰਘ ਅਤੇ ਵੱਡੀ ਗਿਣਤੀ ਸੰਗਤਾਂ ਮੌਜੂਦ ਸਨ।

# ਸ਼੍ਰੋਮਣੀ ਕਮੇਟੀ ਦੀ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ 'ਚ ਅਹਿਮ ਫੈਸਲਿਆਂ ਨੂੰ ਪ੍ਰਵਾਨਗੀ

## ਸ਼੍ਰੋਮਣੀ ਕਮੇਟੀ ਸੰਘਰਸ਼ ਕਰ ਰਹੇ ਕਿਸਾਨਾਂ ਨੂੰ ਦਿੱਲੀ ਵਿਖੇ ਸ਼ੈੱਡ ਤੇ ਪੱਖਿਆਂ ਦੀ ਸਹੂਲਤ ਦੇਵੇਗੀ



ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਬਜਟ ਇਜਲਾਸ 30 ਮਾਰਚ ਨੂੰ ਹੋਵੇਗਾ, ਜਿਸ ਵਿਚ ਧਰਮ ਪ੍ਰਚਾਰ ਕਮੇਟੀ, ਸ਼੍ਰੋਮਣੀ ਕਮੇਟੀ, ਟਰੱਸਟ ਫੰਡਜ਼, ਪ੍ਰੈੱਸਾਂ, ਜਨਰਲ ਬੋਰਡ ਫੰਡ, ਸਿੱਖ ਇਤਿਹਾਸ ਰੀਸਰਚ ਬੋਰਡ ਅਤੇ ਵਿਦਿਅਕ ਅਦਾਰਿਆਂ ਸਮੇਤ ਗੁਰਦੁਆਰਾ ਸਾਹਿਬਾਨ ਦਾ ਬਜਟ ਪੇਸ਼ ਕੀਤਾ ਜਾਵੇਗਾ। ਇਥੇ ਹੋਈ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਮਗਰੋਂ ਗੱਲਬਾਤ ਕਰਦਿਆਂ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਬੀਬੀ ਜਗੀਰ ਕੌਰ ਨੇ ਦੱਸਿਆ ਕਿ ਬਜਟ ਇਜਲਾਸ ਮੁੱਖ ਦਫ਼ਤਰ ਤੇਜਾ ਸਿੰਘ ਸਮੁੰਦਰੀ ਹਾਲ ਸ੍ਰੀ ਅੰਮ੍ਰਿਤਸਰ ਵਿਖੇ ਹੋਵੇਗਾ ਅਤੇ ਬਜਟ ਦੀ ਤੈਅ ਤਾਰੀਕ ਤੋਂ ਪਹਿਲਾਂ ਸ਼੍ਰੋਮਣੀ ਕਮੇਟੀ ਦੇ ਮੈਂਬਰਾਂ ਨੂੰ ਬਜਟ ਦੀਆਂ ਕਾਪੀਆਂ ਭੇਜੀਆਂ ਜਾਣਗੀਆਂ। ਅੰਤ੍ਰਿੰਗ ਕਮੇਟੀ ਵੱਲੋਂ ਲਏ ਗਏ ਫੈਸਲਿਆਂ ਦਾ ਵਿਸਥਾਰ ਦਿੰਦਿਆਂ ਬੀਬੀ ਜਗੀਰ ਕੌਰ ਨੇ ਦੱਸਿਆ ਕਿ ਕਿਸਾਨ ਸੰਘਰਸ਼ ਦੌਰਾਨ ਦਿੱਲੀ ਦੇ ਬਾਰਡਰਾਂ 'ਤੇ ਬੈਠੇ ਕਿਸਾਨਾਂ ਲਈ ਸ਼੍ਰੋਮਣੀ ਕਮੇਟੀ ਵੱਲੋਂ ਟੀਨ ਦੇ ਸ਼ੈੱਡ ਤਿਆਰ ਕਰਵਾ ਕੇ ਦੇਣ ਨੂੰ ਪ੍ਰਵਾਨਗੀ ਦਿੱਤੀ ਗਈ ਹੈ। ਉਨ੍ਹਾਂ ਦੱਸਿਆ ਕਿ ਇਨ੍ਹਾਂ ਸ਼ੈੱਡਾਂ ਵਿਚ ਗਰਮੀ ਤੋਂ ਬਚਾਅ ਲਈ ਪੱਖਿਆਂ ਦਾ ਪ੍ਰਬੰਧ ਵੀ ਕੀਤਾ ਜਾਵੇਗਾ। ਇਸ ਦੇ ਨਾਲ ਹੀ ਕਿਸਾਨ ਸੰਘਰਸ਼ ਦੌਰਾਨ ਲੰਗਰਾਂ ਅਤੇ ਪਾਖਾਨਿਆਂ ਆਦਿ ਦੀਆਂ ਸੇਵਾਵਾਂ ਵੀ ਪਹਿਲਾਂ ਦੀ ਤਰ੍ਹਾਂ ਜਾਰੀ ਰਹਿਣਗੀਆਂ।

ਉਨ੍ਹਾਂ ਦੱਸਿਆ ਕਿ ਅੰਤ੍ਰਿੰਗ ਕਮੇਟੀ ਨੇ ਵਾਤਾਵਰਨ ਦੀ ਸ਼ੁੱਧਤਾ ਅਤੇ ਹਰਿਆਲੀ ਲਈ ਵੀ ਇਕ ਅਹਿਮ ਫੈਸਲਾ ਕੀਤਾ ਹੈ, ਜਿਸ ਤਹਿਤ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਚਾਰ ਸੌ ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਵੱਡੀ ਗਿਣਤੀ ਵਿਚ ਬੂਟੇ ਲਗਾਏ ਜਾਣਗੇ। ਇਸ ਦੇ ਨਾਲ ਹੀ ਇਸ ਇਤਿਹਾਸਕ ਦਿਹਾੜੇ ਨੂੰ ਵਿਸ਼ਾਲ ਪੱਧਰ 'ਤੇ ਮਨਾਉਣ ਲਈ ਵੱਖ-ਵੱਖ ਸਮਾਗਮ ਕੀਤੇ ਜਾਣਗੇ। ਉਨ੍ਹਾਂ ਦੱਸਿਆ ਕਿ ਚਾਰ ਸੌ ਸਾਲਾ ਪ੍ਰਕਾਸ਼ ਪੁਰਬ ਮੌਕੇ ਮੁੱਖ ਸਮਾਗਮ 1 ਮਈ ਨੂੰ ਸ੍ਰੀ ਅੰਮ੍ਰਿਤਸਰ ਵਿਖੇ ਹੋਵੇਗਾ, ਜਿਸ ਵਿਚ ਦੇਸ਼ ਦੁਨੀਆਂ ਦੀ ਪ੍ਰਮੁੱਖ ਸ਼ਖ਼ਸੀਅਤਾਂ ਅਤੇ ਪੰਥ ਦੇ ਪ੍ਰਤੀਨਿਧ ਆਗੂ ਸ਼ਮੂਲੀਅਤ ਕਰਨਗੇ। ਬੀਬੀ ਜਗੀਰ ਕੌਰ ਨੇ ਦੱਸਿਆ ਕਿ ਸ਼ਤਾਬਦੀ ਸਬੰਧੀ ਵੱਖ-ਵੱਖ ਸਮਾਗਮ ਆਰੰਭ ਕੀਤੇ ਜਾ ਚੁੱਕੇ ਹਨ। ਪ੍ਰਕਾਸ਼ ਪੁਰਬ ਦੇ ਮੁੱਖ ਸਮਾਗਮ ਤੋਂ ਪਹਿਲਾਂ ਪਹਿਲਾਂ ਦੇਸ਼ ਭਰ ਵਿਚ ਸਮਾਗਮਾਂ ਦੀ ਲੜੀ ਸੰਪੂਰਨ ਕੀਤੀ ਜਾਵੇਗੀ। ਇਹ ਸਮਾਗਮ ਬੰਗਲਾ ਦੇਸ਼, ਪਟਨਾ ਸਾਹਿਬ, ਨਾਨਕਮਤਾ ਸਾਹਿਬ, ਧਮਧਾਨ ਸਾਹਿਬ, ਹਰਿਆਣਾ, ਕਾਨ੍ਹਪੁਰ, ਅਤੇ ਦੇਸ਼ ਦੇ ਹੋਰ ਭਾਗਾਂ ਦੇ ਨਾਲ-ਨਾਲ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ, ਤਖ਼ਤ ਸ੍ਰੀ ਦਮਦਮਾ ਸਾਹਿਬ, ਬਾਬਾ ਬਕਾਲਾ ਸਾਹਿਬ, ਸ੍ਰੀ ਅੰਮ੍ਰਿਤਸਰ ਆਦਿ ਥਾਵਾਂ 'ਤੇ ਹੋਣਗੇ। ਉਨ੍ਹਾਂ ਕਿਹਾ ਕਿ ਸਮਾਗਮਾਂ ਨੂੰ ਯਾਦਗਾਰੀ ਬਣਾਉਣ ਲਈ ਸ਼੍ਰੋਮਣੀ ਕਮੇਟੀ ਦੇ ਮੈਂਬਰਾਂ ਨਾਲ ਬੈਠਕਾਂ ਕੀਤੀਆਂ ਜਾਣਗੀਆਂ, ਜੋ ਅੱਗੋਂ ਆਪੋ-ਆਪਣੇ ਹਲਕੇ ਵਿਚ ਸੰਗਤਾਂ ਨਾਲ ਰਾਬਤਾ ਕਾਇਮ ਕਰਨਗੇ।

ਉਨ੍ਹਾਂ ਦੱਸਿਆ ਕਿ ਸ਼੍ਰੋਮਣੀ ਕਮੇਟੀ ਵੱਲੋਂ ਭਾਰਤ ਸਰਕਾਰ ਨੂੰ ਲਿਖੇ ਗਏ ਪੱਤਰ ਦੇ ਜਵਾਬ ਵਿਚ ਸਰਕਾਰ ਨੇ ਚਾਰ ਸੌ ਸਾਲਾ ਪ੍ਰਕਾਸ਼ ਸ਼ਤਾਬਦੀ ਸਬੰਧੀ ਯਾਦਗਾਰੀ ਸਿੱਕੇ, ਡਾਕ ਟਿਕਟ ਅਤੇ ਚਿੱਠੀ ਪੱਤਰ ਲਿਫਾਫੇ ਜਾਰੀ ਕਰਨ ਬਾਰੇ ਸ਼੍ਰੋਮਣੀ ਕਮੇਟੀ ਦੀ ਰਾਇ ਮੰਗੀ ਗਈ ਹੈ, ਜਿਸ ਸਬੰਧੀ ਸਬ-ਕਮੇਟੀ ਫੈਸਲਾ ਲਵੇਗੀ। ਬੀਬੀ ਜਗੀਰ ਕੌਰ ਨੇ ਦੱਸਿਆ ਕਿ ਇਸ ਬਾਰੇ ਗੁਰੂ ਸਾਹਿਬ ਦੀ ਬਾਣੀ ਅਤੇ ਉਨ੍ਹਾਂ ਦੇ ਜੀਵਨ ਇਤਿਹਾਸ ਦੀ ਰੌਸ਼ਨੀ ਵਿਚ ਭਾਰਤ ਸਰਕਾਰ ਨੂੰ ਰਿਪੋਰਟ ਭੇਜੀ ਜਾਵੇਗੀ। ਇਕ ਸਵਾਲ ਦੇ ਜਵਾਬ ਵਿਚ ਉਨ੍ਹਾਂ ਕਿਹਾ ਕਿ ਭਾਰਤ ਸਰਕਾਰ ਨੂੰ ਗੁਰਦੁਆਰਾ ਸ੍ਰੀ ਕਰਤਾਰਪੁਰ ਸਾਹਿਬ ਪਾਕਿਸਤਾਨ ਦਾ ਲਾਂਘਾ ਖੋਲ੍ਹਣ ਨੂੰ ਲੈ ਕੇ ਸਿੱਖਾਂ ਦੀਆਂ ਭਾਵਨਾਵਾਂ 'ਤੇ ਸੱਟ ਨਹੀਂ ਮਾਰਨੀ ਚਾਹੀਦੀ। ਪਹਿਲੇ ਪਾਤਸ਼ਾਹ ਦੇ ਇਸ ਪਾਵਨ ਅਸਥਾਨ ਦਾ ਲਾਂਘਾ ਖੋਲ੍ਹਣ ਦਾ ਤੁਰੰਤ ਐਲਾਨ ਕਰਨਾ ਚਾਹੀਦਾ ਹੈ। ਉਨ੍ਹਾਂ ਵਿਸਾਖੀ ਮੌਕੇ ਪਾਕਿਸਤਾਨ ਜਾਣ ਵਾਲੇ ਸਿੱਖ ਜਥੇ ਸਬੰਧੀ ਕਿਹਾ ਕਿ ਸ਼੍ਰੋਮਣੀ ਕਮੇਟੀ ਵੱਲੋਂ ਕਾਰਵਾਈ ਜਾਰੀ ਹੈ ਅਤੇ ਪਾਕਿਸਤਾਨ ਜਾਣ ਵਾਲੇ ਸ਼ਰਧਾਲੂਆਂ ਦਾ ਕੋਰੋਨਾ ਟੀਕਾਕਰਣ ਜ਼ਰੂਰੀ ਹੋਵੇਗਾ। ਉਨ੍ਹਾਂ ਕਿਹਾ ਕਿ ਜਿਹੜੇ ਸ਼ਰਧਾਲੂ ਪਾਕਿਸਤਾਨ ਜਾਣਾ ਚਾਹੁੰਦੇ ਹਨ, ਉਹ ਆਪਣਾ ਟੀਕਾਕਰਣ ਸਮੇਂ ਸਿਰ ਕਰਵਾਉਣ। ਇਕੱਤਰਤਾ 'ਚ ਸੀਨੀਅਰ ਮੀਤ ਪ੍ਰਧਾਨ ਸ. ਸੁਰਜੀਤ ਸਿੰਘ ਭਿੱਟੇਵਡ, ਜੂਨੀਅਰ ਮੀਤ ਪ੍ਰਧਾਨ ਬਾਬਾ ਬੂਟਾ ਸਿੰਘ, ਜਨਰਲ ਸਕੱਤਰ ਐਡਵੋਕੇਟ ਭਗਵੰਤ ਸਿੰਘ ਸਿਆਲਕਾ, ਮੁੱਖ ਸਕੱਤਰ ਐਡਵੋਕੇਟ ਹਰਜਿੰਦਰ ਸਿੰਘ ਧਾਮੀ, ਅੰਤ੍ਰਿੰਗ ਮੈਂਬਰ ਬਾਬਾ ਚਰਨਜੀਤ ਸਿੰਘ ਜੱਸੋਵਾਲ, ਸ. ਨਵਤੇਜ ਸਿੰਘ ਕਾਉਣੀ, ਸ. ਬਲਦੇਵ ਸਿੰਘ ਚੂੰਘਾਂ, ਸ. ਸਤਵਿੰਦਰ ਸਿੰਘ ਟੌਹੜਾ, ਸ. ਅਜਮੇਰ ਸਿੰਘ ਖੇੜਾ, ਸ. ਭੁਪਿੰਦਰ ਸਿੰਘ ਭਲਵਾਨ, ਸ. ਹਰਭਜਨ ਸਿੰਘ ਮਸਾਣਾਂ, ਬੀਬੀ ਮਲਕੀਤ ਕੌਰ ਕਮਾਲਪੁਰ, ਸ. ਮਿੱਠੂ ਸਿੰਘ ਕਾਹਨੇਕੇ, ਸ. ਅਮਰੀਕ ਸਿੰਘ ਸ਼ਾਹਪੁਰ, ਸਕੱਤਰ ਸ. ਮਹਿੰਦਰ ਸਿੰਘ ਆਹਲੀ, ਸ. ਸੁਖਦੇਵ ਸਿੰਘ ਭੂਰਾਕੋਹਨਾ, ਸ. ਪ੍ਰਤਾਪ ਸਿੰਘ, ਸ. ਸੁਖਮਿੰਦਰ ਸਿੰਘ, ਮੀਤ ਸਕੱਤਰ ਸ. ਕੁਲਵਿੰਦਰ ਸਿੰਘ ਰਮਦਾਸ, ਸ. ਬਲਵਿੰਦਰ ਸਿੰਘ ਕਾਹਲਵਾਂ, ਸ. ਤੇਜਿੰਦਰ ਸਿੰਘ ਪੱਡਾ, ਸ. ਸੁਲੱਖਣ ਸਿੰਘ ਭੰਗਾਲੀ, ਓਐਸਡੀ ਡਾ. ਅਮਰੀਕ ਸਿੰਘ ਲਤੀਫਪੁਰ, ਡਾ. ਸੁਖਬੀਰ ਸਿੰਘ, ਸ. ਸਤਬੀਰ ਸਿੰਘ ਧਾਮੀ ਤੇ ਸੁਪ੍ਰਿੰਟੈਂਡੈਂਟ ਸ. ਮਲਕੀਤ ਸਿੰਘ ਬਹਿੜਵਾਲ ਹਾਜ਼ਰ ਸਨ।



ਸਾਕਾ ਸ੍ਰੀ ਨਨਕਾਣਾ ਸਾਹਿਬ ਦੇ ਸ਼ਤਾਬਦੀ ਸਮਾਗਮ ਸਮੇਂ ਪਿੰਡ ਗੋਧਰਪੁਰ ਜ਼ਿਲ੍ਹਾ ਗੁਰਦਾਸਪੁਰ ਵਿਖੇ ਕਰਵਾਏ ਗਏ ਅੰਮ੍ਰਿਤ ਸੰਚਾਰ ਸਮੇਂ ਸੰਗਤਾਂ ਨਾਲ ਪੰਜ ਪਿਆਰੇ ਸਾਹਿਬਾਨ।

# ਗੁਰਦੁਆਰਾ ਸ਼ਹੀਦ ਭਾਈ ਕਰਮ ਸਿੰਘ ਵਿਖੇ ਸ੍ਰੀ ਨਨਕਾਣਾ ਸਾਹਿਬ ਦੇ ਸਾਕੇ ਨੂੰ ਸਮਰਪਿਤ ਗੁਰਮਤਿ ਸਮਾਗਮ




ਅੰਮ੍ਰਿਤਸਰ- ਸਥਾਨਕ ਸੁਲਤਾਨਵਿੰਡ ਰੋਡ 'ਤੇ ਸਥਿਤ ਗੁਰਦੁਆਰਾ ਸ਼ਹੀਦ ਭਾਈ ਕਰਮ ਸਿੰਘ ਵਿਖੇ ਸਾਕਾ ਸ੍ਰੀ ਨਨਕਾਣਾ ਸਾਹਿਬ ਦੇ ਸੌ ਸਾਲਾ ਨੂੰ ਸਮਰਪਿਤ ਵਿਸ਼ੇਸ਼ ਗੁਰਮਤਿ ਸਮਾਗਮ ਕਰਵਾਇਆ ਗਿਆ। ਇਹ ਸਮਾਗਮ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਦੇ ਆਦੇਸ਼ਾਂ ਅਨੁਸਾਰ ਕੀਤਾ ਗਿਆ। ਇਸ ਮੌਕੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਸਿੰਘ ਸਾਹਿਬ ਗਿਆਨੀ ਬਲਵਿੰਦਰ ਸਿੰਘ, ਸ਼੍ਰੋਮਣੀ ਕਮੇਟੀ ਦੇ ਸਾਬਕਾ ਸੀਨੀਅਰ ਮੀਤ ਪ੍ਰਧਾਨ ਭਾਈ ਰਜਿੰਦਰ ਸਿੰਘ ਮਹਿਤਾ, ਸ. ਤਲਬੀਰ ਸਿੰਘ ਗਿੱਲ, ਸ. ਗੁਰਪ੍ਰਤਾਪ ਸਿੰਘ ਟਿੱਕਾ ਅਤੇ ਹੋਰ ਪ੍ਰਮੁੱਖ ਸ਼ਖ਼ਸੀਅਤਾਂ ਨੇ ਸ਼ਿਰਕਤ ਕੀਤੀ ਅਤੇ ਸੰਗਤ ਨਾਲ ਗੁਰਮਤਿ ਵਿਚਾਰਾਂ ਸਾਂਝੀਆਂ ਕੀਤੀਆਂ। ਸਿੰਘ ਸਾਹਿਬ ਗਿਆਨੀ ਬਲਵਿੰਦਰ ਸਿੰਘ ਨੇ ਕਥਾ ਵਿਚਾਰ ਕਰਦਿਆਂ ਕਿਹਾ ਕਿ ਸ੍ਰੀ ਨਨਕਾਣਾ ਸਾਹਿਬ ਦੇ ਸਾਕੇ ਦੌਰਾਨ ਸ਼ਹੀਦ ਹੋਏ ਸ਼ਹੀਦ ਸਿੱਖ ਕੌਮ ਦਾ ਸਰਮਾਇਆ ਹਨ, ਜਿਨ੍ਹਾਂ ਦੇ ਜੀਵਨ ਤੋਂ ਸੇਧ ਲੈ ਕੇ ਸਿੱਖ ਕੌਮ ਦੀ ਚੜ੍ਹਦੀ ਕਲਾ ਲਈ ਯਤਨ ਕਰਨੇ ਚਾਹੀਦੇ ਹਨ। ਉਨ੍ਹਾਂ ਕਿਹਾ ਕਿ ਅਜੋਕੀ ਪੀੜ੍ਹੀ ਨੂੰ ਸਿੱਖ ਕੌਮ ਦੇ ਸ਼ਾਨਾਮੱਤੇ ਇਤਿਹਾਸ ਨਾਲ ਜੋੜਨਾ ਬੇਹੱਦ ਜ਼ਰੂਰੀ ਹੈ ਅਤੇ ਇਸ ਕਾਰਜ ਲਈ ਸਮੂਹ ਗੁਰਦੁਆਰਾ ਕਮੇਟੀਆਂ ਨੂੰ ਅਜਿਹੇ ਸਮਾਗਮ ਉਲੀਕਣੇ ਚਾਹੀਦੇ ਹਨ।

ਇਸ ਮੌਕੇ ਭਾਈ ਰਜਿੰਦਰ ਸਿੰਘ ਮਹਿਤਾ ਨੇ ਵੀ ਸ੍ਰੀ ਨਨਕਾਣਾ ਸਾਹਿਬ ਦੇ ਸ਼ਹੀਦੀ ਸਾਕੇ ਦਾ ਇਤਿਹਾਸ ਸੰਗਤ ਨਾਲ ਸਾਂਝਾ। ਸਮਾਗਮ ਦੌਰਾਨ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਜਥੇ ਨੇ ਸੰਗਤਾਂ ਨੂੰ ਗੁਰਬਾਣੀ ਕੀਰਤਨ ਨਾਲ ਜੋੜਿਆ। ਇਸ ਮੌਕੇ ਗੁਰਦੁਆਰਾ ਸਾਹਿਬ ਕਮੇਟੀ ਦੇ ਪ੍ਰਧਾਨ ਸ. ਤਰਲੋਚਨ ਸਿੰਘ, ਸ. ਅਜੀਤਪਾਲ ਸਿੰਘ ਸ਼ੈਣੀ, ਸ. ਤੇਜਿੰਦਰ ਸਿੰਘ, ਪ੍ਰਚਾਰਕ ਭਾਈ ਤਰਸੇਮ ਸਿੰਘ, ਸ. ਜਤਿੰਦਰ ਸਿੰਘ ਲਾਲੀ ਸਮੇਤ ਸੰਗਤਾਂ ਮੌਜੂਦ ਸਨ।



ਸ਼੍ਰੋਮਣੀ ਕਮੇਟੀ ਮੈਂਬਰ ਜਥੇਦਾਰ ਗੁਰਿੰਦਰਪਾਲ ਸਿੰਘ ਗੋਰਾ ਦੇ ਵਿਸ਼ੇਸ ਉਪਰਾਲੇ ਨਾਲ ਧਰਮ ਪ੍ਰਚਾਰ ਕਮੇਟੀ ਵੱਲੋਂ ਗੁਰਦੁਆਰਾ ਸਿੰਘ ਸਭਾ ਕਾਦੀਆਂ ਵਿਖੇ ਅੰਮ੍ਰਿਤ ਸੰਚਾਰ ਸਮਾਗਮ ਕਰਵਾਇਆ ਗਿਆ। ਇਸ ਮੌਕੇ 39 ਪ੍ਰਾਣੀ ਅੰਮ੍ਰਿਤ ਦੀ ਦਾਤ ਪ੍ਰਾਪਤ ਕਰ ਗੁਰੂ ਵਾਲੇ ਬਣੇ।

# ਸ਼੍ਰੋਮਣੀ ਕਮੇਟੀ ਪ੍ਰਧਾਨ ਬੀਬੀ ਜਗੀਰ ਕੌਰ ਨੇ ਬਾਬਾ ਬੰਦਾ ਸਿੰਘ ਬਹਾਦਰ ਸਪੋਰਟਸ ਕੰਪਲੈਕਸ ਦਾ ਰੱਖਿਆ ਨੀਂਹ ਪੱਥਰ

## ਖ਼ਾਲਸਾ ਕਾਲਜ ਮੈਨੇਜਮੈਂਟ ਵੱਲੋਂ ਬੀਬੀ ਗਜੀਰ ਕੌਰ ਨੂੰ ਕੀਤਾ ਗਿਆ ਸਨਮਾਨਤ



ਪਟਿਆਲਾ– ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਪ੍ਰਧਾਨ ਬੀਬੀ ਜਗੀਰ ਕੌਰ ਵੱਲੋਂ ਖ਼ਾਲਸਾ ਕਾਲਜ ਪਟਿਆਲਾ ਵਿਖੇ ਬਾਬਾ ਬੰਦਾ ਸਿੰਘ ਬਹਾਦਰ ਸਪੋਰਟਸ ਕੰਪਲੈਕਸ ਦਾ ਨੀਂਹ ਪੱਥਰ ਰੱਖਿਆ ਗਿਆ। ਇਸ ਮੌਕੇ ਸ਼੍ਰੋਮਣੀ ਕਮੇਟੀ ਦੀ ਪ੍ਰਧਾਨ ਬੀਬੀ ਜਗੀਰ ਕੌਰ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਸਿੱਖਿਆ ਦੇ ਖੇਤਰ ਦੇ ਨਾਲ ਨਾਲ ਸਪੋਰਟਸ ਦੇ ਖੇਤਰ ਵਿਚ ਵੀ ਅਜਿਹੇ ਖਿਡਾਰੀ ਅਗੇ ਲੈ ਕੇ ਆਵੇਗੀ, ਜੋ ਸੰਸਥਾ ਦਾ ਨਾ ਰੋਸ਼ਨ ਕਰਨਗੇ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਹਾਕੀ, ਬਾਸਕਟਬਾਲ ਅਤੇ ਐਥਲੈਟਿਕਸ ਦੇ ਖੇਤਰ ਵਿਚ ਨਾਮਵਰ ਖਿਡਾਰੀ ਤਿਆਰ ਕਰੇਗੀ ਅਤੇ ਖਿਡਾਰੀਆਂ ਨੂੰ ਹਰ ਸਹੂਲਤ ਮੁਹੱਈਆ ਕਰਵਾਏਗੀ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਧਰਮ ਦੇ ਪ੍ਰਚਾਰ-ਪ੍ਰਸਾਰ ਦੇ ਨਾਲ-ਨਾਲ ਹਰ ਖੇਤਰ ਵਿਚ ਪੂਰੀ ਦ੍ਰਿੜਤਾ ਨਾਲ ਕਾਰਜਸ਼ੀਲ ਹੈ। ਆਪਣੇ 100 ਸਾਲਾਂ ਦੇ ਇਤਿਹਾਸ ਅੰਦਰ ਸ਼੍ਰੋਮਣੀ ਕਮੇਟੀ ਨੇ ਸਿੱਖਿਆ, ਮੈਡੀਕਲ ਅਤੇ ਧਰਮ ਦੇ ਖੇਤਰ 'ਚ ਅਨੇਕਾਂ ਪ੍ਰਾਪਤੀਆਂ ਕੀਤੀਆਂ ਹਨ। ਸਮਾਗਮ ਦੀ ਆਰੰਭਤਾ ਕਾਲਜ ਦੇ ਗੁਰਦੁਆਰਾ ਸਾਹਿਬ ਵਿਖੇ ਗੁਰਬਾਣੀ ਕੀਰਤਨ ਨਾਲ ਹੋਈ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਸਾਬਕਾ ਪ੍ਰਧਾਨ ਪ੍ਰੋ. ਕਿਰਪਾਲ ਸਿੰਘ ਬਡੂੰਗਰ ਤੇ ਆਨਰੇਰੀ ਸਕੱਤਰ ਸ. ਸੁਰਜੀਤ ਸਿੰਘ ਰੱਖੜਾ ਨੇ ਵੀ ਵਿਚਾਰਾਂ ਦੀ ਸਾਂਝ ਪਾਈ। ਇਸ ਮੌਕੇ ਕਾਲਜ ਮੈਨੇਜਮੈਂਟ ਵੱਲੋਂ ਬੀਬੀ ਜਗੀਰ ਕੌਰ ਨੂੰ ਸਨਮਾਨਤ ਕੀਤਾ ਗਿਆ।

ਇਸ ਮੌਕੇ ਅੰਤ੍ਰਿੰਗ ਕਮੇਟੀ ਮੈਂਬਰ, ਜਥੇ. ਸਤਵਿੰਦਰ ਸਿੰਘ ਟੌਹਰਾ, ਮੈਂਬਰ ਜਥੇ. ਜਰਨੈਲ ਸਿੰਘ ਕਰਤਾਰਪੁਰ, ਸ. ਨਿਰਮਲ ਸਿੰਘ ਹਰਿਆਓ, ਬੀਬੀ ਕੁਲਦੀਪ ਕੌਰ ਟੌਹਰਾ, ਜਥੇ. ਜਸਮੇਰ ਸਿੰਘ ਲਾਛੜੂ, ਡਾਇਰੈਕਟਰ ਸਿੱਖਿਆ ਡਾ. ਤੇਜਿੰਦਰ ਕੌਰ ਧਾਲੀਵਾਲ, ਪ੍ਰਿੰਸੀਪਲ ਡਾ. ਧਰਮਿੰਦਰ ਸਿੰਘ ਉੱਭਾ, ਪ੍ਰਿੰਸੀਪਲ ਡਾ. ਕਸ਼ਮੀਰ ਸਿੰਘ, ਪ੍ਰਿੰਸੀਪਲ ਡਾ. ਕੁਲਦੀਪ ਸਿੰਘ ਬੱਲ, ਵਧੀਕ ਸਕੱਤਰ ਸ. ਸੁਖਮਿੰਦਰ ਸਿੰਘ, ਸਾਬਕਾ ਚੇਅਰਮੈਨ ਸ. ਸੁਰਜੀਤ ਸਿੰਘ ਅਬਲੋਵਾਲ, ਸਾਬਕਾ ਚੇਅਰਮੈਨ ਸ. ਇੰਦਰਮੋਹਨ ਸਿੰਘ ਬਜਾਜ, ਸਾਬਕਾ ਚੇਅਰਮੈਨ ਸ. ਜਸਪਾਲ ਸਿੰਘ ਕਲਿਆਣ, ਡਾ. ਸੁਖਬੀਰ ਸਿੰਘ ਓ.ਐਸ.ਡੀ., ਸ. ਭਗਵੰਤ ਸਿੰਘ ਧੰਗੇੜਾ, ਮੈਨੇਜਰ ਸ. ਕਰਨੈਲ ਸਿੰਘ ਨਾਭਾ ਸਮੇਤ ਹੋਰ ਪ੍ਰਮੁੱਖ ਸਖਸ਼ੀਅਤਾਂ ਹਾਜਰ ਸਨ।

ਜ਼ਿਕਰਯੋਗ ਹੈ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਪ੍ਰਧਾਨ ਬੀਬੀ ਜਗੀਰ ਕੌਰ ਵੱਲੋਂ ਨੌਜੁਆਨਾਂ ਲਈ ਖੇਡਾਂ ਦੇ ਖੇਤਰ ਵਿਚ ਅੱਗੇ ਵੱਧਣ ਲਈ ਵਿਸ਼ੇਸ਼ ਪਲੇਟਫਾਰਮ ਮੁਹੱਈਆ ਕਰਵਾਉਣ ਵੱਲ ਵਿਸ਼ੇਸ਼ ਤਵੱਜੋਂ ਦਿੱਤੀ ਜਾ ਰਹੀ ਹੈ। ਇਸੇ ਤਹਿਤ ਬੀਬੀ ਜਗੀਰ ਕੌਰ ਵੱਲੋਂ ਸ਼੍ਰੋਮਣੀ ਕਮੇਟੀ ਦਾ ਨਵਾਂ ਸਪੋਰਟਸ ਡਾਇਰੈਕਟੋਰੇਟ ਲੜਕੀਆਂ ਵੀ ਸਥਾਪਤ ਕੀਤਾ ਗਿਆ ਹੈ। ਸ਼੍ਰੋਮਣੀ ਕਮੇਟੀ ਦੇ ਸਕੂਲਾਂ/ਕਾਲਜਾਂ ਅੰਦਰ ਬੱਚਿਆਂ ਤੇ ਨੌਜੁਆਨਾਂ ਲਈ ਵੱਖ-ਵੱਖ ਤਰ੍ਹਾਂ ਦੀਆਂ ਖੇਡਾਂ ਦਾ ਪ੍ਰਬੰਧ ਹੈ ਜੋ ਨੌਜੁਆਨੀ ਨੂੰ ਨਸ਼ਿਆਂ ਤੋਂ ਬਚਾਉਣ ਵਿਚ ਕਾਰਗਰ ਉਪਰਾਲਾ ਹੈ।

# ਸ਼੍ਰੋਮਣੀ ਕਮੇਟੀ ਵੱਲੋਂ ਮ੍ਰਿਤਕ ਕਿਸਾਨ ਦੇ ਪਰਿਵਾਰ ਨੂੰ ਦਿੱਤੀ ਗਈ ਵਿੱਤੀ ਸਹਾਇਤਾ



ਨਾਭਾ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਕਿਸਾਨ ਅੰਦੋਲਨ 'ਚ ਆਪਣੀਆਂ ਜਾਨਾਂ ਗਵਾਉਣ ਵਾਲਿਆਂ ਦੇ ਪਰਿਵਾਰਕ ਮੈਂਬਰਾਂ ਦੀ ਹਰ ਸੰਭਵ ਸਹਾਇਤਾ ਕੀਤੀ ਜਾ ਰਹੀ ਹੈ। ਸ਼੍ਰੋਮਣੀ ਕਮੇਟੀ ਪ੍ਰਧਾਨ ਬੀਬੀ ਜਗੀਰ ਕੌਰ ਦੇ ਆਦੇਸ਼ਾਂ ਤੇ ਨਾਭਾ ਦੇ ਪਿੰਡ ਮੰਡੌੜ ਦੇ ਮ੍ਰਿਤਕ ਕਿਸਾਨ ਨਿਰਮਲ ਸਿੰਘ ਦੀ ਪਤਨੀ ਬੀਬੀ ਗਰਦੀਪ ਕੌਰ ਨੂੰ ਸ਼੍ਰੋਮਣੀ ਕਮੇਟੀ ਵੱਲੋਂ ਇਕ ਲੱਖ ਰੁਪਏ ਦੀ ਸਹਾਇਤਾ ਰਾਸ਼ੀ ਦਾ ਚੈਕ ਭੇਜਿਆ ਗਿਆ। ਪਿੰਡ ਮੰਡੌੜ ਵਿਖੇ ਮ੍ਰਿਤਕ ਕਿਸਾਨ ਦੀ ਅੰਤਿਮ ਅਰਦਾਸ ਮੌਕੇ ਸ਼੍ਰੋਮਣੀ ਕਮੇਟੀ ਵੱਲੋਂ ਸ਼ਰਧਾਂਜਲੀ ਭੇਂਟ ਕਰਨ ਲਈ ਅੰਤ੍ਰਿੰਗ ਕਮੇਟੀ ਮੈਂਬਰ ਜਥੇਦਾਰ ਸਤਵਿੰਦਰ ਸਿੰਘ ਟੌਹੜਾ ਨੇ ਮ੍ਰਿਤਕ ਕਿਸਾਨ ਦੀ ਪਤਨੀ ਅਤੇ ਪਰਿਵਾਰਕ ਮੈਂਬਰਾਂ ਨੂੰ ਸ਼੍ਰੋਮਣੀ ਕਮੇਟੀ ਵੱਲੋਂ ਭੇਜੀ ਗਈ ਇਕ ਲੱਖ ਰੁਪਏ ਦੀ ਵਿੱਤੀ ਸਹਾਇਤਾ ਰਾਸ਼ੀ ਦਾ ਚੈਕ ਸੌਂਪਿਆ। ਇਸ ਮੌਕੇ ਸ. ਟੌਹੜਾ ਨੇ ਕਿਹਾ ਕਿ ਖੇਤੀ ਦੇ ਕਾਲੇ ਕਾਨੂੰਨਾਂ ਨੂੰ ਰੱਦ ਕਰਵਾਉਣ ਲਈ ਸੰਘਰਸ਼ ਕਰ ਰਹੇ ਅਨੇਕਾਂ ਕਿਸਾਨ ਭਰਾ ਜਾਨਾਂ ਗਵਾ ਚੁੱਕੇ ਹਨ, ਪਰ ਭਾਰਤ ਸਰਕਾਰ ਆਪਣਾ ਹੱਠ ਭਰਿਆ ਸੁਭਾਅ ਛੱਡਣ ਲਈ ਤਿਆਰ ਨਹੀਂ। ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਨੂੰ ਕਿਸਾਨਾਂ ਦੀਆਂ ਭਾਵਨਾਵਾਂ ਦਾ ਖਿਆਲ ਰੱਖਦਿਆਂ ਖੇਤੀ ਕਾਨੂੰਨਾਂ ਨੂੰ ਰੱਦ ਕਰਨਾ ਚਾਹੀਦਾ ਹੈ, ਅਤੇ ਮ੍ਰਿਤਕ ਕਿਸਾਨਾਂ ਦੇ ਪਰਿਵਾਰਾਂ ਦੀ ਸਾਰ ਵੀ ਲੈਣੀ ਚਾਹੀਦੀ ਹੈ।

# ਜੈਤੋ ਮੋਰਚੇ ਦੇ ਸ਼ਹੀਦਾਂ ਦੀ ਯਾਦ ਵਿਚ ਗੁ: ਅਕਾਲਗੜ੍ਹ ਸਾਹਿਬ ਵਿਖੇ ਗੁਰਮਤਿ ਸਮਾਗਮ



ਨਾਭਾ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਜੈਤੋ ਮੋਰਚੇ ਦੇ ਸ਼ਹੀਦਾਂ ਦੀ ਯਾਦ 'ਚ ਗੁਰਮਤਿ ਸਮਾਗਮ ਗੁਰਦੁਆਰਾ ਅਕਾਲਗੜ੍ਹ ਸਾਹਿਬ ਵਿਖੇ ਸੰਗਤਾਂ ਦੇ ਸਹਿਯੋਗ ਨਾਲ ਕਰਵਾਇਆ ਗਿਆ। ਇਸ ਮੌਕੇ ਕਥਾ ਗਿਆਨੀ ਰਾਜਿੰਦਰਪਾਲ ਸਿੰਘ ਵੱਲੋਂ ਕੀਤੀ ਗਈ ਅਤੇ ਸੱਚਖੰਡ ਸ੍ਰੀ ਦਰਬਾਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਬਲਵਿੰਦਰ ਸਿੰਘ ਦੇ ਜਥੇ ਨੇ ਸੰਗਤਾਂ ਨੂੰ ਗੁਰਬਾਣੀ ਕੀਰਤਨ ਰਾਹੀਂ ਨਿਹਾਲ ਕੀਤਾ।

ਇਸ ਮੌਕੇ ਸਾਬਕਾ ਪ੍ਰਧਾਨ ਪ੍ਰੋ. ਕਿਰਪਾਲ ਸਿੰਘ ਬਡੂੰਗਰ ਨੇ ਗੁਰਦੁਆਰਾ ਸੁਧਾਰ ਲਹਿਰ 'ਚ ਆਪਣਾ ਵੱਡਮੁੱਲਾ ਯੋਗਦਾਨ ਪਾਉਣ ਵਾਲੇ ਜੈਤੋ ਮੋਰਚੇ ਦੇ ਸ਼ਹੀਦਾਂ ਨੂੰ ਸ਼ਰਧਾ ਸਤਿਕਾਰ ਭੇਂਟ ਕਰਦਿਆਂ ਕਿਹਾ ਕਿ ਸਿੱਖ ਕੌਮ ਦੇ ਮਹਾਨ ਸ਼ਹੀਦਾਂ ਨੇ ਸਿੱਖ ਰਾਜ ਦੀ ਸਥਾਪਨਾ 'ਚ ਵੱਡਮੁੱਲਾ ਯੋਗਦਾਨ ਪਾਇਆ ਹੈ ਅਤੇ ਜਬਰ ਜ਼ੁਲਮ ਖਿਲਾਫ਼ ਅਣਖ ਅਤੇ ਗੈਰਤ ਨਾਲ ਜੀਵਨ ਜਿਉਣ ਦੀ ਜਾਂਚ ਸਿਖਾਈ ਹੈ। ਪ੍ਰੋ. ਬਡੂੰਗਰ ਨੇ ਕਿਹਾ ਕਿ ਜੈਤੋ ਮੋਰਚੇ ਦੇ ਸ਼ਹੀਦਾਂ ਨੇ ਵੀ ਸਿੱਖ ਇਤਿਹਾਸ ਅੰਦਰ ਧਰਮ ਲਈ ਆਪਣੀਆਂ ਜਾਨਾਂ ਵਾਰਕੇ ਅਦੁੱਤੀ ਅਤੇ ਲਾਸਾਨੀ ਗਾਥਾ ਲਿਖੀ ਹੈ। ਉਨ੍ਹਾਂ ਕਿਹਾ ਕਿ ਇਤਿਹਾਸ ਅੰਦਰ ਸਿੱਖਾਂ ਵੱਲੋਂ ਲੜੇ ਗਏ ਸੰਘਰਸ਼ ਅਰਦਾਸ, ਨਾਮ ਸਿਮਰਨ ਰਾਹੀਂ ਜਿੱਤੇ ਗਏ ਹਨ, ਜੋ ਚੱਲ ਰਹੇ ਕਿਸਾਨੀ ਸੰਘਰਸ਼ ਦਾ ਵੀ ਮਾਰਗ ਦਰਸ਼ਨ ਕਰ ਰਹੇ ਹਨ। ਇਸ ਮੌਕੇ ਸ. ਮਾਨਇੰਦਰ ਸਿੰਘ ਨੇ ਵੀ ਸੰਗਤਾਂ ਨੂੰ ਪ੍ਰੇਰਦਿਆਂ ਕਿਹਾ ਕਿ ਜੈਤੋ ਮੋਰਚੇ ਦੇ ਸ਼ਹੀਦਾਂ ਵੱਲੋਂ ਸਮਾਜ ਨੂੰ ਦਿੱਤੀ ਚੰਗੀ ਸੇਧ ਅਤੇ ਸੋਚ ਨੂੰ ਅਪਣਾਉਣਾ ਅੱਜ ਸਮੇਂ ਦੀ ਵੱਡੀ ਲੋੜ ਹੈ।

ਗੁਰਮਤਿ ਸਮਾਗਮ ਦੌਰਾਨ ਪੁੱਜੀਆਂ ਸਖਸ਼ੀਅਤਾਂ 'ਚ ਸ਼੍ਰੋਮਣੀ ਕਮੇਟੀ ਮੈਂਬਰ ਸ. ਬਲਤੇਜ ਸਿੰਘ ਖੋਖ, ਸ. ਦਰਸ਼ਨ ਸਿੰਘ ਖੋਖ, ਵਧੀਕ ਸਕੱਤਰ ਸ. ਪਰਮਜੀਤ ਸਿੰਘ ਸਰੋਆ, ਬਾਬਾ ਰਣਜੀਤ ਸਿੰਘ, ਸ. ਮੱਖਣ ਸਿੰਘ ਲਾਲਕਾ, ਇੰਚਾਰਜ ਸ. ਭਗਵੰਤ ਸਿੰਘ ਧੰਗੇੜਾ, ਮੈਨੇਜਰ ਸ. ਨਰਿੰਦਰਜੀਤ ਸਿੰਘ ਭਵਾਨੀਗੜ੍ਹ, ਸਮੇਤ ਵੱਡੀ ਗਿਣਤੀ 'ਚ ਸੰਗਤਾਂ ਸ਼ਾਮਲ ਸਨ।

# ਹਲਕਾ ਸਨੌਰ ਦੇ ਪਿੰਡ ਜੰਡ ਮੰਗੋਲੀ ਵਿਖੇ ਤੀਸਰਾ ਦਸਤਾਰ ਸਿਖਲਾਈ ਕੈਂਪ ਲਗਾਇਆ

ਸਨੌਰ– ਧਰਮ ਪ੍ਰਚਾਰ ਕਮੇਟੀ, ਸ੍ਰੀ ਅੰਮ੍ਰਿਤਸਰ ਵੱਲੋਂ ਸਿੱਖ ਨੌਜਵਾਨ ਸੇਵਾ ਸੁਸਾਇਟੀ ਘਨੌਰ ਦੇ ਵਿਸ਼ੇਸ਼ ਸਹਿਯੋਗ ਨਾਲ ਹਲਕਾ ਸਨੌਰ ਦੇ ਪਿੰਡ ਜੰਡ ਮੰਗੋਲੀ ਦੇ ਇਤਿਹਾਸਕ ਗੁਰਦੁਆਰਾ ਨਥਾਣਾ ਸਾਹਿਬ ਵਿਖੇ ਤੀਸਰਾ ਦਸਤਾਰ ਸਿਖਲਾਈ ਕੈਂਪ ਲਗਾਇਆ।

ਜਿਸ ਵਿਚ ਜਥੇਦਾਰ ਜਸਮੇਰ ਸਿੰਘ ਲਾਛੜੂ ਅਤੇ ਬਾਬਾ ਅਮਰੀਕ ਸਿੰਘ ਨੇ ਇਸ ਉਪਰਾਲੇ ਲਈ ਨੌਜਵਾਨਾਂ ਦੀ ਹੌਂਸਲਾ ਅਫਜਾਈ ਕੀਤੀ। ਇਸ ਦਸਤਾਰ ਸਿਖਲਾਈ ਕੈਂਪ ਚ ਦਸਤਾਰ ਕੋਚ ਸ. ਰਣਬੀਰ ਸਿੰਘ ਘਨੌਰ, ਪ੍ਰਗਟ ਸਿੰਘ ਸ਼ੇਖੂਪੁਰਾ, ਸਰਬਜੀਤ ਸਿੰਘ ਕਾਮੀ ਕਲਾਂ, ਪ੍ਰਚਾਰਕ ਲਖਵਿੰਦਰ ਸਿੰਘ ਅਜਰਾਵਰ, ਸ. ਪਰਵਿੰਦਰ ਸਿੰਘ ਬਰਾੜਾ, ਸ. ਅਵਤਾਰ ਸਿੰਘ ਬੱਲੋਪੁਰ ਸ. ਜਸਵਿੰਦਰ ਸਿੰਘ ਅਤੇ ਸ. ਸੁਰਿੰਦਰ ਸਿੰਘ ਘੁਮਾਣਾ ਨੇ ਅਹਿਮ ਸੇਵਾ ਨਿਭਾਈ।

# ਸਾਕਾ ਸ੍ਰੀ ਨਨਕਾਣਾ ਸਾਹਿਬ ਸਬੰਧੀ ਸ਼੍ਰੋਮਣੀ ਕਮੇਟੀ ਵੱਲੋਂ ਹਰਿਆਣਾ 'ਚ ਵਿਸ਼ਾਲ ਗੁਰਮਤਿ ਸਮਾਗਮ

## ਭਾਰਤ ਸਰਕਾਰ ਵੱਲੋਂ ਸ੍ਰੀ ਨਨਕਾਣਾ ਸਾਹਿਬ ਜਾਣ ਤੋਂ ਰੋਕਣਾ ਸਿੱਖਾਂ ਨੂੰ ਹਮੇਸ਼ਾਂ ਰੜਕਦਾ ਰਹੇਗਾ- ਬੀਬੀ ਜਗੀਰ ਕੌਰ





ਅੰਮ੍ਰਿਤਸਰ- ਗੁਰਦੁਆਰਾ ਸੁਧਾਰ ਲਹਿਰ ਦੌਰਾਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਅਸਥਾਨ ਗੁਰਦੁਆਰਾ ਸ੍ਰੀ ਨਨਕਾਣਾ ਸਾਹਿਬ (ਪਾਕਿਸਤਾਨ) ਨੂੰ ਮਹੰਤਾਂ ਤੋਂ ਅਜ਼ਾਦ ਕਰਵਾਉਣ ਸਮੇਂ ਵਾਪਰੇ ਸਾਕੇ ਦੀ ਸ਼ਤਾਬਦੀ ਨੂੰ ਸਮਰਪਿਤ ਸ਼੍ਰੋਮਣੀ ਕਮੇਟੀ ਵੱਲੋਂ ਹਰਿਆਣਾ 'ਚ ਪਿੰਡ ਹਾਬੜੀ ਵਿਖੇ ਵਿਸ਼ਾਲ ਗੁਰਮਤਿ ਸਮਾਗਮ ਕਰਵਾਇਆ ਗਿਆ। ਸ਼੍ਰੋਮਣੀ ਕਮੇਟੀ ਵੱਲੋਂ ਸਾਕਾ ਸ੍ਰੀ ਨਨਕਾਣਾ ਸਾਹਿਬ ਅਤੇ ਸ਼੍ਰੋਮਣੀ ਕਮੇਟੀ ਦੀ ਸਥਾਪਨਾ ਸ਼ਤਾਬਦੀ ਨੂੰ ਸਮਰਪਿਤ ਗੁਰਦੁਆਰਾ ਸੁਧਾਰ ਲਹਿਰ ਦੇ ਆਗੂਆਂ ਨੂੰ ਯਾਦ ਕਰਦਿਆਂ ਵੱਖ-ਵੱਖ ਥਾਵਾਂ 'ਤੇ ਕਰਵਾਏ ਜਾ ਰਹੇ ਸਮਾਗਮਾਂ ਤਹਿਤ ਇਹ ਸਮਾਗਮ ਹੋਇਆ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਬੀਬੀ ਜਗੀਰ ਕੌਰ ਸਮੇਤ ਹੋਰ ਪੰਥਕ ਸ਼ਖ਼ਸੀਅਤਾਂ ਨੇ ਸੰਗਤ ਨਾਲ ਵਿਚਾਰ ਸਾਂਝੇ ਕੀਤੇ ਅਤੇ ਪੰਥ ਪ੍ਰਸਿੱਧ ਰਾਗੀ, ਢਾਡੀ ਤੇ ਕਵੀਸ਼ਰ ਜੱਥਿਆਂ ਨੇ ਸੰਗਤ ਨੂੰ ਗੁਰਬਾਣੀ ਕੀਰਤਨ ਅਤੇ ਸਿੱਖ ਕੌਮ ਦੇ ਸ਼ਾਨਾਂਮੱਤੇ ਇਤਿਹਾਸ ਨਾਲ ਜੋੜਿਆ। ਦਸਣਯੋਗ ਹੈ ਕਿ ਗੁਰਦੁਆਰਾ ਸੁਧਾਰ ਲਹਿਰ ਦੇ ਅਹਿਮ ਆਗੂ ਜਥੇਦਾਰ ਕਰਤਾਰ ਸਿੰਘ ਝੱਬਰ ਦਾ ਪਰਿਵਾਰ ਦੇਸ਼ ਦੀ ਵੰਡ ਮਗਰੋਂ ਹਰਿਆਣਾ 'ਚ ਕੈਥਲ ਨੇੜਲੇ ਨਗਰ ਹਾਬੜੀ ਵਿਖੇ ਆ ਕੇ ਵੱਸਿਆ ਸੀ। ਇਥੇ ਕੀਤੇ ਗਏ ਸਮਾਗਮ ਮੌਕੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਬੀਬੀ ਜਗੀਰ ਕੌਰ ਨੇ ਆਖਿਆ ਕਿ ਦੇਸ਼ ਦੀ ਅਜ਼ਾਦੀ ਦਾ ਮੁੱਢ ਬੰਨ੍ਹਣ ਵਾਲੀ ਸਿੱਖ ਕੌਮ ਹੈ ਅਤੇ ਇਥੇ ਹੀ ਬਸ ਨਹੀਂ ਜਦੋਂ ਵੀ ਕਿਤੇ ਦੇਸ਼ ਅੰਦਰ ਆਫ਼ਤ ਆਈ ਤਾਂ ਸਿੱਖਾਂ ਨੇ ਗੁਰੂ ਸਾਹਿਬਾਨ ਦੀ ਸੋਚ ਅਨੁਸਾਰ ਵੱਡੀਆਂ ਸੇਵਾਵਾਂ ਦਿੱਤੀਆਂ। ਉਨ੍ਹਾਂ ਕਿਹਾ ਕਿ ਸੌ ਸਾਲ ਪਹਿਲਾਂ ਪਾਵਨ ਅਸਥਾਨ ਸ੍ਰੀ ਨਨਕਾਣਾ ਸਾਹਿਬ ਦੀ ਪਵਿੱਤਰਤਾ ਦੀ ਬਹਾਲੀ ਲਈ ਪੁੱਜੇ ਸਿੱਖਾਂ 'ਤੇ ਬੇਰਹਿਮੀ ਨਾਲ ਨਰੈਣੂ ਮਹੰਤ ਦੇ ਗੁੰਡਿਆਂ ਵੱਲੋਂ ਅੱਤਿਆਚਾਰ ਕਰਨਾ ਸਮਾਂ ਦਾ ਉਹ ਕਰੂਰ ਸੱਚ ਹੈ ਜਿਸ ਨੂੰ ਕਦੀ ਵੀ ਭੁਲਾਇਆ ਨਹੀਂ ਜਾ ਸਕਦਾ। ਇਸ ਦੇ ਨਾਲ ਹੀ ਭਾਰਤ ਦੀ ਮੌਜੂਦਾ ਸਰਕਾਰ ਵੱਲੋਂ ਸੌ ਸਾਲਾ ਮਨਾਉਣ ਸਮੇਂ ਸੰਗਤ ਨੂੰ ਰੋਕਣ ਦਾ ਦੁੱਖਦਾਈ ਪੰਨਾ ਵੀ ਸਿੱਖਾਂ ਨੂੰ ਹਮੇਸ਼ਾਂ ਰੜਕਦਾ ਰਹੇਗਾ। ਬੀਬੀ ਜਗੀਰ ਕੌਰ ਨੇ ਸੰਗਤ ਨੂੰ ਅਪੀਲ ਕੀਤੀ ਕਿ ਨੌਜੁਆਨੀ ਨੂੰ ਆਪਣੇ ਇਤਿਹਾਸ ਨਾਲ ਜੋੜਨ ਲਈ ਵਿਸ਼ੇਸ਼ ਤਵੱਜੋਂ ਦਿੱਤੀ ਜਾਵੇ। ਉਨ੍ਹਾਂ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਹਾਬੜੀ ਲਈ ਵਿੱਤੀ ਸਹਾਇਤਾ ਦਾ ਵੀ ਐਲਾਨ ਕੀਤਾ।

ਇਸ ਮੌਕੇ ਪ੍ਰਮੁੱਖ ਸ਼ਖ਼ਸੀਅਤਾਂ ਨੂੰ ਗੁਰੂ ਬਖਸ਼ਿਸ ਸਿਰੋਪਾਓ ਅਤੇ ਸਨਮਾਨ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ। ਸਮਾਗਮ ਸਮੇਂ ਜਥੇਦਾਰ ਝੱਬਰ ਦੇ ਪੋਤਰੇ ਸ. ਜੋਗਰਾਜ ਸਿੰਘ ਝੱਬਰ, ਅੰਤ੍ਰਿੰਗ ਕਮੇਟੀ ਮੈਂਬਰ ਸ. ਹਰਭਜਨ ਸਿੰਘ ਮਸਾਣਾਂ, ਸ. ਭੁਪਿੰਦਰ ਸਿੰਘ ਆਸੰਧ, ਸ. ਜਗਸੀਰ ਸਿੰਘ ਮਾਂਗੇਆਣਾ, ਸ. ਬਲਦੇਵ ਸਿੰਘ ਖਾਲਸਾ, ਸ. ਤੇਜਿੰਦਰਪਾਲ ਸਿੰਘ ਲਾਡਵਾ, ਬੀਬੀ ਅਰਵਿੰਦਰ ਕੌਰ, ਬਾਬਾ ਸੁੱਖਾ ਸਿੰਘ ਕਾਰਸੇਵਾ ਕਰਨਾਲ, ਬਾਬਾ ਪਾਲਾ ਸਿੰਘ, ਸ. ਸ਼ਰਨਜੀਤ ਸਿੰਘ ਸੋਥਾ, ਸ. ਸੁਖਬੀਰ ਸਿੰਘ ਮਾਂਡੀ, ਵਧੀਕ ਸਕੱਤਰ ਸ. ਪਰਮਜੀਤ ਸਿੰਘ ਸਰੋਆ, ਹੈੱਡ ਪ੍ਰਚਾਰਕ ਭਾਈ ਜਗਦੇਵ ਸਿੰਘ, ਇੰਚਾਰਜ ਸ. ਮੰਗਪ੍ਰੀਤ ਸਿੰਘ, ਸ. ਪਰਮਜੀਤ ਸਿੰਘ ਇੰਚਾਰਜ, ਬੀਬੀ ਸ਼ਸ਼ੀ ਕੌਰ ਖਾਲਸਾ, ਸ. ਪ੍ਰਤਾਪ ਸਿੰਘ ਤਰਾਵੜੀ, ਸ. ਬਲਕਾਰ ਸਿੰਘ ਕਰਨਾਲ ਤੇ ਸੰਗਤਾਂ ਹਾਜ਼ਰ ਸਨ।

# ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਦੇ 400 ਸਾਲਾ ਪ੍ਰਕਾਸ਼ ਪੁਰਬ ਮੌਕੇ ਸ੍ਰੀ ਅੰਮ੍ਰਿਤਸਰ ਨੂੰ ਰੁਸ਼ਨਾਇਆ ਜਾਵੇਗਾ-ਬੀਬੀ ਜਗੀਰ ਕੌਰ



ਅੰਮ੍ਰਿਤਸਰ- ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਦੇ 400 ਸਾਲਾ ਪ੍ਰਕਾਸ਼ ਪੁਰਬ ਸਮਾਗਮਾਂ ਸਮੇਂ ਗੁਰੂ ਨਗਰੀ ਸ੍ਰੀ ਅੰਮ੍ਰਿਤਸਰ ਨੂੰ ਖ਼ੂਬਸੂਰਤ ਢੰਗ ਨਾਲ ਸਜਾਇਆ ਜਾਵੇਗਾ ਅਤੇ ਇਥੇ ਹੋਣ ਵਾਲਾ ਮੁੱਖ ਸਮਾਗਮ ਯਾਦਗਾਰੀ ਹੋਵੇਗਾ। ਇਹ ਪ੍ਰਗਟਾਵਾ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਬੀਬੀ ਜਗੀਰ ਕੌਰ ਨੇ ਸ਼੍ਰੋਮਣੀ ਕਮੇਟੀ ਦੇ ਮਾਝਾ ਅਤੇ ਦੁਆਬਾ ਖੇਤਰ ਨਾਲ ਸਬੰਧਤ ਮੈਂਬਰਾਂ ਦੀ ਇਕੱਤਰਤਾ ਮਗਰੋਂ ਕੀਤਾ। ਬੀਬੀ ਜਗੀਰ ਕੌਰ ਨੇ ਕਿਹਾ ਕਿ ਨੌਵੇਂ ਪਾਤਸ਼ਾਹ ਦੇ ਪ੍ਰਕਾਸ਼ ਅਸਥਾਨ ਗੁਰਦੁਆਰਾ ਗੁਰੂ ਕੇ ਮਹਿਲ ਨੂੰ ਸੋਧਿਤ ਹੁੰਦਿਆਂ ਸ਼ਤਾਬਦੀ ਦੇ ਮੁੱਖ ਸਮਾਗਮ ਸ੍ਰੀ ਅੰਮ੍ਰਿਤਸਰ ਵਿਖੇ ਖ਼ਾਲਸਈ ਜਾਹੋ-ਜਲਾਲ ਨਾਲ ਮਨਾਏ ਜਾਣਗੇ। 1 ਮਈ 2021 ਨੂੰ ਮੁੱਖ ਸਮਾਗਮ ਖੁੱਲ੍ਹੇ ਪੰਡਾਲ ਵਿਚ ਹੋਵੇਗਾ, ਜਦਕਿ ਇਸ ਤੋਂ ਪਹਿਲਾਂ ਹਫ਼ਤਾ ਭਰ ਵੱਖ-ਵੱਖ ਸਮਾਗਮ ਜਾਰੀ ਰਹਿਣਗੇ। 400 ਸਾਲਾ ਪ੍ਰਕਾਸ਼ ਸ਼ਤਾਬਦੀ ਪ੍ਰਤੀ ਸੰਗਤ ਅੰਦਰ ਉਤਸ਼ਾਹ ਪੈਦਾ ਕਰਨ ਅਤੇ ਗੁਰੂ ਸਾਹਿਬ ਦੇ ਫਲਸਫੇ ਦੇ ਪ੍ਰਚਾਰ ਲਈ ਦੇਸ਼ ਭਰ ਵਿਚ ਵੱਖ-ਵੱਖ ਸਮਾਗਮ ਵੀ ਕਰਵਾਏ ਜਾਣਗੇ, ਜਿਨ੍ਹਾਂ ਦੀ ਸ਼ੁਰੂਆਤ ਕੀਤੀ ਜਾ ਚੁੱਕੀ ਹੈ। ਬੀਬੀ ਜਗੀਰ ਕੌਰ ਨੇ ਕਿਹਾ ਕਿ ਇਹ ਮੌਕਾ ਸਮੁੱਚੇ ਸਿੱਖ ਜਗਤ ਲਈ ਬੇਹੱਦ ਖਾਸ ਹੈ ਅਤੇ ਸਮਾਗਮਾਂ ਦਾ ਜਲੌ ਵੀ ਖਿੱਚ ਦਾ ਕੇਂਦਰ ਹੋਵੇਗਾ। ਇਸੇ ਤਹਿਤ ਸ੍ਰੀ ਅੰਮ੍ਰਿਤਸਰ ਨੂੰ ਖਾਸ ਢੰਗ ਨਾਲ ਸਜਾਉਣ ਲਈ ਵਿਉਂਤਬੰਦੀ ਕੀਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਮੁੱਖ ਸਮਾਗਮਾਂ ਦੌਰਾਨ ਸੰਗਤ ਦੀ ਭਰਵੀਂ ਸ਼ਮੂਲੀਅਤ ਲਈ ਸ਼੍ਰੋਮਣੀ ਕਮੇਟੀ ਦੇ ਮੈਂਬਰ ਆਪੋ-ਆਪਣੇ ਹਲਕੇ ਵਿਚ ਸੰਗਤਾਂ ਨਾਲ ਰਾਬਤਾ ਕਾਇਮ ਕਰਨਗੇ।

ਬੀਬੀ ਜਗੀਰ ਕੌਰ ਨੇ ਕਿਹਾ ਕਿ ਮੈਂਬਰਾਂ ਨੇ ਅੱਜ ਦੀ ਇਕੱਤਰਤਾ ਦੌਰਾਨ ਸ਼ਤਾਬਦੀ ਨੂੰ ਲੈ ਕੇ ਚੰਗੇ ਸੁਝਾਅ ਦਿੱਤੇ ਹਨ, ਜਿਨ੍ਹਾਂ ਨੂੰ ਧਿਆਨ ਵਿਚ ਰੱਖਿਆ ਜਾਵੇਗਾ। ਉਨ੍ਹਾਂ ਕਿਹਾ ਕਿ ਸ਼ਤਾਬਦੀ ਤੋਂ ਇਲਾਵਾ ਸ਼੍ਰੋਮਣੀ ਕਮੇਟੀ ਦੇ ਪ੍ਰਬੰਧਾਂ ਨੂੰ ਲੈ ਮੈਂਬਰਾਂ ਨਾਲ ਹਰ ਤਿੰਨ ਮਹੀਨੇ ਬਾਅਦ ਇਕੱਤਰਤਾ ਕੀਤੀਆਂ ਜਾਇਆ ਕਰਨਗੀਆਂ। ਉਨ੍ਹਾਂ ਇਹ ਵੀ ਦੱਸਿਆ ਕਿ ਅੱਜ ਦੀ ਇਕੱਤਰਤਾ ਵਿਚ ਸ਼੍ਰੋਮਣੀ ਕਮੇਟੀ ਦੇ ਬਜਟ ਇਜਲਾਸ ਬਾਰੇ ਵੀ ਵਿਚਾਰ-ਵਟਾਂਦਰਾਂ ਕੀਤਾ ਗਿਆ ਹੈ ਅਤੇ ਮੈਂਬਰਾਂ ਪਾਸੋਂ ਸੰਸਥਾ ਦੇ ਵਿੱਤੀ ਮਾਮਲਿਆਂ ਸਬੰਧੀ ਰਾਏ ਲਈ ਗਈ ਹੈ।

ਇਕੱਤਰਤਾ ਵਿਚ ਸੀਨੀਅਰ ਮੀਤ ਪ੍ਰਧਾਨ ਸ. ਸੁਰਜੀਤ ਸਿੰਘ ਭਿੱਟੇਵੱਡ, ਜਨਰਲ ਸਕੱਤਰ ਐਡਵੋਕੇਟ ਭਗਵੰਤ ਸਿੰਘ ਸਿਆਲਕਾ, ਮੁੱਖ ਸਕੱਤਰ ਐਡਵੋਕੇਟ ਹਰਜਿੰਦਰ ਸਿੰਘ ਧਾਮੀ, ਅੰਤ੍ਰਿੰਗ ਮੈਂਬਰ ਬਾਬਾ ਚਰਨਜੀਤ ਸਿੰਘ ਜੱਸੋਵਾਲ, ਸ. ਅਮਰੀਕ ਸਿੰਘ ਸ਼ਾਹਪੁਰ, ਮੈਂਬਰ ਭਾਈ ਰਜਿੰਦਰ ਸਿੰਘ ਮਹਿਤਾ, ਸ. ਅਲਵਿੰਦਰਪਾਲ ਸਿੰਘ ਪੱਖੋਕੇ, ਭਾਈ ਮਨਜੀਤ ਸਿੰਘ, ਭਾਈ ਰਾਮ ਸਿੰਘ, ਸ. ਕੁਲਵੰਤ ਸਿੰਘ ਮੰਨਣ, ਭਾਈ ਅਮਰਜੀਤ ਸਿੰਘ ਚਾਵਲਾ, ਭਾਈ ਗੁਰਿੰਦਰਪਾਲ ਸਿੰਘ ਗੋਰਾ, ਸ. ਸੁਰਿੰਦਰ ਸਿੰਘ ਭੁੱਲੇਵਾਲ ਰਾਠਾਂ, ਸ. ਤਾਰਾ ਸਿੰਘ ਸੱਲਾ, ਬੀਬੀ ਪਰਮਜੀਤ ਕੌਰ ਲਾਂਡਰਾਂ, ਸ. ਹਰਜਾਪ ਸਿੰਘ ਸੁਲਤਾਨਵਿੰਡ, ਸ. ਜਰਨੈਲ ਸਿੰਘ ਡੋਗਰਾਂਵਾਲਾ, ਸ. ਗੁਰਨਾਮ ਸਿੰਘ ਜੱਸਲ, ਸ. ਮੰਗਵਿੰਦਰ ਸਿੰਘ ਖਾਪੜਖੇੜੀ, ਸ. ਰਣਜੀਤ ਸਿੰਘ ਕਾਹਲੋਂ, ਸ. ਸਰਵਨ ਸਿੰਘ ਕੁਲਾਰ, ਸ. ਬਾਵਾ ਸਿੰਘ ਗੁਮਾਨਪੁਰਾ, ਭਾਈ ਅਜਾਇਬ ਸਿੰਘ ਅਭਿਆਸੀ, ਸ. ਅਮਰੀਕ ਸਿੰਘ ਵਿਛੋਆ, ਸ. ਬਲਜੀਤ ਸਿੰਘ ਜਲਾਲਉਸਮਾਂ, ਬੀਬੀ ਕਿਰਨਜੋਤ ਕੌਰ, ਸ. ਅਮਰਜੀਤ ਸਿੰਘ ਬੰਡਾਲਾ, ਬੀਬੀ ਸਰਵਨ ਕੌਰ ਤੇੜਾ, ਸ. ਕੁਲਦੀਪ ਸਿੰਘ, ਬੀਬੀ ਗੁਰਪ੍ਰੀਤ ਕੌਰ ਰੂਹੀ, ਬੀਬੀ ਜੋਗਿੰਦਰ ਕੋਰ, ਬੀਬੀ ਰਣਜੀਤ ਕੌਰ ਮਾਹਲਪੁਰ, ਸ. ਖੁਸ਼ਵਿੰਦਰ ਸਿੰਘ ਭਾਟੀਆ, ਸ. ਸੁਖਵਰਸ਼ ਸਿੰਘ ਪੰਨੂ, ਸ. ਰਤਨ ਸਿੰਘ ਜੱਫਰਵਾਲ, ਮੀਤ ਸਕੱਤਰ ਸ. ਕੁਲਵਿੰਦਰ ਸਿੰਘ ਰਮਦਾਸ, ਓਐਸਡੀ ਡਾ. ਅਮਰੀਕ ਸਿੰਘ ਲਤੀਫਪੁਰ, ਡਾ. ਸੁਖਬੀਰ ਸਿੰਘ, ਸੁਪ੍ਰਿੰਟੈਂਡੈਂਟ ਸ. ਮਲਕੀਤ ਸਿੰਘ ਬਹਿੜਵਾਲ ਆਦਿ ਮੌਜੂਦ ਸਨ।

# ਸ਼ਤਾਬਦੀਆਂ ਨੂੰ ਜਾਹੋ ਜਲਾਲ ਨਾਲ ਮਨਾਉਣਾ ਸਮੁੱਚੀ ਕੌਮ ਦੀ ਅਹਿਮ ਜ਼ਿੰਮੇਵਾਰੀ -ਬੀਬੀ ਜਗੀਰ ਕੌਰ

## 400 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਪਾਠ ਬੋਧ ਸਮਾਗਮ ਸੰਪੰਨ



ਪਟਿਆਲਾ-ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ 400 ਸਾਲਾ ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ ਸ਼੍ਰੋਮਣੀ ਕਮੇਟੀ ਦੀ ਧਰਮ ਪ੍ਰਚਾਰ ਕਮੇਟੀ ਵੱਲੋਂ ਗੁਰਦੁਆਰਾ ਸ੍ਰੀ ਦੂਖਨਿਵਾਰਨ ਸਾਹਿਬ ਪਟਿਆਲਾ ਵਿਖੇ ਪਾਠ ਬੋਧ ਸਮਾਗਮ ਦੀ ਸੰਪੂਰਨਤਾ ਹੈਡ ਗ੍ਰੰਥੀ ਭਾਈ ਪ੍ਰਨਾਮ ਸਿੰਘ ਵੱਲੋਂ ਅਰਦਾਸ ਉਪਰੰਤ ਕੀਤੀ ਗਈ। ਇਸ ਮੌਕੇ ਸੰਗਤਾਂ ਦੇ ਇਕੱਠ ਨੂੰ ਸੰਬੋਧਨ ਕਰਦਿਆਂ ਸ਼੍ਰੋਮਣੀ ਕਮੇਟੀ ਪ੍ਰਧਾਨ ਬੀਬੀ ਜਗੀਰ ਕੌਰ ਨੇ ਕਿਹਾ ਕਿ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਦੇ ਜੀਵਨ ਇਤਿਹਾਸ, ਵਿਚਾਰਧਾਰਾ ਅਤੇ ਉਦੇਸ਼ ਨੂੰ ਘਰ-ਘਰ ਪਹੁੰਚਾਉਣ ਲਈ ਸ਼੍ਰੋਮਣੀ ਕਮੇਟੀ ਨੇ ਪੰਜਾਬ, ਹਰਿਆਣਾ, ਦਿੱਲੀ ਸਮੇਤ ਦੇਸ਼ ਦੇ ਵੱਖ-ਵੱਖ ਥਾਵਾਂ ਤੱਕ ਬਾਣੀ ਪ੍ਰਵਾਹ ਚਲਾਉਣ ਦਾ ਟੀਚਾ ਮਿੱਥਿਆ ਹੈ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਵੱਲੋਂ ਮਨਾਈਆਂ ਜਾ ਰਹੀਆਂ ਸ਼ਤਾਬਦੀਆਂ ਧਰਮ ਦੇ ਪ੍ਰਚਾਰ ਅਤੇ ਪ੍ਰੇਰਨਾ ਦਾ ਵੱਡਾ ਸੋਮਾ ਹਨ ਅਤੇ ਸ਼ਤਾਬਦੀਆਂ ਨੂੰ ਜਾਹੋ ਜਲਾਲ ਨਾਲ ਮਨਾਉਣਾ ਸਮੁੱਚੀ ਕੌਮ ਦੀ ਅਹਿਮ ਜ਼ਿੰਮੇਵਾਰੀ ਹੈ। ਉਨ੍ਹਾਂ ਕਿਹਾ ਕਿ ਗੁਰੂ ਸਾਹਿਬ ਨੇ ਮਨੁੱਖੀ ਮਨ ਤੋਂ ਮੌਤ ਦਾ ਡਰ ਦੂਰ ਕਰਕੇ ਨਿਰਭਉ ਹੋ ਜਾਣ ਦੀ ਜੀਵਨ ਜਾਂਚ ਸਿਖਾਈ ਹੈ, ਜਿਸ ਨੂੰ ਅਮਲੀਜਾਮਾ ਪਹਿਨਾਉਣਾ ਸਮੇਂ ਦੀ ਵੱਡੀ ਲੋੜ ਹੈ।

ਬੀਬੀ ਜਗੀਰ ਕੌਰ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਇਸ ਵਰ੍ਹੇ ਨੂੰ ਸ਼ਤਾਬਦੀ ਵਰ੍ਹੇ ਵਜੋਂ ਮਨਾ ਰਹੀ ਹੈ। ਉਨ੍ਹਾਂ ਕਿਹਾ ਕਿ ਗੁਰੂ ਸਾਹਿਬ ਜੀ ਦੇ ਪ੍ਰਕਾਸ਼ ਅਸਥਾਨ ਗੁਰਦੁਆਰਾ ਗੁਰੂ ਕੇ ਮਹਿਲ ਸ੍ਰੀ ਅੰਮ੍ਰਿਤਸਰ ਸਾਹਿਬ ਤੋਂ ਦਿੱਲੀ ਤੀਕ ਵਿਸ਼ਾਲ ਨਗਰ ਕੀਰਤਨ ਸਜਾਇਆ ਜਾਵੇਗਾ। ਇਸ ਮੌਕੇ ਸ਼੍ਰੋਮਣੀ ਕਮੇਟੀ ਪ੍ਰਧਾਨ ਬੀਬੀ ਜਗੀਰ ਕੌਰ ਨੇ ਪਾਠ ਬੋਧ ਸਮਾਗਮ ਦੌਰਾਨ ਗੁਰਬਾਣੀ ਦੀ ਸੰਥਿਆ 'ਚ ਸਹਿਯੋਗ ਕਰਨ ਵਾਲੇ ਵਿਦਿਆਰਥੀਆਂ, ਸਿੱਖ ਸਭਾਵਾਂ ਅਤੇ ਸੁਸਾਇਟੀਆਂ ਨੂੰ ਵੀ ਸਰਟੀਫਿਕੇਟ ਅਤੇ ਸਨਮਾਨ ਚਿੰਨ ਦੇ ਕੇ ਸਨਮਾਨਤ ਕੀਤਾ। ਇਸ ਮੌਕੇ ਅੰਤ੍ਰਿੰਗ ਕਮੇਟੀ ਮੈਂਬਰ ਸ. ਸਤਵਿੰਦਰ ਸਿੰਘ ਨੇ ਪੁੱਜੀਆਂ ਸੰਗਤਾਂ ਅਤੇ ਪ੍ਰਮੁੱਖ ਸਖ਼ਸੀਅਤਾਂ ਦਾ ਧੰਨਵਾਦ ਕੀਤਾ। ਸਮਾਗਮ ਦੇ ਅੰਤ 'ਚ ਸੰਤ ਮਹਾਂਪੁਰਸ਼ਾਂ, ਸ਼੍ਰੋਮਣੀ ਕਮੇਟੀ ਮੈਂਬਰਾਂ ਅਤੇ ਗੁਰਦੁਆਰਾ ਪ੍ਰਬੰਧਕਾਂ ਵੱਲੋਂ ਸ਼੍ਰੋਮਣੀ ਕਮੇਟੀ ਪ੍ਰਧਾਨ ਨੂੰ ਸਨਮਾਨਤ ਵੀ ਕੀਤਾ।

ਇਸ ਮੌਕੇ ਹੋਰਨਾਂ ਤੋਂ ਇਲਾਵਾ ਸਾਬਕਾ ਪ੍ਰਧਾਨ ਪ੍ਰੋ. ਕਿਰਪਾਲ ਸਿੰਘ ਬਡੂੰਗਰ, ਜ਼ਿਲ੍ਹਾ ਪ੍ਰਧਾਨ ਸੁਰਜੀਤ ਸਿੰਘ ਰੱਖੜਾ, ਸ਼੍ਰੋਮਣੀ ਕਮੇਟੀ ਮੈਂਬਰ ਬੀਬੀ ਕੁਲਦੀਪ ਕੌਰ ਟੌਹੜਾ, ਸ. ਜਰਨੈਲ ਸਿੰਘ ਕਰਤਾਰਪੁਰ, ਜਥੇਦਾਰ ਸ਼ਵਿੰਦਰ ਸਿੰਘ ਸੱਭਰਵਾਲ, ਸਾਬਕਾ ਜਥੇਦਾਰ ਗਿਆਨੀ ਜੋਗਿੰਦਰ ਸਿੰਘ ਵੇਦਾਂਤੀ, ਬਾਬਾ ਹਰਚਰਨ ਸਿੰਘ ਨਾਨਕਸਰ ਕੁਟੀਆਂ ਵਾਲੇ, ਬੁੱਢਾ ਦਲ ਵੱਲੋਂ ਭਾਈ ਹਰਪ੍ਰੀਤ ਸਿੰਘ, ਭਾਈ ਸੁਖਜੀਤ ਸਿੰਘ, ਮਾਲਵਾ ਜ਼ੋਨ ਦੇ ਇੰਚਾਰਜ ਸਤਬੀਰ ਸਿੰਘ ਖੱਟੜਾ, ਸਾਬਕਾ ਚੇਅਰਮੈਨ ਇੰਦਰਮੋਹਨ ਸਿੰਘ ਬਜਾਜ, ਸਾਬਕਾ ਚੇਅਰਮੈਨ ਸੁਰਜੀਤ ਸਿੰਘ ਅਬਲੋਵਾਲ, ਸਾਬਕਾ ਚੇਅਰਮੈਨ ਲਖਵੀਰ ਸਿੰਘ ਲੌਟ, ਬਾਬਾ ਇੰਦਰ ਸਿੰਘ ਕਾਰ ਸੇਵਾ ਵਾਲੇ, ਕਥਾਵਾਚਕ ਗਿਆਨੀ ਪ੍ਰਿਤਪਾਲ ਸਿੰਘ, ਨਿੱਜੀ ਸਹਾਇਕ ਡਾ. ਸੁਖਵੀਰ ਸਿੰਘ, ਇੰਚਾਰਜ ਸ. ਭਗਵੰਤ ਸਿੰਘ ਧੰਗੇੜਾ, ਮੈਨੇਜਰ ਸ. ਕਰਨੈਲ ਸਿੰਘ ਨਾਭਾ, ਐਡੀਸ਼ਨਲ ਮੈਨੇਜਰ ਸ. ਕਰਨੈਲ ਸਿੰਘ, ਸ. ਅਮਰਪਾਲ ਸਿੰਘ, ਸਾਬਕਾ ਮੈਂਬਰ ਬੀਬੀ ਕਮਲੇਸ਼ ਕੌਰ, ਬੀਬੀ ਪਰਮਜੀਤ ਕੌਰ, ਸ. ਕੰਵਲਜੀਤ ਸਿੰਘ ਗੋਨਾ, ਪ੍ਰਚਾਰਕ ਭਾਈ ਪਰਮਜੀਤ ਸਿੰਘ ਗੁਰਦਾਸਪੁਰੀ, ਭਾਈ ਪਰਵਿੰਦਰ ਸਿੰਘ ਬਰਾੜਾ, ਭਾਈ ਲਖਵਿੰਦਰ ਸਿੰਘ ਅਜਰੌਰ, ਭਾਈ ਪਰਵਿੰਦਰ ਸਿੰਘ ਰਿਓਂਦ, ਭਾਈ ਜਸਵੀਰ ਸਿੰਘ, ਭਾਈ ਸੁਖਬੀਰ ਸਿੰਘ ਫਲੌਂਡ, ਆਦਿ ਹਾਜ਼ਰ ਸਨ।

# ਸ਼੍ਰੋਮਣੀ ਕਮੇਟੀ ਦੀ ਅੰਤ੍ਰਿੰਗ ਕਮੇਟੀ ਵੱਲੋਂ ਕਈ ਅਹਿਮ ਫੈਸਲਿਆਂ 'ਤੇ ਮੋਹਰ

## ਲੰਗਰ ਸ੍ਰੀ ਗੁਰੂ ਰਾਮਦਾਸ ਜੀ ਲਈ ਸੋਲਰ ਸਿਸਟਮ ਦੀ ਸੇਵਾ ਯੂਨਾਈਟਡ ਸਿੱਖ ਮਿਸ਼ਨ ਅਮਰੀਕਾ ਨੂੰ ਸੌਂਪੀ



ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਲੰਗਰ ਸ੍ਰੀ ਗੁਰੂ ਰਾਮਦਾਸ ਜੀ ਲਈ ਸੋਲਰ ਸਿਸਟਮ ਲਗਾਉਣ ਦੀ ਸੇਵਾ ਯੂਨਾਈਟਡ ਸਿੱਖ ਮਿਸ਼ਨ ਅਮਰੀਕਾ ਨੂੰ ਦੇਣ ਦਾ ਫੈਸਲਾ ਕੀਤਾ ਹੈ। ਇਸ ਸਬੰਧ ਵਿਚ ਆਉਣ ਵਾਲਾ ਸਾਰਾ ਖ਼ਰਚਾ ਯੂਨਾਈਟਡ ਸਿੱਖ ਮਿਸ਼ਨ ਵੱਲੋਂ ਕੀਤਾ ਜਾਵੇਗਾ। ਸ਼੍ਰੋਮਣੀ ਕਮੇਟੀ ਦੀ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਮਗਰੋਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਬੀਬੀ ਜਗੀਰ ਕੌਰ ਕਿਹਾ ਕਿ ਪਿਛਲੀ ਇਕੱਤਰਤਾ ਵਿਚ ਗੁਰੂ ਘਰਾਂ ਅੰਦਰ ਸੋਲਰ ਸਿਸਟਮ ਲਗਾਉਣ ਦਾ ਫੈਸਲਾ ਕੀਤਾ ਗਿਆ ਸੀ, ਜਿਸ ਤਹਿਤ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਲੰਗਰ ਸ੍ਰੀ ਗੁਰੂ ਰਾਮਦਾਸ ਜੀ ਲਈ ਸੇਵਾ ਲਈ ਯੂਨਾਈਟਡ ਸਿੱਖ ਮਿਸ਼ਨ ਦੇ ਸ. ਰਸ਼ਪਾਲ ਸਿੰਘ ਢੀਂਡਸਾ ਨੇ ਪੇਸ਼ਕਸ਼ ਕੀਤੀ ਹੈ। ਇਸ ਨੂੰ ਅੰਤ੍ਰਿੰਗ ਕਮੇਟੀ ਵੱਲੋਂ ਪ੍ਰਵਾਨ ਕਰ ਲਿਆ ਗਿਆ ਹੈ ਅਤੇ ਇਸ ਦੇ ਨਾਲ ਹੀ ਲੰਗਰ ਲਈ ਭਾਫ਼ ਸਿਸਟਮ ਲਗਾਉਣ ਦੀ ਸੇਵਾ ਬਾਬਾ ਬਲਜਿੰਦਰ ਸਿੰਘ ਰਾੜਾ ਸਾਹਿਬ ਵਾਲਿਆਂ ਨੂੰ ਸੌਂਪਣ ਦਾ ਵੀ ਫੈਸਲਾ ਕੀਤਾ ਹੈ।

ਉਨ੍ਹਾਂ ਇਕੱਤਰਤਾ 'ਚ ਲਏ ਗਏ ਹੋਰ ਫੈਸਲਿਆਂ ਬਾਰੇ ਦੱਸਿਆ ਕਿ ਸ਼੍ਰੋਮਣੀ ਕਮੇਟੀ ਵੱਲੋਂ ਸਾਕਾ ਸ੍ਰੀ ਨਨਕਾਣਾ ਸਾਹਿਬ ਦੀ ਸ਼ਤਾਬਦੀ ਦੇ ਮੁੱਖ ਸਮਾਗਮ ਗੋਧਰਪੁਰ (ਗੁਰਦਾਸਪੁਰ) ਵਿਖੇ ਕੀਤੇ ਜਾਣਗੇ। ਇਨ੍ਹਾਂ ਗੁਰਮਤਿ ਸਮਾਗਮ ਦੌਰਾਨ ਸਿੱਖ ਪੰਥ ਦੀਆਂ ਮਹਾਨ ਸ਼ਖ਼ਸੀਅਤਾਂ ਸ਼ਿਰਕਤ ਕਰਨਗੀਆਂ। ਉਨ੍ਹਾਂ ਦੱਸਿਆ ਕਿ ਗੋਧਰਪੁਰ ਵਿਖੇ ਸ਼ਹੀਦ ਭਾਈ ਲਸ਼ਮਣ ਸਿੰਘ ਦਾ ਪਰਿਵਾਰ ਵੱਸਿਆ ਸੀ, ਜਿਨ੍ਹਾਂ ਦੀ ਯਾਦ ਵਿਚ ਉਥੇ ਗੁਰਦੁਆਰਾ ਸਾਹਿਬ ਸੁਸ਼ੋਭਿਤ ਹੈ। ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਚਾਰ ਸੌ ਸਾਲਾ ਪ੍ਰਕਾਸ਼ ਪੁਰਬ ਦੇ ਸਬੰਧ ਵਿਚ ਉਨ੍ਹਾਂ ਦੱਸਿਆ ਕਿ ਵਿਸ਼ਾਲ ਸਮਾਗਮਾਂ ਤੋਂ ਇਲਾਵਾ ਨਗਰ ਕੀਰਤਨ ਵੀ ਵਿਸ਼ੇਸ਼ ਹੋਣਗੇ। ਇਕ ਨਗਰ ਕੀਰਤਨ ਗੁਰੂ ਸਾਹਿਬ ਜੀ ਦੇ ਪ੍ਰਕਾਸ਼ ਅਸਥਾਨ ਗੁਰਦੁਆਰਾ ਗੁਰੂ ਕੇ ਮਹਿਲ ਸ੍ਰੀ ਅੰਮ੍ਰਿਤਸਰ ਸਾਹਿਬ ਤੋਂ ਦਿੱਲੀ ਤੀਕ ਸਜਾਇਆ ਜਾਵੇਗਾ। ਹੋਰ ਫੈਸਲਿਆਂ ਬਾਰੇ ਬੀਬੀ ਜਗੀਰ ਕੌਰ ਨੇ ਦੱਸਿਆ ਕਿ ਸਜ਼ਾ ਯਾਫਤਾ ਭਾਈ ਬਲਵੰਤ ਸਿੰਘ ਰਾਜੋਆਣਾ ਮਾਮਲੇ ਵਿਚ ਭਾਰਤ ਸਰਕਾਰ ਨੂੰ ਜਲਦ ਫੈਸਲਾ ਲੈਣ ਦੀ ਅਪੀਲ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਭਾਈ ਰਾਜੋਆਣਾ ਕੇਸ ਦੇ ਮਾਮਲੇ ਵਿਚ ਭਾਰਤ ਸਰਕਾਰ ਨੂੰ ਦੇਰੀ ਨਹੀਂ ਕਰਨੀ ਚਾਹੀਦੀ। ਸੁਪਰੀਮ ਕੋਰਟ ਵੱਲੋਂ ਵੀ ਇਸ ਬਾਰੇ ਸਰਕਾਰ ਨੂੰ ਨਿਰਦੇਸ਼ ਜਾਰੀ ਕੀਤੇ ਜਾ ਚੁੱਕੇ ਹਨ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਵੱਲੋਂ ਭਾਈ ਰਾਜੋਆਣਾ ਦਾ ਕੇਸ ਨਿਰੰਤਰ ਲੜਿਆ ਜਾ ਰਿਹਾ ਹੈ। ਹਰ ਪੇਸ਼ੀ ਮੌਕੇ ਸ਼੍ਰੋਮਣੀ ਕਮੇਟੀ ਵੱਲੋਂ 11 ਲੱਖ ਰੁਪਏ ਦੀ ਰਾਸ਼ੀ ਭੇਜੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਭਾਈ ਰਾਜੋਆਣਾ ਕੇਸ ਦੇ ਮਾਮਲੇ ਵਿਚ ਮੱਦਦ ਲਈ ਵਚਨਬੱਧ ਹੈ।

ਬੀਬੀ ਜਗੀਰ ਕੌਰ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਦੇ ਸੈਕਸ਼ਨ-87 ਅਧੀਨ ਆਉਂਦੇ ਕਈ ਗੁਰਦੁਆਰਿਆਂ ਜਿਨ੍ਹਾਂ ਦੀ ਆਮਦਨ ਸਾਲਾਨਾ 35 ਲੱਖ ਤੋਂ ਜ਼ਿਆਦਾ ਹੈ, ਨੂੰ ਸੈਕਸ਼ਨ-85 ਅਧੀਨ ਸਿੱਧੇ ਪ੍ਰਬੰਧ ਲਈ ਭਾਰਤ ਸਰਕਾਰ ਪਾਸ ਕੇਸ ਭੇਜਿਆ ਗਿਆ ਹੈ, ਪਰੰਤੂ ਅਜੇ ਤੀਕ ਸਰਕਾਰ ਵੱਲੋਂ ਨੋਟੀਫਿਕੇਸ਼ਨ ਨਹੀਂ ਕੀਤਾ ਗਿਆ। ਉਨ੍ਹਾਂ ਕਿਹਾ ਕਿ ਭਾਰਤ ਸਰਕਾਰ ਨੂੰ ਇਹ ਮਾਮਲਾ ਸੰਜੀਦਗੀ ਨਾਲ ਲੈਣਾ ਚਾਹੀਦਾ ਹੈ ਅਤੇ ਇਹ ਗੁਰਦੁਆਰਾ ਸਾਹਿਬ ਸੈਕਸ਼ਨ-85 ਅਧੀਨ ਕਰਨ ਲਈ ਨੋਟੀਫਿਕੇਸ਼ਨ ਜਾਰੀ ਕਰਨਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਇਸ ਮਾਮਲੇ ਵਿਚ ਗ੍ਰਹਿ ਮੰਤਰਾਲੇ ਨਾਲ ਰਾਬਤਾ ਕੀਤਾ ਜਾਵੇਗਾ।

ਸ਼੍ਰੋਮਣੀ ਕਮੇਟੀ ਪ੍ਰਧਾਨ ਬੀਬੀ ਜਗੀਰ ਕੌਰ ਨੇ ਇਹ ਵੀ ਦੱਸਿਆ ਕਿ ਸਿਕਲੀਗਰ ਸਿੱਖਾਂ ਦੇ ਬੱਚਿਆਂ ਨੂੰ ਕਿੱਤਾਮੁਖੀ ਸਿਖਲਾਈ ਦੇਣ ਲਈ ਇੰਦੌਰ ਵਿਖੇ ਖੋਲੇ ਜਾ ਰਹੇ ਸੈਂਟਰ ਲਈ 10 ਲੱਖ ਰੁਪਏ ਦਿੱਤੇ ਜਾਣਗੇ। ਇੰਦੌਰ ਵਿਖੇ ਹੀ ਗੁਰਮਤਿ ਕੇਂਦਰ ਵੀ ਖੋਲ੍ਹਿਆ ਜਾਵੇਗਾ। ਉਨ੍ਹਾਂ ਦੱਸਿਆ ਕਿ ਸ਼੍ਰੋਮਣੀ ਕਮੇਟੀ ਦੀ ਅੰਤ੍ਰਿੰਗ ਕਮੇਟੀ ਨੇ ਸੰਤ ਗਿਆਨੀ ਮੋਹਨ ਸਿੰਘ ਭਿੰਡਰਕਲਾਂ ਵਾਲਿਆਂ ਦੀ ਤਸਵੀਰ ਕੇਂਦਰੀ ਸਿੱਖ ਅਜਾਇਬ ਘਰ ਵਿਚ ਲਗਾਉਣ ਦਾ ਵੀ ਫੈਸਲਾ ਕੀਤਾ ਹੈ।

ਬੀਬੀ ਜਗੀਰ ਕੌਰ ਨੇ ਕਿਸਾਨ ਸੰਘਰਸ਼ ਦੌਰਾਨ 26 ਜਨਵਰੀ ਨੂੰ ਕਿਸਾਨਾਂ 'ਤੇ ਕੀਤੇ ਗਏ ਪਰਚੇ ਰੱਦ ਕਰਨ ਦੀ ਮੰਗ ਕਰਦਿਆਂ ਕਿਹਾ ਕਿ ਇਹ ਮੰਦਭਾਗੀ ਗੱਲ ਹੈ ਕਿ ਕੇਂਦਰ ਸਰਕਾਰ ਵੱਲੋਂ ਕਿਸਾਨਾਂ ਦੀ ਗੱਲ ਨਹੀਂ ਸੁਣੀ ਜਾ ਰਹੀ ਅਤੇ ਲਗਾਤਾਰ ਦਬਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ 26 ਜਨਵਰੀ ਵਾਲੇ ਦਿਨ ਕੀਤੇ ਪਰਚੇ ਰੱਦ ਕੀਤੇ ਜਾਣ ਅਤੇ ਜਿਹੜੇ ਕਿਸਾਨ ਗ੍ਰਿਫ਼ਤਾਰ ਕੀਤੇ ਗਏ ਹਨ, ਉਨ੍ਹਾਂ ਨੂੰ ਵੀ ਤੁਰੰਤ ਰਿਹਾਅ ਕੀਤਾ ਜਾਵੇ। ਨੌਜੁਆਨ ਲੜਕੀ ਨੌਦੀਪ ਕੌਰ 'ਤੇ ਕੀਤੇ ਗਏ ਪੁਲਿਸ ਤਸ਼ੱਦਦ ਦੀ ਨਿੰਦਾ ਕਰਦਿਆਂ ਬੀਬੀ ਜਗੀਰ ਕੌਰ ਨੇ ਉਸ ਨੂੰ ਇਨਸਾਫ ਦੇਣ ਦੀ ਮੰਗ ਕੀਤੀ। ਦਿੱਲੀ ਵਿਖੇ ਸ਼ਹੀਦ ਹੋਏ ਨਵਦੀਪ ਸਿੰਘ ਸਮੇਤ ਹੋਰ ਕਿਸਾਨ ਜੋ ਸੰਘਰਸ਼ ਦੌਰਾਨ ਚਲਾਣਾ ਕਰ ਗਏ ਹਨ, ਸਬੰਧੀ ਵੀ ਬੀਬੀ ਜਗੀਰ ਕੌਰ ਨੇ ਸੰਵੇਦਨਾ ਪ੍ਰਗਟ ਕੀਤੀ। ਉਨ੍ਹਾਂ ਦੱਸਿਆ ਕਿ ਸਿੱਖ ਪ੍ਰਚਾਰਕ ਗਿਆਨੀ ਅਮਰਜੀਤ ਸਿੰਘ ਗੁਲਸ਼ਨ ਦੇ ਅਕਾਲ ਚਲਾਣਾ ਸਬੰਧੀ ਵੀ ਸ਼ੋਕ ਮਤਾ ਪਾਸ ਕੀਤਾ ਗਿਆ ਹੈ।

ਅੰਤ੍ਰਿੰਗ ਕਮੇਟੀ ਦੀ ਇਕੱਤਰਤਾ 'ਚ ਸ਼੍ਰੋਮਣੀ ਕਮੇਟੀ ਪ੍ਰਧਾਨ ਬੀਬੀ ਜਗੀਰ ਕੌਰ ਤੋਂ ਇਲਾਵਾ ਸੀਨੀਅਰ ਮੀਤ ਪ੍ਰਧਾਨ ਸ. ਸੁਰਜੀਤ ਸਿੰਘ ਭਿੱਟੇਵਡ, ਜੂਨੀਅਰ ਮੀਤ ਪ੍ਰਧਾਨ ਬਾਬਾ ਬੂਟਾ ਸਿੰਘ, ਜਨਰਲ ਸਕੱਤਰ ਐਡਵੋਕੇਟ ਭਗਵੰਤ ਸਿੰਘ ਸਿਆਲਕਾ, ਮੁੱਖ ਸਕੱਤਰ ਐਡਵੋਕੇਟ ਹਰਜਿੰਦਰ ਸਿੰਘ, ਅੰਤ੍ਰਿੰਗ ਮੈਂਬਰ ਬਾਬਾ ਚਰਨਜੀਤ ਸਿੰਘ ਜੱਸੋਵਾਲ, ਸ. ਨਵਤੇਜ ਸਿੰਘ ਕਾਉਣੀ, ਸ. ਬਲਦੇਵ ਸਿੰਘ ਚੂੰਘਾਂ, ਸ. ਸਤਵਿੰਦਰ ਸਿੰਘ ਟੌਹੜਾ, ਸ. ਅਜਮੇਰ ਸਿੰਘ ਖੇੜਾ, ਸ. ਦਰਸ਼ਨ ਸਿੰਘ ਸ਼ੇਰਖਾਂ, ਸ. ਭੁਪਿੰਦਰ ਸਿੰਘ ਭਲਵਾਨ, ਸ. ਹਰਭਜਨ ਸਿੰਘ ਮਸਾਣਾਂ, ਬੀਬੀ ਮਲਕੀਤ ਕੌਰ ਕਮਾਲਪੁਰ, ਸ. ਮਿੱਠੂ ਸਿੰਘ ਕਾਹਨੇਕੇ, ਸ. ਅਮਰੀਕ ਸਿੰਘ ਸ਼ਾਹਪੁਰ, ਸਕੱਤਰ ਸ. ਮਹਿੰਦਰ ਸਿੰਘ ਆਹਲੀ, ਸ. ਸੁਖਦੇਵ ਸਿੰਘ ਭੂਰਾਕੋਹਨਾ, ਸ. ਪ੍ਰਤਾਪ ਸਿੰਘ, ਸ. ਸੁਖਮਿੰਦਰ ਸਿੰਘ, ਓਐਸਡੀ ਡਾ. ਅਮਰੀਕ ਸਿੰਘ ਲਤੀਫਪੁਰ, ਡਾ. ਸੁਖਬੀਰ ਸਿੰਘ, ਸ. ਸਤਬੀਰ ਸਿੰਘ ਧਾਮੀ, ਮੀਤ ਸਕੱਤਰ ਸ. ਬਲਵਿੰਦਰ ਸਿੰਘ ਕਾਹਲਵਾਂ, ਸ. ਸੁਲੱਖਣ ਸਿੰਘ ਭੰਗਾਲੀ, ਸ. ਤੇਜਿੰਦਰ ਸਿੰਘ ਪੱਡਾ, ਮੈਨੇਜਰ ਸ. ਮੁਖਤਾਰ ਸਿੰਘ, ਸੁਪ੍ਰਿੰਟੈਂਡੈਂਟ ਸ. ਮਲਕੀਤ ਸਿੰਘ ਬਹਿੜਵਾਲ ਹਾਜ਼ਰ ਸਨ।

# ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਦੇ 400 ਸਾਲਾ ਪ੍ਰਕਾਸ਼ ਪੁਰਬ ਮੌਕੇ ਸੋਨੇ ਤੇ ਚਾਂਦੀ ਦੇ ਸਿੱਕੇ ਤਿਆਰ ਕੀਤੇ ਜਾਣਗੇ- ਬੀਬੀ ਜਗੀਰ ਕੌਰ

## ਸ਼ਤਾਬਦੀ ਸਬੰਧੀ ਪਹਿਲਾ ਸੈਮੀਨਾਰ ਤ੍ਰੈ-ਸ਼ਤਾਬਦੀ ਗੁਰੂ ਗੋਬਿੰਦ ਸਿੰਘ ਖ਼ਾਲਸਾ ਕਾਲਜ ਵਿਖੇ ਆਯੋਜਤ




ਅੰਮ੍ਰਿਤਸਰ- ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਦੇ 400 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸੋਨੇ ਅਤੇ ਚਾਂਦੀ ਦੇ ਯਾਦਗਾਰੀ ਸਿੱਕੇ ਤਿਆਰ ਕਰਵਾਏ ਜਾਣਗੇ, ਤਾਂ ਜੋ ਇਸ ਇਤਿਹਾਸਕ ਸ਼ਤਾਬਦੀ ਦਿਹਾੜੇ ਦੀ ਯਾਦ ਸੰਗਤਾਂ ਚਿਰਾਂ ਤੱਕ ਸੰਭਾਲ ਕੇ ਰੱਖ ਸਕਣ। ਇਹ ਐਲਾਨ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਬੀਬੀ ਜਗੀਰ ਕੌਰ ਨੇ 400 ਸਾਲਾ ਪ੍ਰਕਾਸ਼ ਪੁਰਬ ਸਬੰਧੀ ਆਰੰਭ ਕੀਤੀ ਗਈ ਸੈਮੀਨਾਰਾਂ ਦੀ ਲੜੀ ਤਹਿਤ ਇਥੇ ਤ੍ਰੈ-ਸ਼ਤਾਬਦੀ ਗੁਰੂ ਗੋਬਿੰਦ ਸਿੰਘ ਖ਼ਾਲਸਾ ਕਾਲਜ ਵਿਖੇ ਕਰਵਾਏ ਗਏ ਪਹਿਲੇ ਸੈਮੀਨਾਰ 'ਚ ਸ਼ਮੂਲੀਅਤ ਕਰਨ ਸਮੇਂ ਕੀਤਾ। ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਹਜ਼ੂਰੀ ਅੰਦਰ ਸੰਗਤੀ ਰੂਪ ਵਿਚ ਹੋਏ ਸੈਮੀਨਾਰ ਦੌਰਾਨ ਸੰਬੋਧਨ ਕਰਦਿਆਂ ਬੀਬੀ ਜਗੀਰ ਕੌਰ ਨੇ ਕਿਹਾ ਕਿ ਸ਼ਤਾਬਦੀ ਨੂੰ ਸਮਰਪਿਤ ਦੇਸ਼ ਅੰਦਰ ਵੱਖ-ਵੱਖ 10 ਸੈਮੀਨਾਰ ਕਰਵਾਏ ਜਾਣਗੇ ਅਤੇ ਇਨ੍ਹਾਂ ਸੈਮੀਨਾਰਾਂ ਦੌਰਾਨ ਪੜ੍ਹੇ ਗਏ ਪਰਚਿਆਂ ਵਿੱਚੋਂ ਚੋਣਵਿਆਂ ਨੂੰ ਕਿਤਾਬੀ ਰੂਪ ਵਿਚ ਸੰਗ੍ਰਹਿਤ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਨੌਵੇਂ ਪਾਤਸ਼ਾਹ ਦਾ ਜੀਵਨ ਇਤਿਹਾਸ ਸਿੱਖਾਂ ਦੇ ਨਾਲ-ਨਾਲ ਪੂਰੇ ਦੇਸ਼ ਵਾਸੀਆਂ ਅਤੇ ਦੁਨੀਆਂ ਭਰ ਵਿਚ ਵੱਸਦੇ ਲੋਕਾਂ ਲਈ ਪ੍ਰੇਰਣਾ ਸਰੋਤ ਹੈ। ਗੁਰੂ ਸਾਹਿਬ ਦੀ ਕੁਰਬਾਨੀ ਨੇ ਦੇਸ਼ ਦੇ ਸੱਭਿਆਚਾਰ ਨੂੰ ਜ਼ਿੰਦਾ ਰੱਖਣ ਲਈ ਉਘੜਵੀਂ ਮਿਸਾਲ ਕਾਇਮ ਕੀਤੀ ਅਤੇ ਇਸ ਗੱਲ ਨੂੰ ਸਥਾਪਤ ਕੀਤਾ ਕਿ ਕਿਸੇ ਦਾ ਵੀ ਧਰਮ ਜ਼ਬਰੀ ਤਬਦੀਲ ਕਰਨਾ ਇਕ ਵੱਡਾ ਗੁਨਾਹ ਹੈ। ਉਨ੍ਹਾਂ ਦੇਸ਼ ਦੁਨੀਆਂ ਦੀ ਸੰਗਤ ਨੂੰ ਅਪੀਲ ਕੀਤੀ ਕਿ ਗੁਰੂ ਸਾਹਿਬ ਜੀ ਦੇ 400 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਆਪਣੇ ਬੱਚਿਆਂ ਨੂੰ ਸਿੱਖ ਧਰਮ ਇਤਿਹਾਸ ਨਾਲ ਜੋੜਨ ਲਈ ਵੱਧ ਤੋਂ ਵੱਧ ਯਤਨ ਕੀਤੇ ਜਾਣ।

ਸੈਮੀਨਾਰ ਦੌਰਾਨ ਮੁੱਖ ਭਾਸ਼ਣ ਪੇਸ਼ ਕਰਦਿਆਂ ਪ੍ਰੋ. ਕਿਰਪਾਲ ਸਿੰਘ ਬਡੂੰਗਰ ਨੇ ਕਿਹਾ ਕਿ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਸ਼ਹਾਦਤ ਧਰਮ ਦੀਆਂ ਕਦਰਾਂ-ਕੀਮਤਾਂ ਨੂੰ ਜੀਵਤ ਰੱਖਣ ਲਈ ਵੱਡੇ ਮਹੱਤਵ ਵਾਲੀ ਹੈ। ਉਨ੍ਹਾਂ ਕਿਹਾ ਕਿ ਗੁਰੂ ਸਾਹਿਬ ਜੀ ਦੇ ਜੀਵਨ ਅਤੇ ਉਨ੍ਹਾਂ ਦੀ ਪਾਵਨ ਗੁਰਬਾਣੀ ਤੋਂ ਸੰਸਾਰ ਦੇ ਲੋਕਾਂ ਨੂੰ ਬੇਹਤਰ ਜੀਵਨ ਜਿਊਣ ਦੀ ਜੁਗਤ ਸਮਝ ਆਉਂਦੀ ਹੈ। ਉਨ੍ਹਾਂ ਕਿਹਾ ਕਿ ਗੁਰਬਾਣੀ ਅੰਦਰ ਸੰਸਾਰ ਦੀ ਹਰ ਛੋਟੀ ਵੱਡੀ ਸਮੱਸਿਆਂ ਦਾ ਹੱਲ ਮੌਜੂਦ ਹੈ, ਸਿਰਫ਼ ਇਸ ਨੂੰ ਸਮਝਣ ਅਤੇ ਵਿਚਾਰਨ ਦੀ ਲੋੜ ਹੈ।

ਇਸ ਮੌਕੇ ਗੁਰੂ ਸਾਹਿਬ ਜੀ ਦੀ ਵਿਚਾਰਧਾਰਾ ਸਬੰਧੀ ਆਪਣਾ ਪਰਚਾ ਪੜ੍ਹਦਿਆਂ ਡਾ. ਧਰਮ ਸਿੰਘ ਨੇ ਕਿਹਾ ਕਿ ਗੁਰੂ ਸਾਹਿਬ ਦੀ ਬਾਣੀ ਬ੍ਰਹਿਮੰਡੀ ਸਰੋਕਾਰਾਂ ਨੂੰ ਆਪਣੇ ਕਲਾਵੇ ਵਿਚ ਲੈਂਦੀ ਹੈ ਅਤੇ ਜੀਓ ਅਤੇ ਜੀਣ ਦਿਉ ਦੇ ਵਿਚਾਰ ਨੂੰ ਪ੍ਰਸਤੁਤ ਕਰਦੀ ਹੈ। ਨਾ ਡਰਨਾ ਅਤੇ ਨਾ ਹੀ ਡਰਾਉਣਾ ਦਾ ਵਿਚਾਰ ਗੁਰੂ ਸਾਹਿਬ ਜੀ ਦੀ ਬਾਣੀ ਦਾ ਹਾਸਲ ਹੈ। ਇਸ ਤੋਂ ਇਲਾਵਾ ਡਾਇਰੈਕਟਰ ਸਿੱਖਿਆ ਡਾ. ਤੇਜਿੰਦਰ ਕੌਰ ਧਾਲੀਵਾਲ, ਪ੍ਰੋ. ਰਵਿੰਦਰ ਕੌਰ ਅਤੇ ਭਾਈ ਮਨਜੋਧ ਸਿੰਘ ਨੇ ਵੀ ਆਪਣੇ ਪਰਚੇ ਪੇਸ਼ ਕੀਤੇ। ਇਸ ਤੋਂ ਪਹਿਲਾਂ ਆਰੰਭਤਾ ਸਮੇਂ ਕਾਲਜ ਦੇ ਪ੍ਰਿੰਸੀਪਲ ਡਾ. ਗਗਨਦੀਪ ਸਿੰਘ ਨੇ ਆਈਆਂ ਸ਼ਖ਼ਸੀਅਤਾਂ ਦਾ ਸਵਾਗਤ ਕੀਤਾ। ਇਸ ਮੌਕੇ ਸ਼੍ਰੋਮਣੀ ਕਮੇਟੀ ਪ੍ਰਧਾਨ ਬੀਬੀ ਜਗੀਰ ਕੌਰ ਸਮੇਤ ਪ੍ਰਮੁੱਖ ਸ਼ਖ਼ਸੀਅਤਾਂ ਨੂੰ ਸਨਮਾਨਿਤ ਵੀ ਕੀਤਾ ਗਿਆ।

ਸੈਮੀਨਾਰ ਸਮੇਂ ਸ਼੍ਰੋਮਣੀ ਕਮੇਟੀ ਦੇ ਸੀਨੀਅਰ ਮੀਤ ਪ੍ਰਧਾਨ ਸ. ਸੁਰਜੀਤ ਸਿੰਘ ਭਿੱਟੇਵੱਡ, ਮੈਂਬਰ ਭਾਈ ਮਨਜੀਤ ਸਿੰਘ ਭੂਰਾਕੋਹਨਾ, ਭਾਈ ਰਜਿੰਦਰ ਸਿੰਘ ਮਹਿਤਾ, ਸ. ਗੁਰਮੀਤ ਸਿੰਘ ਬੂਹ, ਸ. ਹਰਜਾਪ ਸਿੰਘ ਸੁਲਤਾਨਵਿੰਡ, ਭਾਈ ਅਜਾਇਬ ਸਿੰਘ ਅਭਿਆਸੀ, ਸ. ਬਾਵਾ ਸਿੰਘ ਗੁਮਾਨਪੁਰਾ, ਬੀਬੀ ਕਿਰਨਜੋਤ ਕੌਰ, ਸ. ਗੁਰਪ੍ਰੀਤ ਸਿੰਘ ਝੱਬਰ, ਡਾ. ਤੇਜਿੰਦਰ ਕੌਰ ਧਾਲੀਵਾਲ ਡਾਇਰੈਕਟਰ, ਸ. ਸਿਮਰਜੀਤ ਸਿੰਘ ਮੀਤ ਸਕੱਤਰ, ਪ੍ਰਿੰਸੀ: ਡਾ. ਗਗਨਦੀਪ ਸਿੰਘ, ਡਾ. ਸੁਖਬੀਰ ਸਿੰਘ ਓਐਸਡੀ, ਡਾ. ਗੁਰਤੇਜ ਸਿੰਘ ਠੀਕਰੀਵਾਲਾ, ਸ. ਭਗਵੰਤ ਸਿੰਘ ਧੰਗੇੜਾ, ਸ. ਵਰਿੰਦਰ ਸਿੰਘ ਠਰੂ, ਸ. ਗੁਰਪ੍ਰੀਤ ਸਿੰਘ ਵਧੀਕ ਮੈਨੇਜਰ ਆਦਿ ਮਜੂਦ ਸਨ।

# ਗੁਰਦੁਆਰਾ ਨਾਨਕਮਤਾ ਸਾਹਿਬ (ਉਤਰਾਖੰਡ) ਵਿਖੇ ਸ਼੍ਰੋਮਣੀ ਕਮੇਟੀ ਵੱਲੋਂ ਗੁਰਬਾਣੀ ਪਾਠ ਬੋਧ ਸਮਾਗਮ ਆਰੰਭ




ਅੰਮ੍ਰਿਤਸਰ- ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਦੇ 400 ਸਾਲਾ ਪ੍ਰਕਾਸ਼ ਗੁਰਪੁਰਬ ਨੂੰ ਸਮਰਪਿਤ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਵੱਖ-ਵੱਖ ਸਮਾਗਮਾਂ ਤਹਿਤ ਗੁਰਬਾਣੀ ਪਾਠ ਬੋਧ ਸਮਾਗਮਾਂ ਦੀ ਲੜੀ ਵੀ ਆਰੰਭ ਕੀਤੀ ਗਈ ਹੈ। ਇਸੇ ਅਨੁਸਾਰ ਉਤਰਾਖੰਡ 'ਚ ਗੁਰਦੁਆਰਾ ਨਾਨਕਮਤਾ ਸਾਹਿਬ ਵਿਖੇ ਪਾਠ ਬੋਧ ਸਮਾਗਮ ਦੀ ਸ਼ੁਰੂਆਤ ਹੋਈ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਧਰਮ ਪ੍ਰਚਾਰ ਕਮੇਟੀ ਵੱਲੋਂ ਉਤਰ ਪ੍ਰਦੇਸ਼ ਸਿੱਖ ਮਿਸ਼ਨ ਹਾਪੜ ਅਤੇ ਉਤਰਾਖੰਡ ਸਿੱਖ ਮਿਸ਼ਨ ਕਾਂਸ਼ੀਪੁਰ ਦੇ ਉਪਰਾਲੇ ਨਾਲ ਕਰਵਾਏ ਜਾ ਰਹੇ ਇਸ ਪਾਠ ਬੋਧ ਸਮਾਗਮ ਵਿਚ ਸੌ ਦੇ ਕਰੀਬ ਸੰਗਤਾਂ ਗੁਰਬਾਣੀ ਸੰਥਿਆ ਪ੍ਰਾਪਤ ਕਰਨਗੀਆਂ। ਪਾਠ ਬੋਧ ਸਮਾਗਮ ਦੀ ਸਮਾਪਤੀ ਸਮੇਂ 5 ਅਪ੍ਰੈਲ ਨੂੰ ਮੁੱਖ ਸਮਾਗਮ ਕੀਤਾ ਜਾਵੇਗਾ, ਜਿਸ ਵਿਚ ਸਿੰਘ ਸਾਹਿਬਾਨ ਤੇ ਸ਼੍ਰੋਮਣੀ ਕਮੇਟੀ ਪ੍ਰਧਾਨ ਬੀਬੀ ਜਗੀਰ ਕੌਰ ਸਮੇਤ ਪ੍ਰਮੁੱਖ ਸ਼ਖ਼ਸੀਅਤਾਂ ਸਿਰਕਤ ਕਰਨਗੀਆਂ।

ਅੱਜ ਸ਼ੁਰੂ ਹੋਏ ਪਾਠ ਬੋਧ ਸਮਾਗਮ ਦੌਰਾਨ ਧਰਮ ਪ੍ਰਚਾਰ ਕਮੇਟੀ ਦੇ ਮੈਂਬਰ ਭਾਈ ਅਜਾਇਬ ਸਿੰਘ ਅਭਿਆਸੀ, ਹੈੱਡ ਪ੍ਰਚਾਰਕ ਭਾਈ ਜਗਦੇਵ ਸਿੰਘ, ਸਿੱਖ ਮਿਸ਼ਨ ਹਾਪੜ ਦੇ ਇੰਚਾਰਜ ਭਾਈ ਬ੍ਰਿਜਪਾਲ ਸਿੰਘ ਅਤੇ ਸਿੱਖ ਮਿਸ਼ਨ ਕਾਂਸ਼ੀ ਦੇ ਇੰਚਾਰਜ ਭਾਈ ਹਰਜਿੰਦਰ ਸਿੰਘ ਵਿਸ਼ੇਸ਼ ਤੌਰ 'ਤੇ ਪੁੱਜੇ। ਇਸ ਮੌਕੇ ਭਾਈ ਅਜਾਇਬ ਸਿੰਘ ਅਭਿਆਸੀ ਨੇ ਵਿਚਾਰ ਸਾਂਝੇ ਕਰਦਿਆਂ ਕਿਹਾ ਕਿ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ 400 ਸਾਲਾ ਪ੍ਰਕਾਸ਼ ਦਿਹਾੜੇ ਨੂੰ ਸ਼੍ਰੋਮਣੀ ਕਮੇਟੀ ਵੱਲੋਂ ਸੰਗਤਾਂ ਦੇ ਸਹਿਯੋਗ ਨਾਲ ਜਾਹੋ-ਜਲਾਲ ਨਾਲ ਮਨਾਇਆ ਜਾ ਰਿਹਾ ਹੈ। ਸ਼੍ਰੋਮਣੀ ਕਮੇਟੀ ਪ੍ਰਧਾਨ ਬੀਬੀ ਜਗੀਰ ਕੌਰ ਦੀ ਅਗਵਾਈ ਵਿਚ ਵੱਖ-ਵੱਖ ਸਮਾਗਮ ਉਲੀਕੇ ਗਏ ਹਨ ਜਿੰਨ੍ਹਾਂ ਵਿਚ ਪਾਠ ਬੋਧ ਸਮਾਗਮ ਵੀ ਵਿਸ਼ੇਸ਼ ਹਨ। ਉਨ੍ਹਾਂ ਕਿਹਾ ਕਿ ਗੁਰਬਾਣੀ ਦੇ ਸ਼ੁੱਧ ਉਚਾਰਨ ਦੀਆਂ ਬਰੀਕੀਆਂ ਸਮਝਣ ਲਈ ਸੰਥਿਆ ਦਾ ਵੱਡਾ ਮਹੱਤਵ ਹੈ ਅਤੇ ਇਸੇ ਲਈ ਹੀ ਵੱਖ-ਵੱਖ ਥਾਵਾਂ 'ਤੇ ਗੁਰਬਾਣੀ ਸੰਥਿਆ ਦੇ ਸਮਾਗਮ ਕੀਤੇ ਜਾ ਰਹੇ ਹਨ। ਗੁਰਦੁਆਰਾ ਨਾਨਕਮੱਤਾ ਸਾਹਿਬ ਵਿਖੇ ਪਾਠ ਬੋਧ ਸਮਾਗਮ ਦੀ ਆਰੰਭਤਾ ਮੌਕੇ ਗੁਰਦੁਆਰਾ ਮੰਜੀ ਸਾਹਿਬ ਦੀਵਾਨ ਹਾਲ ਸ੍ਰੀ ਅੰਮ੍ਰਿਤਸਰ ਦੇ ਕਥਾਵਾਚਕ ਭਾਈ ਹਰਮਿੱਤਰ ਸਿੰਘ, ਭਾਈ ਸ਼ਮਸ਼ੇਰ ਸਿੰਘ, ਭਾਈ ਸੁਖਵਿੰਦਰ ਸਿੰਘ, ਭਾਈ ਜਗਵਿੰਦਰ ਸਿੰਘ, ਭਾਈ ਜਸਵੰਤ ਸਿੰਘ, ਭਾਈ ਮਨਜੀਤ ਸਿੰਘ, ਭਾਈ ਗੁਰਸ਼ਰਨ ਸਿੰਘ, ਭਾਈ ਹਰਬੀਰ ਸਿੰਘ, ਭਾਈ ਰੇਸ਼ਮ ਸਿੰਘ, ਭਾਈ ਗੁਰਨਾਮ ਸਿੰਘ ਪਰਵਾਨਾ, ਸ. ਰਣਜੀਤ ਸਿੰਘ, ਸ. ਸੇਵਾ ਸਿੰਘ ਆਦਿ ਮੌਜੂਦ ਸਨ।

# ਬਾਬਾ ਬਕਾਲਾ ਸਾਹਿਬ ਵਿਖੇ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 400 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਤਿੰਨ ਦਿਨਾਂ ਸਮਾਗਮ ਹੋਏ

## ਪਹਿਲੇ ਦਿਨ ਪੰਜ ਹਜ਼ਾਰ ਸਹਿਜਪਾਠਾਂ ਦੇ ਪਾਏ ਭੋਗ, ਗੁਰਬਾਣੀ ਪਾਠ ਬੋਧ ਸਮਾਗਮ ਦੀ ਹੋਈ ਸੰਪੂਰਨਤਾ





ਬਾਬਾ ਬਕਾਲਾ ਸਾਹਿਬ- ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਦੇ 400 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਆਰੰਭੀ ਗਈ ਲੜੀ ਤਹਿਤ ਨੌਵੇਂ ਪਾਤਸ਼ਾਹ ਦੇ ਇਤਿਹਾਸਕ ਅਸਥਾਨ ਗੁਰਦੁਆਰਾ ਸ੍ਰੀ ਬਾਬਾ ਬਕਾਲਾ ਸਾਹਿਬ ਵਿਖੇ ਤਿੰਨ ਦਿਨਾਂ ਸਮਾਗਮਾਂ ਦੀ ਆਰੰਭਤਾ ਪੰਜ ਹਜ਼ਾਰ ਸਹਿਜਪਾਠਾਂ ਦੇ ਭੋਗ ਨਾਲ ਹੋਈ। ਇਹ ਸਹਿਜਪਾਠ ਸੰਗਤਾਂ ਵੱਲੋਂ ਕੀਤੇ ਗਏ ਸਨ। ਇਸੇ ਦੌਰਾਨ ਬੀਤੇ ਕਰੀਬ ਇਕ ਮਹੀਨੇ ਤੋਂ ਚੱਲ ਰਹੇ ਗੁਰਬਾਣੀ ਪਾਠ ਬੋਧ ਸਮਾਗਮ ਦੀ ਵੀ ਸਮਾਪਤੀ ਕੀਤੀ ਗਈ। ਇਸ ਸਬੰਧ ਵਿਚ ਵਿਸ਼ਾਲ ਪੰਡਾਲ ਅੰਦਰ ਸਜਾਏ ਗਏ ਗੁਰਮਤਿ ਸਮਾਗਮ ਸਮੇਂ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਬੀਬੀ ਜਗੀਰ ਕੌਰ ਨੇ ਜਿਥੇ ਗੁਰਬਾਣੀ ਪਾਠ ਬੋਧ ਸਮਾਗਮ ਦੌਰਾਨ ਸੰਥਿਆ ਅਤੇ ਸੰਪੂਰਨ ਸਹਿਜਪਾਠ ਕਰਨ ਵਾਲੀਆਂ ਸੰਗਤਾਂ ਨੂੰ ਵਧਾਈ ਦਿੱਤੀ, ਉਥੇ ਹੀ ਨੌਵੇਂ ਪਾਤਸ਼ਾਹ ਜੀ ਨੂੰ ਸ਼ਰਧਾ ਤੇ ਸਤਿਕਾਰ ਭੇਟ ਕਰਦਿਆਂ ਗੁਰੂ ਸਾਹਿਬ ਦੇ ਉਪਦੇਸ਼ਾਂ 'ਤੇ ਚੱਲਣ ਦੀ ਸੰਗਤ ਨੂੰ ਪ੍ਰੇਰਣਾ ਕੀਤੀ। ਬੀਬੀ ਜਗੀਰ ਕੌਰ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਵੱਲੋਂ 400 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਗੁਰਬਾਣੀ ਪਾਠ ਬੋਧ ਸਮਾਗਮ ਕਰਨ ਅਤੇ ਸੰਗਤ ਨੂੰ ਸਹਿਜਪਾਠ ਕਰਨ ਲਈ ਪ੍ਰੇਰਿਤ ਕਰਨ ਦਾ ਮੰਤਵ ਗੁਰਬਾਣੀ ਦੇ ਸ਼ੁੱਧ ਉਚਾਰਨ ਦੀ ਜਾਣਕਾਰੀ ਦੇਣ ਦੇ ਨਾਲ-ਨਾਲ ਗੁਰਬਾਣੀ ਵਿਚਾਰ ਨਾਲ ਜੋੜਨਾ ਹੈ। ਬੀਬੀ ਜਗੀਰ ਕੌਰ ਨੇ ਕਿਹਾ ਕਿ ਨੌਵੇਂ ਪਾਤਸ਼ਾਹ ਜੀ ਦਾ 400 ਸਾਲਾ ਪ੍ਰਕਾਸ਼ ਗੁਰਪੁਰਬ 1 ਮਈ 2021 ਨੂੰ ਕੌਮਾਂਤਰੀ ਪੱਧਰ ਦੇ ਸਮਾਗਮ ਨਾਲ ਸ੍ਰੀ ਅੰਮ੍ਰਿਤਸਰ ਵਿਖੇ ਕੀਤਾ ਜਾਵੇਗਾ, ਜਿਸ ਤੋਂ ਪਹਿਲਾਂ ਪੂਰੇ ਦੇਸ਼ ਅੰਦਰ ਵੱਖ-ਵੱਖ ਸਮਾਗਮ ਸਜਾਏ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਨੇ ਧਰਮ ਦੀ ਰਖਵਾਲੀ ਲਈ ਆਪਣੀ ਸ਼ਹਾਦਤ ਦਿੱਤੀ ਸੀ, ਜਿਸ ਨੇ ਦੇਸ਼ ਦੀ ਤਕਦੀਰ ਅਤੇ ਤਸਵੀਰ ਬਦਲਣ ਦੇ ਨਾਲ-ਨਾਲ ਪੂਰੇ ਵਿਸ਼ਵ ਦੇ ਧਾਰਮਿਕ ਇਤਿਹਾਸ ਅੰਦਰ ਕ੍ਰਾਂਤੀਕਾਰੀ ਸੰਦੇਸ਼ ਦਿੱਤਾ। ਇਸ ਲਈ ਸਾਡਾ ਸਭ ਦਾ ਫ਼ਰਜ਼ ਹੈ ਕਿ ਗੁਰੂ ਸਾਹਿਬ ਦੇ ਉਪਦੇਸ਼ਾਂ ਨੂੰ ਘਰ-ਘਰ ਤੱਕ ਪਹੁੰਚਾਉਣ ਲਈ ਯਤਨਸ਼ੀਲ ਹੋਈਏ। ਇਸ ਤੋਂ ਪਹਿਲਾਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਜਥਿਆਂ ਨੇ ਸੰਗਤ ਨੂੰ ਗੁਰਬਾਣੀ ਕੀਰਤਨ ਨਾਲ ਜੋੜਿਆ।

ਸਮਾਗਮ ਸਮੇਂ ਸ਼੍ਰੋਮਣੀ ਕਮੇਟੀ ਪ੍ਰਧਾਨ ਬੀਬੀ ਜਗੀਰ ਕੌਰ ਤੇ ਜਨਰਲ ਸਕੱਤਰ ਐਡਵੋਕੇਟ ਭਗਵੰਤ ਸਿੰਘ ਸਿਆਲਕਾ ਨੇ ਗੁਰਬਾਣੀ ਪਾਠ ਬੋਧ ਸਮਾਗਮ ਦੌਰਾਨ ਇਕ ਮਹੀਨਾ ਸੰਥਿਆ ਪ੍ਰਾਪਤ ਕਰਨ ਵਾਲੀਆਂ ਸੰਗਤਾਂ ਨੂੰ ਗੁਰੂ ਬਖ਼ਸ਼ਿਸ਼ ਸਿਰੋਪਾਓ ਅਤੇ ਪ੍ਰਸ਼ੰਸਾ ਪੱਤਰ ਦੇ ਕੇ ਸਨਮਾਨਿਤ ਕੀਤਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸ਼੍ਰੋਮਣੀ ਕਮੇਟੀ ਦੇ ਜਨਰਲ ਸਕੱਤਰ ਐਡਵੋਕੇਟ ਭਗਵੰਤ ਸਿੰਘ ਸਿਆਲਕਾ, ਮੁੱਖ ਸਕੱਤਰ ਐਡਵੋਕੇਟ ਹਰਜਿੰਦਰ ਸਿੰਘ ਧਾਮੀ, ਸ਼੍ਰੋਮਣੀ ਕਮੇਟੀ ਮੈਂਬਰ ਸ. ਬਲਜੀਤ ਸਿੰਘ ਜਲਾਲਉਸਮਾ, ਭਾਈ ਰਾਮ ਸਿੰਘ, ਸ. ਕੁਲਵੰਤ ਸਿੰਘ ਮੰਨਣ, ਧਰਮ ਪ੍ਰਚਾਰ ਕਮੇਟੀ ਦੇ ਮੈਂਬਰ ਭਾਈ ਅਜਾਇਬ ਸਿੰਘ ਅਭਿਆਸੀ, ਭਾਈ ਰਾਜਪਾਲ ਸਿੰਘ, ਭਾਈ ਦਿਲਬਾਗ ਸਿੰਘ, ਸ਼੍ਰੋਮਣੀ ਕਮੇਟੀ ਦੇ ਵਧੀਕ ਸਕੱਤਰ ਸ. ਪ੍ਰਤਾਪ ਸਿੰਘ, ਮੀਤ ਸਕੱਤਰ ਸ. ਕੁਲਵਿੰਦਰ ਸਿੰਘ ਰਮਦਾਸ, ਸ. ਹਰਜੀਤ ਸਿੰਘ ਲਾਲੂਘੁੰਮਣ, ਸ. ਮੁਖਤਾਰ ਸਿੰਘ, ਓਐਸਡੀ ਡਾ. ਸੁਖਬੀਰ ਸਿੰਘ, ਮੈਨੇਜਰ ਸ. ਸਤਿੰਦਰ ਸਿੰਘ ਬਾਜਵਾ, ਸ. ਮੋਹਨ ਸਿੰਘ ਕੰਗ, ਹੈੱਡ ਪ੍ਰਚਾਰਕ ਭਾਈ ਜਗਦੇਵ ਸਿੰਘ, ਪ੍ਰਚਾਰਕ ਭਾਈ ਜੱਜ ਸਿੰਘ, ਬੀਬੀ ਤਰਲੋਚਨ ਕੌਰ, ਭਾਈ ਪ੍ਰਗਟ ਸਿੰਘ, ਇੰਚਾਰਜ ਸ. ਮਨਜੀਤ ਸਿੰਘ, ਸ. ਰਜਵੰਤ ਸਿੰਘ ਰੰਧਾਵਾ, ਸ. ਸਰਬਜੀਤ ਸਿੰਘ ਧੂੰਦਾਂ, ਸ. ਕਰਤਾਰ ਸਿੰਘ, ਸ. ਬੂਟਾ ਸਿੰਘ, ਸ. ਜਗਦੀਸ਼ ਸਿੰਘ ਬੁੱਟਰ ਸਮੇਤ ਵੱਡੀ ਗਿਣਤੀ ਸੰਗਤਾਂ ਮੌਜੂਦ ਸਨ।

# ਨਾਨਕਸ਼ਾਹੀ ਸੰਮਤ 553 ਦਾ ਕੈਲੰਡਰ ਜਾਰੀ



ਅੰਮ੍ਰਿਤਸਰ- ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਵੱਲੋਂ ਪ੍ਰਮੁੱਖ ਸ਼ਖ਼ਸੀਅਤਾਂ ਦੀ ਮੌਜੂਦਗੀ 'ਚ ਨਾਨਕਸ਼ਾਹੀ ਸੰਮਤ 553 (ਸੰਨ 2021-22) ਦਾ ਕੈਲੰਡਰ ਜਾਰੀ ਕੀਤਾ ਗਿਆ। ਇਸ ਵਾਰ ਦਾ ਨਾਨਕਸ਼ਾਹੀ ਕੈਲੰਡਰ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਦੇ 400 ਸਾਲਾ ਪ੍ਰਕਾਸ਼ ਗੁਰਪੁਰਬ ਨੂੰ ਸਮਰਪਿਤ ਕੀਤਾ ਗਿਆ ਹੈ। ਧਰਮ ਪ੍ਰਚਾਰ ਕਮੇਟੀ, ਸ਼੍ਰੋਮਣੀ ਕਮੇਟੀ ਵੱਲੋਂ ਪ੍ਰਕਾਸ਼ਤ ਕੀਤੇ ਗਏ ਇਸ ਕੈਲੰਡਰ ਵਿਚ ਨੌਵੇਂ ਪਾਤਸ਼ਾਹ ਨਾਲ ਸਬੰਧਤ ਪਾਵਨ ਅਸਥਾਨਾਂ ਦੀਆਂ ਤਸਵੀਰਾਂ ਅੰਕਿਤ ਹਨ। ਸਕੱਤਰੇਤ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਕੈਲੰਡਰ ਜਾਰੀ ਕਰਨ ਮੌਕੇ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਨੇ ਸਿੱਖ ਜਗਤ ਨੂੰ ਅਪੀਲ ਕੀਤੀ ਕਿ ਉਹ ਗੁਰਪੁਰਬ ਅਤੇ ਹੋਰ ਇਤਿਹਾਸਕ ਦਿਹਾੜੇ ਇਸ ਕੈਲੰਡਰ ਅਨੁਸਾਰ ਮਨਾਉਣ। ਉਨ੍ਹਾਂ ਨਵੇਂ ਨਾਨਕਸ਼ਾਹੀ ਵਰ੍ਹੇ ਦੀ ਸੰਗਤ ਨੂੰ ਵਧਾਈ ਦਿੰਦਿਆਂ ਕਿਹਾ ਕਿ ਉਹ ਸਿੱਖ ਪ੍ਰੰਪਰਾ ਅਨੁਸਾਰ ਹਰ ਸਾਲ ਨਾਨਕਸ਼ਾਹੀ ਵਰ੍ਹੇ ਦੀ ਆਮਦ ਮੌਕੇ ਗੁਰਮਤਿ ਸਮਾਗਮ ਕਰਕੇ ਖ਼ੁਸ਼ੀ ਦਾ ਇਜਹਾਰ ਕਰਨ। ਉਨ੍ਹਾਂ ਆਖਿਆ ਕਿ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਦਾ 1 ਮਈ 2021 ਨੂੰ ਆ ਰਿਹਾ 400 ਸਾਲਾ ਪ੍ਰਕਾਸ਼ ਪੁਰਬ ਸਮੁੱਚੇ ਸਿੱਖ ਜਗਤ ਵੱਲੋਂ ਖ਼ਾਲਸਈ ਜਾਹੋ-ਜਲਾਲ ਮਨਾਇਆ ਜਾਵੇਗਾ। ਉਨ੍ਹਾਂ ਸਿੱਖ ਸੰਸਥਾਵਾਂ, ਸੰਪ੍ਰਦਾਵਾਂ ਸਮੇਤ ਸੰਗਤਾਂ ਨੂੰ ਅਪੀਲ ਕੀਤੀ ਕਿ ਉਹ ਗੁਰੂ ਸਾਹਿਬ ਜੀ ਦੇ ਇਤਿਹਾਸਕ ਪੁਰਬ ਨੂੰ ਮਨਾਉਣ ਲਈ ਕਾਰਜਸ਼ੀਲ ਹੋਣ ਅਤੇ ਕੀਤੇ ਜਾਣ ਵਾਲੇ ਸਮਾਗਮਾਂ ਵਿਚ ਭਰਵੀਂ ਸ਼ਮੂਲੀਅਤ ਕਰਨ। ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਨੇ ਕਿਹਾ ਕਿ ਨੌਵੇਂ ਪਾਤਸ਼ਾਹ ਜੀ ਦੀ ਮਨੁੱਖਤਾ ਲਈ ਵੱਡੀ ਦੇਣ ਹੈ, ਜਿਸ ਨੂੰ ਘਰ-ਘਰ ਤੱਕ ਪਹੁੰਚਾਉਣਾ ਲਾਜ਼ਮੀ ਹੈ।

ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਸੀਨੀਅਰ ਮੀਤ ਪ੍ਰਧਾਨ ਸ. ਸੁਰਜੀਤ ਸਿੰਘ ਭਿੱਟੇਵੱਡ, ਜਨਰਲ ਸਕੱਤਰ ਐਡਵੋਕੇਟ ਭਗਵੰਤ ਸਿੰਘ ਸਿਆਲਕਾ, ਮੁੱਖ ਸਕੱਤਰ ਐਡਵੋਕੇਟ ਹਰਜਿੰਦਰ ਸਿੰਘ ਧਾਮੀ, ਮੈਂਬਰ ਭਾਈ ਰਜਿੰਦਰ ਸਿੰਘ ਮਹਿਤਾ, ਸ. ਹਰਜਾਪ ਸਿੰਘ ਸੁਲਤਾਨਵਿੰਡ, ਸ. ਜਗਸੀਰ ਸਿੰਘ ਮਾਂਗੇਆਣਾ, ਭਾਈ ਅਜਾਇਬ ਸਿੰਘ ਅਭਿਆਸੀ, ਸ. ਪਰਮਜੀਤ ਸਿੰਘ ਖਾਲਸਾ, ਵਧੀਕ ਸਕੱਤਰ ਸ. ਸੁਖਦੇਵ ਸਿੰਘ ਭੂਰਾਕੋਹਨਾ, ਮੀਤ ਸਕੱਤਰ ਸ. ਕੁਲਵਿੰਦਰ ਸਿੰਘ ਰਮਦਾਸ, ਸ. ਬਲਵਿੰਦਰ ਸਿੰਘ ਕਾਹਲਵਾਂ, ਸ. ਸਿਮਰਜੀਤ ਸਿੰਘ ਕੰਗ, ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਸ. ਗੁਰਿੰਦਰ ਸਿੰਘ ਮਥਰੇਵਾਲ, ਸ. ਜਸਪਾਲ ਸਿੰਘ ਢੱਡੇ, ਇੰਚਾਰਜ ਸ. ਗੁਰਮੀਤ ਸਿੰਘ ਮੁਕਤਸਰੀ, ਸ. ਗੁਲਜ਼ਾਰ ਸਿੰਘ ਆਦਿ ਹਾਜ਼ਰ ਸਨ।



ਗੁਰਦੁਆਰਾ ਕਲਗੀਧਰ ਸਾਹਿਬ ਅਜਨਾਲਾ ਵਿਖੇ ਧਰਮ ਪ੍ਰਚਾਰ ਕਮੇਟੀ ਵੱਲੋਂ ਕਰਵਾਏ ਗਏ ਅੰਮ੍ਰਿਤ ਸੰਚਾਰ ਸਮਾਗਮ ਸਮੇਂ 60 ਪ੍ਰਾਣੀ ਅੰਮ੍ਰਿਤ ਦੀ ਦਾਤ ਪ੍ਰਾਪਤ ਕਰ ਗੁਰੂ ਵਾਲੇ ਬਣੇ।

# ਬਾਬਾ ਬਕਾਲਾ ਸਾਹਿਬ ਵਿਖੇ 400 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਮਾਤਾ ਗੁਜਰੀ ਜੀ ਇਸਤਰੀ ਗੁਰਮਤਿ ਸੰਮੇਲਨ






ਬਾਬਾ ਬਕਾਲਾ ਸਾਹਿਬ- ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਦੀ 400 ਸਾਲਾ ਪ੍ਰਕਾਸ਼ ਪੁਰਬ ਸ਼ਤਾਬਦੀ ਨੂੰ ਸਮਰਪਿਤ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਗੁਰਦੁਆਰਾ ਸਾਹਿਬ ਪਾਤਸ਼ਾਹੀ ਨੌਵੀਂ ਬਾਬਾ ਬਕਾਲਾ ਸਾਹਿਬ ਵਿਖੇ ਰੱਖੇ ਗਏ ਤਿੰਨ ਦਿਨਾਂ ਸਮਾਗਮਾਂ ਦੇ ਦੂਸਰੇ ਦਿਨ ਮਾਤਾ ਗੁਜਰੀ ਜੀ ਇਸਤਰੀ ਗੁਰਮਤਿ ਸੰਮੇਲਨ ਕਰਵਾਇਆ ਗਿਆ। ਇਸ ਮੌਕੇ ਵੱਡੀ ਗਿਣਤੀ ਵਿਚ ਬੀਬੀਆਂ ਨੇ ਸ਼ਮੂਲੀਅਤ ਕਰਕੇ ਗੁਰਬਾਣੀ ਕੀਰਤਨ ਅਤੇ ਗੁਰਮਤਿ ਵਿਚਾਰਾਂ ਸਰਵਣ ਕੀਤੀਆਂ। ਸਮਾਗਮ ਸਮੇਂ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਬੀਬੀ ਜਗੀਰ ਕੌਰ ਸਮੇਤ ਪ੍ਰਮੁੱਖ ਸ਼ਖ਼ਸੀਅਤਾਂ ਨੇ ਸੰਬੋਧਨ ਕੀਤਾ। ਬੀਬੀ ਜਗੀਰ ਕੌਰ ਨੇ ਸੰਗਤ ਨਾਲ ਵਿਚਾਰ ਸਾਂਝੇ ਕਰਦਿਆਂ ਕਿਹਾ ਕਿ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਧਰਮ ਰੱਖਿਅਕ ਸਨ, ਜਿਨ੍ਹਾਂ ਨੇ ਮਨੁੱਖੀ ਅਧਿਕਾਰਾਂ ਦੀ ਰਾਖੀ ਲਈ ਆਪਣੀ ਸ਼ਹਾਦਤ ਦਿੱਤੀ ਸੀ। ਜੇਕਰ ਅੱਜ ਦੇਸ਼ ਦਾ ਸੱਭਿਆਚਾਰ ਜਿੰਦਾ ਹੈ ਤਾਂ ਉਹ ਗੁਰੂ ਸਾਹਿਬ ਦੀ ਬਦੌਲਤ ਹੈ। ਬੀਬੀ ਜਗੀਰ ਕੌਰ ਨੇ ਕਿਹਾ ਕਿ ਗੁਰੂ ਸਾਹਿਬ ਨੇ ਸਿੱਖ ਧਰਮ ਦੇ ਨਾਲ-ਨਾਲ ਦੇਸ਼ ਦੇ ਹਰ ਵਰਗ ਦੀ ਪ੍ਰਤੀਨਿਧਤਾ ਕੀਤੀ, ਜਿਸ ਦੀ ਮਿਸਾਲ ਕਸ਼ਮੀਰੀ ਪੰਡਤਾਂ ਦਾ ਧਰਮ ਬਚਾਉਣਾ ਸੀ। ਉਨ੍ਹਾਂ ਕਿਹਾ ਕਿ ਨੌਵੇਂ ਪਾਤਸ਼ਾਹ ਦੇ ਨਾਲ-ਨਾਲ ਮਾਤਾ ਗੁਜਰੀ ਜੀ ਦਾ ਵੀ ਸਿੱਖ ਇਤਿਹਾਸ ਵਿਚ ਵੱਡਾ ਯੋਗਦਾਨ ਹੈ। ਉਨ੍ਹਾਂ ਬੀਬੀਆਂ ਨੂੰ ਪ੍ਰੇਰਣਾ ਕਰਦਿਆਂ ਆਖਿਆ ਕਿ ਬੱਚਿਆਂ ਅਤੇ ਨੌਜੁਆਨਾਂ ਨੂੰ ਸਿੱਖ ਵਿਰਸੇ ਨਾਲ ਜੋੜਨਾ ਮਾਵਾਂ ਦਾ ਅਹਿਮ ਫ਼ਰਜ਼ ਹੈ, ਜਿਸ ਪ੍ਰਤੀ ਚੇਤੰਨ ਭੂਮਿਕਾ ਲਈ ਬੀਬੀਆਂ ਅੱਗੇ ਆਉਣ। ਸਿੱਖੀ ਦੇ ਪ੍ਰਚਾਰ ਲਈ ਸਿੱਖ ਇਤਿਹਾਸ ਦੀਆਂ ਅਹਿਮ ਬੀਬੀਆਂ ਨੂੰ ਆਦਰਸ਼ ਮੰਨ ਕੇ ਪਰਿਵਾਰ ਪੱਧਰ 'ਤੇ ਸਿੱਖੀ ਲਹਿਰ ਆਰੰਭੀ ਜਾਵੇ। ਉਨ੍ਹਾਂ ਕਿਹਾ ਕਿ ਗੁਰੂ ਸਾਹਿਬਾਨ ਦੇ ਸਮੇਂ ਤੋਂ ਹੀ ਬੀਬੀਆਂ ਨੇ ਸਿੱਖ ਧਰਮ ਦੀ ਚੜ੍ਹਦੀ ਕਲਾ ਲਈ ਵੱਡੀ ਭੂਮਿਕਾ ਨਿਭਾਈ ਹੈ। ਬੇਬੇ ਨਾਨਕੀ ਜੀ, ਬੀਬੀ ਭਾਨੀ ਜੀ, ਮਾਤਾ ਗੰਗਾ ਜੀ, ਮਾਤਾ ਗੁਜਰੀ ਜੀ, ਮਾਤਾ ਭਾਗੋ ਜੀ ਸਮੇਤ ਅਨੇਕਾਂ ਸਤਿਕਾਰਤ ਬੀਬੀਆਂ ਸਿੱਖ ਇਤਿਹਾਸ ਦਾ ਅਹਿਮ ਪਾਤਰ ਹਨ। ਬੀਬੀ ਜਗੀਰ ਕੌਰ ਨੇ ਕਿਹਾ ਕਿ ਨੌਵੇਂ ਪਾਤਸ਼ਾਹ ਜੀ ਦਾ 400 ਸਾਲਾ ਪ੍ਰਕਾਸ਼ ਪੁਰਬ ਇਕ ਖਾਸ ਮੌਕਾ ਹੈ, ਜਿਸ ਸਮੇਂ ਬੱਚਿਆਂ ਨੂੰ ਆਪਣੇ ਇਤਿਹਾਸ ਅਤੇ ਗੁਰਬਾਣੀ ਨਾਲ ਜੋੜਨ ਲਈ ਸੰਗਤ ਅੱਗੇ ਆਵੇ। ਉਨ੍ਹਾਂ ਸ਼੍ਰੋਮਣੀ ਕਮੇਟੀ ਵੱਲੋਂ 400 ਸਾਲਾ ਪ੍ਰਕਾਸ਼ ਪੁਰਬ ਸ਼ਤਾਬਦੀ ਨੂੰ ਆਰੰਭੀ ਗਈ ਧਰਮ ਪ੍ਰਚਾਰ ਲਹਿਰ ਨੂੰ ਸਾਰਾ ਸਾਲ ਜਾਰੀ ਰੱਖਣ ਦਾ ਐਲਾਨ ਵੀ ਕੀਤਾ। ਸਮਾਗਮ ਦੌਰਾਨ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਕਾਰਜ ਸਿੰਘ, ਭਾਈ ਸੁਖਜਿੰਦਰ ਸਿੰਘ, ਗੁਰਦੁਆਰਾ ਸ੍ਰੀ ਬਾਬਾ ਬਕਾਲਾ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਰੇਸ਼ਮ ਸਿੰਘ, ਭਾਈ ਹਰਜੀਤ ਸਿੰਘ, ਬੀਬੀ ਰਵਿੰਦਰ ਕੌਰ ਪਟਿਆਲਾ, ਬੀਬੀ ਅਮਰਜੀਤ ਕੌਰ ਦੇ ਜਥਿਆਂ ਨੇ ਗੁਰਬਾਣੀ ਦਾ ਰਸ-ਭਿੰਨਾ ਕੀਰਤਨ ਕੀਤਾ। ਇਸ ਤੋਂ ਇਲਾਵਾ ਬੀਬੀ ਰਾਜਵੰਤ ਕੌਰ ਦੇ ਢਾਡੀ ਜਥੇ ਨੇ ਸੰਗਤ ਨੂੰ ਸਿੱਖ ਇਤਿਹਾਸ ਨਾਲ ਜੋੜਿਆ ਅਤੇ ਪ੍ਰਚਾਰਕ ਬੀਬੀ ਹਰਪ੍ਰੀਤ ਕੌਰ ਨੇ ਸਟੇਜ ਸੰਚਾਲਨ ਦੀ ਸੇਵਾ ਨਿਭਾਈ।

ਇਸ ਮੌਕੇ ਸ਼੍ਰੋਮਣੀ ਕਮੇਟੀ ਮੈਂਬਰ ਤੇ ਸਾਬਕਾ ਵਿਧਾਇਕ ਸ. ਬਲਜੀਤ ਸਿੰਘ ਜਲਾਲਉਸਮਾ, ਮੈਂਬਰ ਸ਼੍ਰੋਮਣੀ ਕਮੇਟੀ ਜਥੇਦਾਰ ਜਰਨੈਲ ਸਿੰਘ ਡੋਗਰਾਂਵਾਲਾ, ਭਾਈ ਰਾਮ ਸਿੰਘ, ਬੀਬੀ ਜੋਗਿੰਦਰ ਕੌਰ ਬਠਿੰਡਾ, ਬੀਬੀ ਦਵਿੰਦਰ ਕੌਰ, ਬੀਬੀ ਗੁਰਵਿੰਦਰ ਕੌਰ ਜਲਾਲਉਸਮਾਂ, ਬੀਬੀ ਦਲਜੀਤ ਕੌਰ, ਬੀਬੀ ਕਿਰਨ ਸ਼ਰਮਾ, ਬੀਬੀ ਰਵਿੰਦਰ ਕੌਰ ਬ੍ਰਹਮਪੁਰਾ, ਬੀਬੀ ਜਤਿੰਦਰ ਕੌਰ ਠੁਕਰਾਲ, ਬੀਬੀ ਰਣਜੀਤ ਕੌਰ ਰਈਆ, ਸ਼੍ਰੋਮਣੀ ਕਮੇਟੀ ਦੇ ਵਧੀਕ ਸਕੱਤਰ ਸ. ਪ੍ਰਤਾਪ ਸਿੰਘ, ਮੀਤ ਸਕੱਤਰ ਸ. ਕੁਲਵਿੰਦਰ ਸਿੰਘ ਰਮਦਾਸ, ਸ. ਹਰਜੀਤ ਸਿੰਘ ਲਾਲੂਘੁੰਮਣ, ਸ. ਸਿਮਰਜੀਤ ਸਿੰਘ, ਸ. ਮੁਖਤਾਰ ਸਿੰਘ, ਓਐਸਡੀ ਡਾ. ਸੁਖਬੀਰ ਸਿੰਘ, ਡਾ. ਅਮਰੀਕ ਸਿੰਘ ਲਤੀਫਪੁਰ, ਹੈੱਡ ਗ੍ਰੰਥੀ ਭਾਈ ਸੁਰਜੀਤ ਸਿੰਘ ਸਭਰਾ, ਮੈਨੇਜਰ ਸ. ਸਤਿੰਦਰ ਸਿੰਘ ਬਾਜਵਾ, ਸ. ਮੋਹਨ ਸਿੰਘ ਕੰਗ, ਹੈੱਡ ਪ੍ਰਚਾਰਕ ਭਾਈ ਜਗਦੇਵ ਸਿੰਘ, ਭਾਈ ਜੱਜ ਸਿੰਘ, ਭਾਈ ਜਸਪਾਲ ਸਿੰਘ ਪ੍ਰਚਾਰਕ, ਇੰਚਾਰਜ ਸ. ਮਨਜੀਤ ਸਿੰਘ, ਸ. ਸਤਨਾਮ ਸਿੰਘ ਰਿਆੜ, ਸ. ਰਜਵੰਤ ਸਿੰਘ ਰੰਧਾਵਾ, ਸ. ਸਰਬਜੀਤ ਸਿੰਘ ਧੂੰਦਾਂ, ਸ. ਕਰਤਾਰ ਸਿੰਘ, ਸ. ਜਗਦੀਸ਼ ਸਿੰਘ ਬੁੱਟਰ, ਸ. ਜਤਿੰਦਰ ਸਿੰਘ ਲਾਲੀ ਸਮੇਤ ਸੰਗਤਾਂ ਮੌਜੂਦ ਸਨ।

# ਲੜਕੀਆਂ ਦੀ ਖੇਡ ਅਕੈਡਮੀ 'ਚ ਦਾਖਲੇ ਲਈ ਪ੍ਰਕਿਰਿਆ ਸ਼ੁਰੂ

## ਲੜਕੀਆਂ ਨੂੰ ਖੇਡਾਂ ਦੇ ਖੇਤਰ ਵਿਚ ਅੱਗੇ ਲਿਜਾਣ ਲਈ ਦੇਵਾਂਗੇ ਬੇਹਤਰ ਸਹੂਲਤਾਂ-ਬੀਬੀ ਜਗੀਰ ਕੌਰ



ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਲੜਕੀਆਂ ਲਈ ਸਥਾਪਿਤ ਕੀਤੀ ਜਾ ਰਹੀ ਖੇਡ ਅਕੈਡਮੀ ਲਈ 2 ਦਿਨਾਂ ਖੇਡ ਟਰਾਇਲ ਪੀ.ਏ.ਪੀ. ਗਰਾਊਂਡ ਜਲੰਧਰ ਵਿਖੇ ਹੋਏ, ਜਿਸ ਦਾ ਉਦਘਾਟਨ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਬੀਬੀ ਜਗੀਰ ਕੌਰ ਵੱਲੋਂ ਕੀਤਾ ਗਿਆ। ਦੱਸਣਯੋਗ ਹੈ ਕਿ ਬੀਤੇ ਦਿਨੀਂ ਸ਼੍ਰੋਮਣੀ ਕਮੇਟੀ ਪ੍ਰਧਾਨ ਬੀਬੀ ਜਗੀਰ ਕੌਰ ਨੇ ਲੜਕੀਆਂ ਲਈ ਵੱਖਰਾ ਸਪੋਰਟਸ ਡਾਇਰੈਕਟੋਰੇਟ ਸਥਾਪਤ ਕਰਦਿਆਂ ਖੇਡ ਅਕੈਡਮੀ ਚਲਾਉਣ ਦਾ ਐਲਾਨ ਕੀਤਾ ਸੀ। ਇਸੇ ਤਹਿਤ ਹੀ ਲਏ ਗਏ ਟਰਾਇਲਾਂ ਸਮੇਂ ਵੱਡੀ ਗਿਣਤੀ ਵਿਚ ਲੜਕੀਆਂ ਨੇ ਸ਼ਮੂਲੀਅਤ ਕੀਤੀ। ਹਾਕੀ, ਬਾਸਕਟਬਾਲ ਅਤੇ ਐਥਲੈਟਿਕਸ ਲਈ ਟਰਾਇਲ ਦੇਣ ਪੁੱਜੀਆਂ ਲੜਕੀਆਂ ਵਿਚ ਭਾਰੀ ਉਤਸ਼ਾਹ ਸੀ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਬੀਬੀ ਜਗੀਰ ਕੌਰ ਨੇ ਕਿਹਾ ਕਿ ਅੱਜ ਪੂਰੀ ਦੁਨੀਆਂ ਵਿਚ ਲੜਕੀਆਂ ਆਪਣੀ ਕਾਬਲੀਅਤ ਕਰਕੇ ਵੱਖ-ਵੱਖ ਖੇਤਰਾਂ ਵਿਚ ਵੱਡੀਆਂ ਮੱਲਾਂ ਮਾਰ ਰਹੀਆਂ ਹਨ। ਉਨ੍ਹਾਂ ਕਿਹਾ ਕਿ ਗੁਰੂ ਸਾਹਿਬਾਨ ਨੇ ਔਰਤਾਂ ਨੂੰ ਮਹਾਨ ਦਰਜਾ ਦਿੱਤਾ ਸੀ। ਸ਼੍ਰੋਮਣੀ ਕਮੇਟੀ ਵੱਲੋਂ ਜਿਥੇ ਹਰ ਸਾਲ ਸਕੂਲਾਂ ਕਾਲਜਾਂ ਦੀਆਂ ਖ਼ਾਲਸਈ ਖੇਡਾਂ ਕਰਵਾਈਆਂ ਜਾਂਦੀਆਂ ਹਨ, ਉਥੇ ਹੀ ਹੁਣ ਲੜਕੀਆਂ ਲਈ ਵੱਖਰਾ ਡਾਇਰੈਕਟੋਰੇਟ ਖੇਡਾਂ ਸਥਾਪਤ ਕਰਕੇ ਅਕੈਡਮੀ ਬਣਾਈ ਜਾ ਰਹੀ ਹੈ, ਤਾਂ ਜੋ ਹੁਨਰਮੰਦ ਲੜਕੀਆਂ ਖੇਡਾਂ ਦੇ ਖੇਤਰ ਵਿਚ ਅੱਗੇ ਵੱਧ ਸਕਣ। ਬੀਬੀ ਜਗੀਰ ਕੌਰ ਨੇ ਕਿਹਾ ਕਿ ਲੜਕੀਆਂ ਦੀ ਖੇਡ ਅਕੈਡਮੀ ਲਈ ਹਰ ਤਰ੍ਹਾਂ ਦੀਆਂ ਸਹੂਲਤਾਂ ਮੁਹੱਈਆ ਕਰਵਾਈਆਂ ਜਾਣਗੀਆਂ ਅਤੇ ਚੰਗੇ ਕੋਚਾਂ ਦੁਆਰਾ ਖੇਡ ਸਿਖਲਾਈ ਦਿੱਤੀ ਜਾਵੇਗੀ। ਉਨ੍ਹਾਂ ਕਿਹਾ ਕਿ ਅਕੈਡਮੀ ਲਈ ਸਲਾਹਕਾਰ ਵਜੋਂ ਵੱਖ-ਵੱਖ ਖੇਡਾਂ ਵਿਚ ਰਾਸ਼ਟਰੀ ਅਤੇ ਅੰਤਰਰਾਸ਼ਟਰੀ ਮੱਲਾਂ ਮਾਰਨ ਵਾਲੀਆਂ ਖਿਡਾਰਨਾਂ ਦੀਆਂ ਸੇਵਾਵਾਂ ਲਈਆਂ ਜਾ ਰਹੀਆਂ ਹਨ।

ਲਏ ਗਏ ਟਰਾਇਲਾਂ ਦੌਰਾਨ ਬਾਸਕਟਬਾਲ ਲਈ ਅਰਜਨਾ ਐਵਾਰਡੀ ਸ. ਸੱਜਣ ਸਿੰਘ ਚੀਮਾ ਅਤੇ ਨੈਸ਼ਨਲ ਚੈਪੀਅਨ ਬੀਬੀ ਹਰਪ੍ਰੀਤ ਕੌਰ ਬਰਨਾਲਾ ਨੇ ਚੋਣਕਾਰ ਵਜੋਂ ਸੇਵਾਵਾਂ ਨਿਭਾਈਆਂ। ਇਸੇ ਤਰ੍ਹਾਂ ਹਾਕੀ ਲਈ ਬੀਬੀ ਰਾਜਬੀਰ ਕੌਰ ਸਾਬਕਾ ਕਪਤਾਨ ਭਾਰਤੀ ਹਾਕੀ ਟੀਮ ਅਤੇ ਬੀਬੀ ਸੁਰਜੀਤ ਸਿੰਘ ਹਾਕੀ ਓਲੰਪੀਅਨ, ਜਦਕਿ ਐਥਲੈਟਿਕਸ ਲਈ ਬੀਬੀ ਕਮਲਜੀਤ ਕੌਰ ਅਤੇ ਸ੍ਰੀ ਵਿਕਾਸ (ਦੋਨੋਂ ਸੀਨੀਅਰ ਕੋਚ ਪੰਜਾਬ ਪੁਲਿਸ) ਨੇ ਜ਼ੁੰਮੇਵਾਰੀ ਨਿਭਾਈ। ਇਸ ਮੌਕੇ ਹੋਰਨਾਂ ਤੋਂ ਇਲਾਵਾ ਅੰਤ੍ਰਿੰਗ ਕਮੇਟੀ ਮੈਂਬਰ ਸ. ਅਜਮੇਰ ਸਿੰਘ ਖੇੜਾ, ਮੀਤ ਸਕੱਤਰ ਸ. ਤੇਜਿੰਦਰ ਸਿੰਘ ਪੱਡਾ, ਸ੍ਰੀਮਤੀ ਸੁਮਤੀ ਕੰਵਰ, ਸ੍ਰੀਮਤੀ ਪੂਨਮ ਅਰੋੜਾ, ਬੀਬੀ ਪ੍ਰਮਿੰਦਰ ਕੌਰ ਪੰਨੂ, ਸ. ਗੁਰਮੀਤ ਸਿੰਘ ਹਾਕੀ ਸਲਾਹਕਾਰ, ਸ. ਭੁਪਿੰਦਰ ਸਿੰਘ, ਸ. ਪ੍ਰੇਮ ਸਿੰਘ, ਸ. ਸੁਰਜੀਤ ਸਿੰਘ, ਸ. ਪ੍ਰਕਾਸ਼ ਸਿੰਘ (ਸਾਰੇ ਹਾਕੀ ਕੋਚ), ਮੈਨੇਜਰ ਸ. ਰੇਸ਼ਮ ਸਿੰਘ ਅਤੇ ਸ. ਸਰਬਜੀਤ ਸਿੰਘ ਧੂੰਦਾ ਹਾਜ਼ਰ ਸਨ।

# ਭਾਰਤ ਸਰਕਾਰ ਭਾਈ ਰਾਜੋਆਣਾ ਦੀ ਬਿਨਾਂ ਦੇਰੀ ਤੋਂ ਕਰੇ ਰਿਹਾਈ -ਬੀਬੀ ਜਗੀਰ ਕੌਰ

ਪਟਿਆਲਾ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਬੀਬੀ ਜਗੀਰ ਕੌਰ ਨੇ ਭਾਰਤ ਸਰਕਾਰ ਤੋਂ ਮੰਗ ਕਰਦਿਆਂ ਕਿਹਾ ਕਿ ਸਜ਼ਾ ਜ਼ਾਫਤਾ ਭਾਈ ਬਲਵੰਤ ਸਿੰਘ ਰਾਜੋਆਣਾ ਨੂੰ ਬਿਨਾਂ ਕਿਸੇ ਦੇਰੀ ਤੋਂ ਰਿਹਾਅ ਕੀਤਾ ਜਾਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਵੱਲੋਂ ਭਾਈ ਬਲਵੰਤ ਸਿੰਘ ਰਾਜੋਆਣਾ ਦੀ ਰਿਹਾਈ ਲਈ ਕਾਨੂੰਨੀ ਲੜਾਈ ਲੰਮੇ ਸਮੇਂ ਤੋਂ ਲੜੀ ਜਾ ਰਹੀ ਹੈ ਅਤੇ ਸੁਪਰੀਮ ਕੋਰਟ ਵੱਲੋਂ ਭਾਈ ਰਾਜੋਆਣਾ ਦੀ ਰਿਹਾਈ ਨੂੰ ਲੈ ਕੇ ਆਦੇਸ਼ ਵੀ ਜਾਰੀ ਕੀਤੇ ਗਏ ਹਨ।

ਬੀਬੀ ਜਗੀਰ ਕੌਰ ਨੇ ਕਿਹਾ ਕਿ ਭਾਰਤ ਅਤੇ ਪੰਜਾਬ ਦੀਆਂ ਜੇਲ੍ਹਾਂ 'ਚ ਬੰਦੀ ਸਿੱਖ ਆਪਣੀਆਂ ਸਜ਼ਾਵਾਂ ਪੂਰੀਆਂ ਕਰ ਚੁੱਕੇ ਹਨ, ਜਿਨਾਂ ਨੂੰ ਬਿਨਾਂ ਕਿਸੇ ਦੇਰੀ ਤੋਂ ਰਿਹਾਅ ਕੀਤਾ ਜਾਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਬੰਦੀ ਸਿੱਖਾਂ ਦੀ ਰਿਹਾਈ ਨਾ ਕਰਕੇ ਭਾਰਤ ਸਰਕਾਰ ਨੂੰ ਉਨ੍ਹਾਂ ਦੀ ਜ਼ਿੰਦਗੀ ਨਾਲ ਅਜਿਹਾ ਖਿਲਵਾੜ ਨਹੀਂ ਕਰਨਾ ਚਾਹੀਦਾ।

# ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਦੀ ਚਾਰ ਸੌ ਸਾਲਾ ਪ੍ਰਕਾਸ਼ ਸ਼ਤਾਬਦੀ ਦਾ ਮੁੱਖ ਸਮਾਗਮ ਸ੍ਰੀ ਅੰਮ੍ਰਿਤਸਰ ਵਿਖੇ 1 ਮਈ ਹੋਵੇਗਾ-ਬੀਬੀ ਜਗੀਰ ਕੌਰ

ਅੰਮ੍ਰਿਤਸਰ- ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਚਾਰ ਸੌ ਸਾਲਾ ਪ੍ਰਕਾਸ਼ ਪੁਰਬ ਸ਼ਤਾਬਦੀ ਸਬੰਧੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਮੁੱਖ ਸਮਾਗਮ 1 ਮਈ 2021 ਨੂੰ ਸ੍ਰੀ ਅੰਮ੍ਰਿਤਸਰ ਵਿਖੇ ਹੋਵੇਗਾ। ਇਸ ਬਾਰੇ ਜਾਣਕਾਰੀ ਦਿੰਦਿਆਂ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਬੀਬੀ ਜਗੀਰ ਕੌਰ ਨੇ ਦੱਸਿਆ ਕਿ ਨੌਵੇਂ ਪਾਤਸ਼ਾਹ ਜੀ ਦਾ ਪ੍ਰਕਾਸ਼ ਅਸਥਾਨ ਗੁਰਦੁਆਰਾ ਗੁਰੂ ਕੇ ਮਹਿਲ ਸ੍ਰੀ ਅੰਮ੍ਰਿਤਸਰ ਵਿਖੇ ਸਥਿਤ ਹੈ ਅਤੇ ਸ਼ਤਾਬਦੀ ਦਾ ਮੁੱਖ ਸਮਾਗਮ ਵੀ ਅੰਮ੍ਰਿਤਸਰ ਵਿਖੇ ਹੀ ਕੀਤਾ ਜਾਵੇਗਾ। ਇਸ ਤੋਂ ਇਲਾਵਾ ਗੁਰੂ ਸਾਹਿਬ ਨਾਲ ਸਬੰਧਤ ਇਤਿਹਾਸ ਅਸਥਾਨ ਗੁਰਦੁਆਰਾ ਬਾਬਾ ਬਕਾਲਾ ਸਾਹਿਬ, ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਸ੍ਰੀ ਅਨੰਦਪੁਰ ਸਾਹਿਬ, ਤਖ਼ਤ ਸ੍ਰੀ ਦਮਦਮਾ ਸਾਹਿਬ ਸਮੇਤ ਦੇਸ਼ ਦੇ ਵੱਖ-ਵੱਖ ਥਾਵਾਂ 'ਤੇ ਵੀ ਸਮਾਗਮ ਆਯੋਜਿਤ ਕੀਤੇ ਜਾਣਗੇ। ਉਨ੍ਹਾਂ ਦੱਸਿਆ ਕਿ ਸ਼ਤਾਬਦੀ ਸਮਾਗਮਾਂ ਦੌਰਾਨ ਸੰਗਤ ਨੂੰ ਗੁਰਬਾਣੀ ਉਚਾਰਨ ਦੀ ਜਾਣਕਾਰੀ ਦੇਣ ਲਈ ਪਾਠ ਬੋਧ ਸਮਾਗਮ ਵਿਸ਼ੇਸ਼ ਤੌਰ 'ਤੇ ਕੀਤੇ ਜਾ ਰਹੇ ਹਨ। ਇਸ ਤੋਂ ਇਲਾਵਾ ਇਸਤਰੀ ਗੁਰਮਤਿ ਸਮਾਗਮ, ਸੈਮੀਨਾਰ, ਨਗਰ ਕੀਰਤਨ, ਸਕੂਲਾਂ ਕਾਲਜਾਂ ਅੰਦਰ ਗੁਰਮਤਿ ਮੁਕਾਬਲੇ, ਰੌਸ਼ਨੀ ਤੇ ਅਵਾਜ਼ ਅਧਾਰਿਤ ਪ੍ਰੋਗਰਾਮ ਆਦਿ ਵਿਸ਼ੇਸ਼ ਹੋਣਗੇ।

ਉਨ੍ਹਾਂ ਦੱਸਿਆ ਕਿ ਗੁਰਦੁਆਰਾ ਸਾਹਿਬ ਪਾਤਸ਼ਾਹੀ ਨੌਵੀਂ ਬਾਬਾ ਬਕਾਲਾ ਸਾਹਿਬ ਵਿਖੇ 14 ਫ਼ਰਵਰੀ ਤੋਂ ਚੱਲ ਰਹੇ ਪਾਠ ਬੋਧ ਸਮਾਗਮ ਦੀ ਸੰਪੂਰਨਤਾ 16 ਮਾਰਚ ਨੂੰ ਹੋਵੇਗੀ ਅਤੇ 17 ਮਾਰਚ ਨੂੰ ਮਾਤਾ ਨਾਨਕੀ ਜੀ ਇਸਤਰੀ ਗੁਰਮਤਿ ਸੰਮੇਲਨ ਕੀਤਾ ਜਾਵੇਗਾ। ਇਥੇ 18 ਮਾਰਚ ਨੂੰ ਵਿਸ਼ੇਸ਼ ਸਮਾਗਮ ਦੌਰਾਨ ਪੰਥ ਦੀ ਪ੍ਰਮੁੱਖ ਸ਼ਖ਼ਸੀਅਤਾਂ ਸ਼ਿਰਕਤ ਕਰਨਗੀਆਂ। ਉਨ੍ਹਾਂ ਦੱਸਿਆ ਕਿ ਇਸੇ ਤਰ੍ਹਾਂ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਸ੍ਰੀ ਅਨੰਦਪੁਰ ਸਾਹਿਬ ਵਿਖੇ 26 ਫ਼ਰਵਰੀ ਨੂੰ ਪਾਠ ਬੋਧ ਸਮਾਗਮ ਆਰੰਭ ਹੋਵੇਗਾ, ਜਿਸ ਦੀ ਸੰਪੂਰਨਤਾ 27 ਮਾਰਚ ਨੂੰ ਕੀਤੀ ਜਾਵੇਗੀ। 28 ਮਾਰਚ ਨੂੰ ਮਾਤਾ ਗੁਜਰੀ ਜੀ ਇਸਤਰੀ ਗੁਰਮਤਿ ਸਮਾਗਮ ਸਜਾਇਆ ਜਾਵੇਗਾ ਅਤੇ 29 ਮਾਰਚ ਨੂੰ ਵਿਸ਼ੇਸ਼ ਗੁਰਮਤਿ ਸਮਾਗਮ ਭਾਈ ਜੈਤਾ ਜੀ ਨੂੰ ਸਮਰਪਿਤ ਹੋਵੇਗਾ। ਤਖ਼ਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ ਵਿਖੇ 10 ਮਾਰਚ ਨੂੰ ਪਾਠ ਬੋਧ ਸਮਾਗਮ ਸ਼ੁਰੂ ਹੋਵੇਗਾ ਅਤੇ ਸੰਪੂਰਨਤਾ 11 ਅਪ੍ਰੈਲ ਨੂੰ ਕੀਤੀ ਜਾਵੇਗੀ। ਇਥੇ 12 ਅਪ੍ਰੈਲ ਨੂੰ ਮਾਤਾ ਸੁੰਦਰੀ ਜੀ ਅਤੇ ਮਾਤਾ ਸਾਹਿਬ ਕੌਰ ਜੀ ਇਸਤਰੀ ਗੁਰਮਤਿ ਸਮਾਗਮ ਅਤੇ 13 ਅਪ੍ਰੈਲ ਨੂੰ ਮੁੱਖ ਸਮਾਗਮ ਖਾਲਸਾ ਸਿਰਜਣਾ ਦਿਵਸ ਮੌਕੇ ਕਰਵਾਏ ਜਾਣਗੇ।

ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਦੱਸਿਆ ਕਿ ਇਕ ਸਹਿਜ ਪਾਠ ਸਮਾਗਮ ਸ੍ਰੀ ਅੰਮ੍ਰਿਤਸਰ ਵਿਖੇ ਕਰਵਾਇਆ ਜਾ ਰਿਹਾ ਹੈ। ਇਹ 26 ਮਾਰਚ ਤੋਂ 29 ਅਪ੍ਰੈਲ ਤੱਕ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਹੋਵੇਗਾ। 30 ਮਾਰਚ ਨੂੰ ਬੀਬੀ ਵੀਰੋ ਜੀ ਇਸਤਰੀ ਗੁਰਮਤਿ ਸਮਾਗਮ ਅਤੇ 1 ਮਈ ਨੂੰ ਸ਼ਤਾਬਦੀ ਦਾ ਮੁੱਖ ਸਮਾਗਮ ਕੀਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਸ਼ਤਾਬਦੀ ਸਬੰਧੀ ਕਰਵਾਇਆ ਜਾਣ ਵਾਲਾ ਮੁੱਖ ਸਮਾਗਮ ਸ੍ਰੀ ਅੰਮ੍ਰਿਤਸਰ ਵਿਖੇ ਕਿਸੇ ਖੁੱਲ੍ਹੇ ਸਥਾਨ 'ਤੇ ਵਿਸ਼ਾਲ ਪੰਡਾਲ ਵਿਚ ਹੋਵੇਗਾ। ਉਨ੍ਹਾਂ ਕਿਹਾ ਕਿ ਇਸ ਸਮਾਗਮ ਦੌਰਾਨ ਦੇਸ਼ ਵਿਦੇਸ਼ਾਂ ਦੀਆਂ ਪ੍ਰਮੁੱਖ ਸ਼ਖ਼ਸੀਅਤਾਂ ਅਤੇ ਸੰਗਤਾਂ ਹਾਜ਼ਰੀ ਭਰ ਕੇ ਗੁਰੂ ਸਾਹਿਬ ਜੀ ਨੂੰ ਸ਼ਰਧਾ ਭੇਟ ਕਰਨਗੀਆਂ। ਬੀਬੀ ਜਗੀਰ ਕੌਰ ਨੇ ਇਹ ਜਾਣਕਾਰੀ ਵੀ ਦਿੱਤੀ ਕਿ ਸੰਗਤਾਂ ਵੱਲੋਂ ਆਰੰਭ ਕੀਤੇ ਗਏ ਹਜ਼ਾਰਾਂ ਸਹਿਜ ਪਾਠ ਦੇ ਭੋਗ ਪਾਠ ਬੋਧ ਸਮਾਗਮਾਂ ਦੀ ਸੰਪੂਰਨਤਾ ਸਮੇਂ ਹਰ ਸਥਾਨ ਪਾਏ ਜਾਣਗੇ। ਉਨ੍ਹਾਂ ਇਹ ਵੀ ਦੱਸਿਆ ਕਿ ਵੱਖ-ਵੱਖ ਵਿਦਿਅਕ ਅਦਾਰਿਆਂ ਵਿਚ ਸੈਮੀਨਾਰ ਆਰੰਭ ਦਿੱਤੇ ਗਏ ਹਨ ਜਿਸ ਤਹਿਤ ਅਗਲੇ ਦਿਨਾਂ ਅੰਦਰ ਸ੍ਰੀ ਅੰਮ੍ਰਿਤਸਰ, ਜਲੰਧਰ, ਗੜ੍ਹਸ਼ੰਕਰ, ਪਟਿਆਲਾ, ਸ੍ਰੀ ਫ਼ਤਹਿਗੜ੍ਹ ਸਾਹਿਬ, ਤਲਵੰਡੀ ਸਾਬੋ, ਲੁਧਿਆਣਾ, ਸ੍ਰੀ ਅਨੰਦਪੁਰ ਸਾਹਿਬ, ਅੰਬਾਲਾ ਆਦਿ ਥਾਵਾਂ 'ਤੇ ਸੈਮੀਨਾਰ ਹੋਣਗੇ। ਗੁਰਮਤਿ ਸਮਾਗਮਾਂ ਬਾਰੇ ਉਨ੍ਹਾਂ ਦੱਸਿਆ ਕਿ ਇਹ ਪੰਜਾਬ ਤੋਂ ਇਲਾਵਾ ਕਾਨ੍ਹਪੁਰ, ਬੰਗਲਾ ਦੇਸ਼, ਨਾਨਕਮਤਾ, ਦਿੱਲੀ, ਧਮਧਾਨ ਸਾਹਿਬ ਹਰਿਆਣਾ, ਪਟਨਾ ਸਾਹਿਬ ਸਮੇਤ ਹੋਰਨਾਂ ਥਾਵਾਂ 'ਤੇ ਹੋਣਗੇ। ਉਨ੍ਹਾਂ ਕਿਹਾ ਕਿ ਨੌਵੇਂ ਪਾਤਸ਼ਾਹ ਜੀ ਦੀ ਚਾਰ ਸੌ ਸਾਲਾ ਪ੍ਰਕਾਸ਼ ਸ਼ਤਾਬਦੀ ਪੰਥਕ ਜਾਹੋ-ਜਲਾਲ ਨਾਲ ਮਨਾਈ ਜਾਵੇਗੀ।



ਗੁਰਦੁਆਰਾ ਭਗਤ ਨਾਮਦੇਵ ਜੀ ਰਾਮਪੁਰਾ ਸਹਿਰ ਵਿਖੇ ਗੁਰਮਤਿ ਸਮਾਗਮ ਤੇ ਅੰਮ੍ਰਿਤ ਸੰਚਾਰ ਕਰਵਾਇਆ ਗਿਆ। ਤਖਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ ਤੋਂ ਪੰਜ ਪਿਆਰੇ ਸਾਹਿਬਾਨ ਨੇ ਅੰਮ੍ਰਿਤ ਅਭਿਲਾਖੀ ਸੰਗਤਾਂ ਨੂੰ ਅੰਮ੍ਰਿਤ ਛਕਾਇਆ। ਇਸ ਮੌਕੇ ਭਾਈ ਨਿਰਭੈ ਸਿੰਘ ਜਿਉਂਦ, ਭਾਈ ਹਰਦੀਪ ਸਿੰਘ ਬੱਲੋ ਪ੍ਰਚਾਰਕ ਹਾਜ਼ਰ ਸਨ।

# ਬਾਬਾ ਬਕਾਲਾ ਸਾਹਿਬ ਵਿਖੇ 400 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਵਿਸ਼ਾਲ ਗੁਰਮਤਿ ਸਮਾਗਮ

## ਹਕੂਮਤਾਂ ਵੱਲੋਂ ਸਮੇਂ ਸਮੇਂ ਧਾਰਮਿਕ ਅਜ਼ਾਦੀ 'ਤੇ ਹਮਲੇ ਦੇਸ਼ ਲਈ ਸਦਾ ਨੁਕਸਾਨਦੇਹ ਰਹੇ -ਗਿਆਨੀ ਹਰਪ੍ਰੀਤ ਸਿੰਘ

## ਨੌਵੇਂ ਪਾਤਸ਼ਾਹ ਵੱਲੋਂ ਸਮਾਜ ਨੂੰ ਦਿੱਤੀ ਦੇਣ ਦੁਨੀਆਂ ਦੇ ਧਾਰਮਿਕ ਇਤਿਹਾਸ ਅੰਦਰ ਅਸਲੋਂ ਨਿਵੇਕਲੀ-ਬੀਬੀ ਜਗੀਰ ਕੌਰ





















ਬਾਬਾ ਬਕਾਲਾ ਸਾਹਿਬ, 18 ਮਾਰਚ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ 400 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਗੁਰਦੁਆਰਾ ਸਾਹਿਬ ਪਾਤਸ਼ਾਹੀ ਨੌਵੀਂ ਬਾਬਾ ਬਕਾਲਾ ਸਾਹਿਬ ਵਿਖੇ ਵਿਸ਼ਾਲ ਗੁਰਮਤਿ ਸਮਾਗਮ ਦੌਰਾਨ ਹਜ਼ਾਰਾਂ ਸੰਗਤਾਂ ਨੇ ਸ਼ਿਰਕਤ ਕੀਤੀ, ਜਦਕਿ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ, ਸ਼੍ਰੋਮਣੀ ਕਮੇਟੀ ਪ੍ਰਧਾਨ ਬੀਬੀ ਜਗੀਰ ਕੌਰ, ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੁੱਖ ਗ੍ਰੰਥੀ ਸਿੰਘ ਸਾਹਿਬ ਗਿਆਨੀ ਜਗਤਾਰ ਸਿੰਘ, ਬਾਬਾ ਅਵਤਾਰ ਸਿੰਘ ਸੁਰਸਿੰਘ ਮੁੱਖੀ ਦਲ ਬਾਬਾ ਬਿਧੀ ਚੰਦ, ਪਦਮਸ੍ਰੀ ਬਾਬਾ ਸੇਵਾ ਸਿੰਘ ਖਡੂਰ ਸਾਹਿਬ, ਸ਼੍ਰੋਮਣੀ ਕਮੇਟੀ ਦੇ ਜਨਰਲ ਸਕੱਤਰ ਐਡਵੋਕੇਟ ਭਗਵੰਤ ਸਿੰਘ ਸਿਆਲਕਾ ਤੇ ਮੁੱਖ ਸਕੱਤਰ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਸੰਗਤ ਨਾਲ ਵਿਚਾਰ ਸਾਂਝੇ ਕੀਤੇ।

ਇਸ ਮੌਕੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਨੇ ਜਿਥੇ ਗੁਰੂ ਸਾਹਿਬ ਦੇ ਜੀਵਨ ਇਤਿਹਾਸ ਅਤੇ ਉਨ੍ਹਾਂ ਦੇ ਫ਼ਲਸਫੇ ਤੋਂ ਸੰਗਤ ਨੂੰ ਜਾਣੂ ਕਰਵਾਇਆ, ਉਥੇ ਹੀ ਸਮੇਂ ਸਮੇਂ ਹਕੂਮਤਾਂ ਵੱਲੋਂ ਘਟਗਿਣਤੀਆਂ ਨੂੰ ਦਬਾਉਣ ਲਈ ਚਲੀਆਂ ਜਾਂਦੀਆਂ ਚਾਲਾਂ ਨੂੰ ਦੇਸ਼ ਲਈ ਘਾਤਕ ਦੱਸਿਆ। ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਨੇ ਕਿਹਾ ਕਿ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਦਾ ਸਮੁੱਚਾ ਜੀਵਨ ਮਨੁੱਖਤਾ ਲਈ ਪ੍ਰੇਰਣਾ ਸਰੋਤ ਅਤੇ ਉਨ੍ਹਾਂ ਦੀ ਸ਼ਹਾਦਤ ਸੰਸਾਰ ਅੰਦਰ ਵਿਲੱਖਣ ਅਤੇ ਅਦੁੱਤੀ ਹੈ। ਉਨ੍ਹਾਂ ਆਖਿਆ ਕਿ ਜਦੋਂ ਗੁਰੂ ਸਾਹਿਬ ਜੀ ਦੀ ਪਾਵਨ ਸ਼ਹਾਦਤ ਹੋਈ ਉਸ ਸਮੇਂ ਔਰੰਗਜ਼ੇਬ ਖਾਸ ਨੀਤੀ ਤਹਿਤ ਗੈਰ ਮੁਸਲਮਾਨਾਂ ਨੂੰ ਦਬਾ ਰਿਹਾ ਸੀ। ਇਸੇ ਜਬਰੀ ਧਰਮ ਪ੍ਰਵਰਤਨ ਦੀ ਨੌਵੇਂ ਪਾਤਸ਼ਾਹ ਨੇ ਸਖ਼ਤ ਵਿਰੋਧਤਾ ਕੀਤੀ ਅਤੇ ਮਨੁੱਖੀ ਹੱਕਾਂ ਦੀ ਰਖਵਾਲੀ ਲਈ ਆਪਣੀ ਸ਼ਹਾਦਤ ਦਿੱਤੀ। ਉਨ੍ਹਾਂ ਕਿਹਾ ਕਿ ਅੱਜ ਵੀ ਦੇਸ਼ ਦੇ ਹਾਲਾਤ ਅਜਿਹਾ ਹੀ ਦ੍ਰਿਸ਼ ਪੇਸ਼ ਕਰ ਰਹੇ ਹਨ। ਅੱਜ ਦੇ ਹਾਕਮ ਇਕ ਧਰਮ ਦਾ ਰਾਸ਼ਟਰ ਬਣਾਉਣ ਦੀ ਨੀਤੀ 'ਤੇ ਹੀ ਕੰਮ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਅਜਿਹੀ ਨੀਤੀ ਦੇਸ਼ ਲਈ ਹਮੇਸ਼ਾ ਨੁਕਸਾਨਦੇਹ ਰਹੀ ਹੈ। ਗਿਆਨੀ ਹਰਪ੍ਰੀਤ ਸਿੰਘ ਨੇ ਕਿਹਾ ਕਿ ਦੇਸ਼ ਅੰਦਰ ਵੱਖ-ਵੱਖ ਧਰਮਾਂ, ਰੀਤੀ ਰਿਵਾਜਾਂ ਅਤੇ ਫਿਰਕਿਆਂ ਦੇ ਲੋਕ ਵੱਸਦੇ ਹਨ, ਜਿਨ੍ਹਾਂ ਦੀ ਧਾਰਮਿਕ ਅਜ਼ਾਦੀ ਅਤੇ ਹੱਕ ਹਕੂਕ ਗੁਰੂ ਸਾਹਿਬ ਵੱਲੋਂ ਦਿਖਾਏ ਮਾਰਗ ਅਨੁਸਾਰ ਸੁਰੱਖਿਅਤ ਰਹਿਣੇ ਚਾਹੀਦੇ ਹਨ। ਉਨ੍ਹਾਂ ਨੌਵੇਂ ਪਾਤਸ਼ਾਹ ਜੀ ਦੇ ਫਲਸਫੇ ਦੀ ਗੱਲ ਕਰਦਿਆਂ ਕਿਹਾ ਕਿ ਗੁਰੂ ਸਾਹਿਬ ਨੇ ਤਿਆਗ ਅਤੇ ਬੈਰਾਗ ਦੀ ਨਵੀਂ ਪ੍ਰੀਭਾਸ਼ਾ ਕਾਇਮ ਕੀਤੀ, ਜਿਸ ਨੇ ਸਮਾਜ ਅੰਦਰ ਰਹਿੰਦਿਆਂ ਨਿਰਲੇਪ ਜੀਵਨ ਜਿਊਣ ਲਈ ਪ੍ਰੇਰਿਆ।

ਸਮਾਗਮ ਦੌਰਾਨ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਬੀਬੀ ਜਗੀਰ ਕੌਰ ਨੇ ਕਿਹਾ ਕਿ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਨੇ ਸਮਾਜ ਦੀ ਬੇਹਤਰੀ ਲਈ ਜੋ ਮਾਰਗ ਦਰਸ਼ਨ ਦਿੱਤਾ, ਉਹ ਦੁਨੀਆਂ ਦੇ ਧਾਰਮਿਕ ਇਤਿਹਾਸ ਅੰਦਰ ਅਸਲੋਂ ਨਿਵੇਕਲਾ ਹੈ। ਸਿੱਖ ਵਿਚਾਰਧਾਰਾ ਵਿਚ ਨੌਵੇਂ ਪਾਤਸ਼ਾਹ ਜੀ ਦਾ ਮਨੁੱਖਤਾ ਨੂੰ ਉੱਚਾ ਚੁੱਕਣ ਵਾਲਾ ਫਲਸਫਾ ਸਾਡੀ ਅਗਵਾਈ ਕਰਦਾ ਹੈ। ਅਸੀਂ ਕਿਸ ਤਰ੍ਹਾਂ ਹਰ ਧਰਮ ਦੇ ਲੋਕਾਂ ਨਾਲ ਪਰਸਪਰ ਸਬੰਧ ਪੈਦਾ ਕਰਨੇ ਹਨ, ਇਹ ਗੁਰੂ ਸਾਹਿਬ ਜੀ ਦੀ ਜੀਵਨ ਫਲਸਫੇ ਵਿੱਚੋਂ ਪ੍ਰਤੱਖ ਹੁੰਦਾ ਹੈ। ਬੀਬੀ ਜਗੀਰ ਕੌਰ ਨੇ ਕਿਹਾ ਕਿ ਗੁਰੂ ਸਾਹਿਬ ਦੇ 400 ਸਾਲਾ ਪ੍ਰਕਾਸ਼ ਪੁਰਬ ਮੌਕੇ ਉਨ੍ਹਾਂ ਦੀ ਵਿਚਾਰਧਾਰਾ ਨੂੰ ਉਭਾਰਨਾ ਅਤੇ ਅਪਨਾਉਣਾ ਹੀ ਉਨ੍ਹਾਂ ਪ੍ਰਤੀ ਸੱਚਾ ਸਮਰਪਣ ਹੈ। ਸ਼੍ਰੋਮਣੀ ਕਮੇਟੀ ਪ੍ਰਧਾਨ ਬੀਬੀ ਜਗੀਰ ਕੌਰ ਨੇ ਐਲਾਨ ਕੀਤਾ ਕਿ ਸਾਰਾ ਸਾਲ ਗੁਰੂ ਸਾਹਿਬ ਜੀ ਦੇ ਫਲਸਫੇ ਨੂੰ ਪ੍ਰਚਾਰਨ ਲਈ ਜ਼ੋਰਦਾਰ ਪ੍ਰਚਾਰ ਲਹਿਰ ਜਾਰੀ ਰੱਖੀ ਜਾਵੇਗੀ, ਜਿਸ ਤਹਿਤ ਪਿੰਡ ਪੱਧਰ 'ਤੇ ਸਮਾਗਮ ਕੀਤੇ ਜਾਣਗੇ। ਉਨ੍ਹਾਂ ਇਹ ਵੀ ਕਿਹਾ ਕਿ 20 ਮਾਰਚ ਨੂੰ ਸ੍ਰੀ ਅੰਮ੍ਰਿਤਸਰ ਤੋਂ ਦਿੱਲੀ ਲਈ ਸਜਾਇਆ ਜਾਣ ਵਾਲਾ ਨਗਰ ਕੀਰਤਨ ਅਲੌਕਿਕ ਹੋਵੇਗਾ, ਜੋ ਪੰਜਾਬ, ਹਰਿਆਣਾ ਵਿਚ ਸਥਿਤ ਨੌਵੇਂ ਪਾਤਸ਼ਾਹ ਦੇ ਅਸਥਾਨਾਂ ਤੋਂ ਹੋ ਕੇ ਜਾਵੇਗਾ ਅਤੇ ਮੁੜ ਦਿੱਲੀ ਤੋਂ ਸ੍ਰੀ ਅਨੰਦਪੁਰ ਸਾਹਿਬ ਵਿਖੇ ਆ ਕੇ ਸੰਪੂਰਨ ਹੋਵੇਗਾ। ਉਨ੍ਹਾਂ ਸਮਾਗਮ ਦੌਰਾਨ ਪੁੱਜਣ ਵਾਲੀਆਂ ਸੰਗਤਾਂ ਅਤੇ ਪ੍ਰਮੁੱਖ ਸ਼ਖ਼ਸੀਅਤਾਂ ਦਾ ਧੰਨਵਾਦ ਕੀਤਾ।

ਇਸ ਮੌਕੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੁੱਖ ਗ੍ਰੰਥੀ ਸਿੰਘ ਸਾਹਿਬ ਗਿਆਨੀ ਜਗਤਾਰ ਸਿੰਘ ਨੇ ਸੰਗਤ ਨੂੰ ਗੁਰਬਾਣੀ ਆਸ਼ੇ ਅਨੁਸਾਰ ਜੀਵਨ ਜਿਊਣ ਦੀ ਪ੍ਰੇਰਣਾ ਕੀਤੀ। ਦਮਦਮੀ ਟਕਸਾਲ ਦੇ ਮੁਖੀ ਬਾਬਾ ਹਰਨਾਮ ਸਿੰਘ ਖਾਲਸਾ ਵੱਲੋਂ ਹਾਜ਼ਰੀ ਭਰਦਿਆਂ ਸ਼੍ਰੋਮਣੀ ਕਮੇਟੀ ਦੇ ਜਨਰਲ ਸਕੱਤਰ ਐਡਵੋਕੇਟ ਭਗਵੰਤ ਸਿੰਘ ਸਿਆਲਕਾ ਨੇ ਕਿਹਾ ਕਿ ਨੌਵੇਂ ਪਾਤਸ਼ਾਹ ਦਾ ਪ੍ਰਕਾਸ਼ ਪੁਰਬ ਸਾਡੇ ਸਮਿਆਂ ਅੰਦਰ ਆਉਣਾ ਸਾਡੀ ਖੁਸ਼ਕਿਸਮਤੀ ਹੈ। ਉਨ੍ਹਾਂ ਕਿਹਾ ਕਿ ਦਮਦਮੀ ਟਕਸਾਲ ਵੱਲੋਂ ਪੁੱਜੇ ਸੁਨੇਹੇ ਅਨੁਸਾਰ 400 ਸਾਲਾ ਪ੍ਰਕਾਸ਼ ਪੁਰਬ ਸ਼ਤਾਬਦੀ ਮੌਕੇ ਕੀਤੇ ਜਾਣ ਵਾਲੇ ਸਾਰੇ ਸਮਾਗਮਾਂ ਦੌਰਾਨ ਭਰਵਾਂ ਸਹਿਯੋਗ ਕੀਤਾ ਜਾਵੇਗਾ। ਦਲ ਬਾਬਾ ਬਿਧੀ ਚੰਦ ਦੇ ਮੁਖੀ ਬਾਬਾ ਅਵਤਾਰ ਸਿੰਘ ਸੁਰਸਿੰਘ ਅਤੇ ਕਾਰ ਸੇਵਾ ਖਡੂਰ ਸਾਹਿਬ ਦੇ ਮੁਖੀ ਪਦਮਸ੍ਰੀ ਬਾਬਾ ਸੇਵਾ ਸਿੰਘ ਖਡੂਰ ਸਾਹਿਬ ਨੇ ਸੰਗਤ ਨੂੰ ਗੁਰੂ ਸਾਹਿਬ ਜੀ ਦੇ ਇਤਿਹਾਸਕ 400 ਸਾਲਾ ਪ੍ਰਕਾਸ਼ ਪੁਰਬ ਦੀ ਵਧਾਈ ਦਿੰਦਿਆਂ ਬਾਣੀ ਅਤੇ ਬਾਣੇ ਨਾਲ ਜੁੜਨ ਦੀ ਪ੍ਰੇਰਣਾ ਦਿੱਤੀ। ਸਟੇਜ ਸੰਚਾਲਨ ਦੀ ਸੇਵਾ ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਵੱਲੋਂ ਨਿਭਾਈ ਗਈ। ਇਸ ਤੋਂ ਪਹਿਲਾਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਉਂਕਾਰ ਸਿੰਘ, ਭਾਈ ਗੁਰਕੀਰਤ ਸਿੰਘ ਤੇ ਭਾਈ ਸੁਖਵੰਤ ਸਿੰਘ ਦੇ ਜਥਿਆਂ ਨੇ ਸੰਗਤ ਨੂੰ ਗੁਰਬਾਣੀ ਕੀਰਤਨ ਨਾਲ ਜੋੜਿਆ ਅਤੇ ਸਿੰਘ ਸਾਹਿਬ ਗਿਆਨੀ ਮਾਨ ਸਿੰਘ ਨੇ ਕਥਾ ਵਿਚਾਰਾਂ ਸਰਵਣ ਕਰਵਾਈਆਂ। ਸਮਾਗਮ ਸਮੇਂ ਸ਼੍ਰੋਮਣੀ ਕਮੇਟੀ ਪ੍ਰਧਾਨ ਬੀਬੀ ਜਗੀਰ ਕੌਰ, ਸੀਨੀਅਰ ਮੀਤ ਪ੍ਰਧਾਨ ਸ. ਸੁਰਜੀਤ ਸਿੰਘ ਭਿੱਟੇਵਡ, ਜਨਰਲ ਸਕੱਤਰ ਐਡਵੋਕੇਟ ਭਗਵੰਤ ਸਿੰਘ ਸਿਆਲਕਾ ਅਤੇ ਮੁੱਖ ਸਕੱਤਰ ਐਡੋਵਕੇਟ ਹਰਜਿੰਦਰ ਸਿੰਘ ਧਾਮੀ ਅਤੇ ਹੋਰਾਂ ਨੇ ਵੱਖ-ਵੱਖ ਪ੍ਰਮੁੱਖ ਸ਼ਖ਼ਸੀਅਤਾਂ ਨੂੰ ਗੁਰੂ ਬਖ਼ਸ਼ਿਸ਼ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ।

ਇਸ ਮੌਕੇ ਬਾਬਾ ਗੱਜਣ ਸਿੰਘ ਤਰਨਾ ਦਲ ਬਾਬਾ ਬਕਾਲਾ, ਸ਼੍ਰੋਮਣੀ ਕਮੇਟੀ ਦੇ ਸੀਨੀਅਰ ਮੀਤ ਪ੍ਰਧਾਨ ਸ. ਸੁਰਜੀਤ ਸਿੰਘ ਭਿੱਟੇਵੱਡ, ਜਨਰਲ ਸਕੱਤਰ ਐਡਵੋਕੇਟ ਭਗਵੰਤ ਸਿੰਘ ਸਿਆਲਕਾ, ਮੁੱਖ ਸਕੱਤਰ ਐਡਵੋਕੇਟ ਹਰਜਿੰਦਰ ਸਿੰਘ ਧਾਮੀ, ਬਾਬਾ ਸੁਖਵਿੰਦਰ ਸਿੰਘ ਭੂਰੀਵਾਲੇ, ਬਾਬਾ ਸੁਖਵਿੰਦਰ ਸਿੰਘ ਮਲਕਪੁਰ, ਸ਼੍ਰੋਮਣੀ ਕਮੇਟੀ ਦੇ ਮੈਂਬਰ ਤੇ ਸਾਬਕਾ ਵਿਧਾਇਕ ਸ. ਬਲਜੀਤ ਸਿੰਘ ਜਲਾਲਉਸਮਾ, ਮੈਂਬਰ ਭਾਈ ਰਜਿੰਦਰ ਸਿੰਘ ਮਹਿਤਾ, ਭਾਈ ਰਾਮ ਸਿੰਘ, ਸ. ਬਾਵਾ ਸਿੰਘ ਗੁਮਾਨਪੁਰਾ, ਸ. ਅਮਰਜੀਤ ਸਿੰਘ ਭਲਾਈਪੁਰ, ਭਾਈ ਅਜਾਇਬ ਸਿੰਘ ਅਭਿਆਸੀ, ਸ. ਗੁਰਪ੍ਰੀਤ ਸਿੰਘ ਝੱਬਰ, ਸ. ਸਰਵਨ ਸਿੰਘ ਕੁਲਾਰ, ਸ. ਤਾਰਾ ਸਿੰਘ ਸੱਲ੍ਹਾ, ਬਾਬਾ ਨਿਰਮਲ ਸਿੰਘ ਨੌਸ਼ਿਹਰਾਢਾਲਾ, ਸ. ਰਣਜੀਤ ਸਿੰਘ ਕਾਹਲੋਂ, ਸ. ਅਮਰਜੀਤ ਸਿੰਘ ਬੰਡਾਲਾ, ਬੀਬੀ ਜੋਗਿੰਦਰ ਕੌਰ ਬਠਿੰਡਾ, ਸ. ਸੁਰਜੀਤ ਸਿੰਘ ਤੁਗਲਵਾਲ, ਸ. ਬਲਵਿੰਦਰ ਸਿੰਘ ਵੇਈਂਪੂਈਂ, ਬੀਬੀ ਜੋਗਿੰਦਰ ਕੌਰ ਧਰਮਕੋਟ, ਸ. ਕੁਲਦੀਪ ਸਿੰਘ ਤੇੜਾ, ਬੀਬੀ ਦਵਿੰਦਰ ਕੌਰ ਕਾਲੜਾ, ਬੀਬੀ ਸਰਵਨ ਕੌਰ ਤੇੜਾ, ਬੀਬੀ ਗੁਰਵਿੰਦਰ ਕੌਰ ਜਲਾਲਉਸਮਾ, ਸ. ਮਨਜੀਤ ਸਿੰਘ ਮੰਨਾ ਸਾਬਕਾ ਵਿਧਾਇਕ, ਸ. ਗੁਰਿੰਦਰਪਾਲ ਸਿੰਘ ਰਈਆ, ਬਾਬਾ ਬਖਸ਼ੀਸ ਸਿੰਘ ਨਾਨਕਸਰ ਮਰਹਾਣਾ, ਬਾਬਾ ਸੁਖਦੇਵ ਸਿੰਘ ਟਾਹਲੀ ਸਾਹਿਬ, ਬਾਬਾ ਸਤਨਾਮ ਸਿੰਘ ਕਿਲ੍ਹਾ ਅਨੰਦਗੜ੍ਹ ਸਾਹਿਬ, ਬਾਬਾ ਬਲਵਿੰਦਰ ਸਿੰਘ ਅਠਵਾਲਾ ਵਾਲੇ, ਬਾਬਾ ਮਹਿੰਦਰ ਸਿੰਘ, ਬਾਬਾ ਮੌਜੀ ਦਾਸ ਉਦਾਸੀ ਸੰਪਰਦਾ, ਬਾਬਾ ਅਜਾਇਬ ਸਿੰਘ ਕਾਰਸੇਵਾ ਵਾਲੇ, ਬਾਬਾ ਜੀਤ ਸਿੰਘ ਜੌਲਾਂ, ਬਾਬਾ ਸੁਰਿੰਦਰ ਸਿੰਘ ਭਾਈ ਸੁਲਤਾਨ ਸਿੰਘ ਅਰਦਾਸੀਆ, ਸ਼੍ਰੋਮਣੀ ਕਮੇਟੀ ਦੇ ਸਕੱਤਰ ਸ. ਮਹਿੰਦਰ ਸਿੰਘ ਆਹਲੀ, ਵਧੀਕ ਸਕੱਤਰ ਸ. ਸੁਖਦੇਵ ਸਿੰਘ ਭੂਰਾਕੋਹਨਾ, ਸ. ਪ੍ਰਤਾਪ ਸਿੰਘ, ਮੀਤ ਸਕੱਤਰ ਸ. ਕੁਲਵਿੰਦਰ ਸਿੰਘ ਰਮਦਾਸ, ਸ. ਹਰਜੀਤ ਸਿੰਘ ਲਾਲੂਘੁੰਮਣ, ਸ. ਸਕੱਤਰ ਸਿੰਘ, ਸ. ਬਲਵਿੰਦਰ ਸਿੰਘ ਕਾਹਲਵਾਂ, ਸ. ਸੁਲੱਖਣ ਸਿੰਘ ਭੰਗਾਲੀ, ਸ. ਮੁਖਤਾਰ ਸਿੰਘ, ਓਐਸਡੀ ਡਾ. ਸੁਖਬੀਰ ਸਿੰਘ, ਡਾ. ਅਮਰੀਕ ਸਿੰਘ ਲਤੀਫਪੁਰ, ਸੁਪ੍ਰਿੰਟੈਂਡੈਂਟ ਸ. ਮਲਕੀਤ ਸਿੰਘ ਬਹਿੜਵਾਲ, ਡਾਇਰੈਕਟਰ ਬੀਬੀ ਸਤਵੰਤ ਕੌਰ, ਹੈੱਡ ਗ੍ਰੰਥੀ ਭਾਈ ਸੁਰਜੀਤ ਸਿੰਘ ਸਭਰਾ, ਮੈਨੇਜਰ ਸ. ਸਤਿੰਦਰ ਸਿੰਘ ਬਾਜਵਾ, ਸ. ਮੋਹਨ ਸਿੰਘ ਕੰਗ, ਹੈੱਡ ਪ੍ਰਚਾਰਕ ਭਾਈ ਜਸਵਿੰਦਰ ਸਿੰਘ ਸ਼ਹੂਰ, ਭਾਈ ਸਰਬਜੀਤ ਸਿੰਘ ਢੋਟੀਆਂ, ਭਾਈ ਜਗਦੇਵ ਸਿੰਘ ਸਮੇਤ ਵੱਡੀ ਗਿਣਤੀ ਸੰਗਤਾਂ ਮੌਜੂਦ ਸਨ।

# ਮਾਲਵਾ ਖੇਤਰ ਦੇ ਸ਼੍ਰੋਮਣੀ ਕਮੇਟੀ ਮੈਂਬਰਾਂ ਨਾਲ ਇਕੱਤਰਤਾ 'ਚ ਸ਼ਤਾਬਦੀ ਅਤੇ ਪ੍ਰਬੰਧਾਂ ਸਬੰਧੀ ਕੀਤਾ ਵਿਚਾਰ ਵਟਾਂਦਰਾਂ



ਅੰਮ੍ਰਿਤਸਰ- ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਦੇ 400 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸ਼੍ਰੋਮਣੀ ਕਮੇਟੀ ਵੱਲੋਂ ਗੁਰਦੁਆਰਾ ਗੁਰੂ ਕੇ ਮਹਿਲ ਸ੍ਰੀ ਅੰਮ੍ਰਿਤਸਰ ਤੋਂ ਦਿੱਲੀ ਲਈ ਸਜਾਇਆ ਜਾਣ ਵਾਲਾ ਨਗਰ ਕੀਰਤਨ 20 ਮਾਰਚ ਨੂੰ ਆਰੰਭ ਹੋਵੇਗਾ। ਇਸ ਨਗਰ ਕੀਰਤਨ ਸ੍ਰੀ ਅੰਮ੍ਰਿਤਸਰ ਤੋਂ ਦਿੱਲੀ ਅਤੇ ਫਿਰ ਦਿੱਲੀ ਤੋਂ ਸ੍ਰੀ ਅਨੰਦਪੁਰ ਸਾਹਿਬ ਵਿਖੇ ਪੁੱਜ ਕੇ ਸੰਪੂਰਨਤਾ ਹੋਵੇਗੀ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਬੀਬੀ ਜਗੀਰ ਕੌਰ ਨੇ ਕਿਹਾ ਕਿ ਸ਼ਤਾਬਦੀ ਨੂੰ ਸਮਰਪਿਤ ਜਿਥੇ ਨੌਵੇਂ ਪਾਤਸ਼ਾਹ ਜੀ ਦੇ ਪਾਵਨ ਅਸਥਾਨਾਂ 'ਤੇ ਗੁਰਮਤਿ ਸਮਾਗਮ ਕੀਤੇ ਜਾ ਰਹੇ ਹਨ, ਉਥੇ ਹੀ ਨਗਰ ਕੀਰਤਨ ਵੀ ਯਾਦਗਾਰੀ ਹੋਵੇਗਾ। ਉਨ੍ਹਾਂ ਦੱਸਿਆ ਕਿ ਨਗਰ ਕੀਰਤਨ ਸਬੰਧੀ ਰੂਟ ਤਿਆਰ ਕਰ ਲਿਆ ਗਿਆ, ਜਿਸ ਅਨੁਸਾਰ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਹਰ ਅਸਥਾਨ ਤੋਂ ਹੋ ਕੇ ਇਹ ਨਗਰ ਕੀਰਤਨ ਸੰਪੰਨ ਹੋਵੇਗਾ। ਇਥੇ ਮਾਲਵਾ ਖੇਤਰ ਨਾਲ ਸਬੰਧਤ ਸ਼੍ਰੋਮਣੀ ਕਮੇਟੀ ਦੇ ਮੈਂਬਰਾਂ ਨਾਲ ਇਕੱਤਰਤਾ ਮਗਰੋਂ ਬੀਬੀ ਜਗੀਰ ਕੌਰ ਨੇ ਦੱਸਿਆ ਕਿ 400 ਸਾਲਾ ਪ੍ਰਕਾਸ਼ ਪੁਰਬ ਸ਼ਤਾਬਦੀ ਦੇ ਸਮਾਗਮ ਸ਼ੁਰੂ ਕੀਤੇ ਜਾ ਚੁੱਕੇ ਹਨ।

ਇਕੱਤਰਤਾ ਵਿਚ ਸ਼੍ਰੋਮਣੀ ਕਮੇਟੀ ਦੇ ਵੱਖ-ਵੱਖ ਮੈਂਬਰਾਂ ਦੇ ਸੁਝਾਅ ਜਾਣਨ ਮਗਰੋਂ ਬੀਬੀ ਜਗੀਰ ਕੌਰ ਨੇ ਕਿਹਾ ਕਿ ਹਰ ਹਲਕੇ ਵਿਚ ਨੌਵੇਂ ਪਾਤਸ਼ਾਹ ਜੀ ਦੇ ਇਤਿਹਾਸਕ ਪੁਰਬ ਨੂੰ ਸਮਰਪਿਤ ਸਮਾਗਮ ਕੀਤੇ ਜਾਣਗੇ ਅਤੇ ਖਾਸਕਰ ਨੌਜੁਆਨਾਂ ਅਤੇ ਬੱਚਿਆਂ ਨੂੰ ਗੁਰਮਤਿ ਦ੍ਰਿੜ੍ਹ ਕਰਵਾਈ ਜਾਵੇਗੀ। ਇਸ ਕਾਰਜ ਲਈ ਧਰਮ ਪ੍ਰਚਾਰ ਕਮੇਟੀ ਦੇ ਪ੍ਰਚਾਰਕਾਂ, ਢਾਡੀ ਤੇ ਕਵੀਸ਼ਰ ਜਥਿਆਂ ਵੱਲੋਂ ਪਿੰਡ ਪੱਧਰ ਤੱਕ ਪਹੁੰਚ ਕੀਤੀ ਜਾਵੇਗੀ। ਪਿੰਡ ਪੱਧਰ 'ਤੇ ਕੀਤੇ ਜਾਣ ਵਾਲੇ ਸਮਾਗਮਾਂ ਦੀ ਅਗਵਾਈ ਸ਼੍ਰੋਮਣੀ ਕਮੇਟੀ ਦੇ ਮੈਂਬਰ ਕਰਨਗੇ। ਉਨ੍ਹਾਂ ਸੰਗਤ ਨੂੰ ਅਪੀਲ ਕੀਤੀ ਕਿ ਉਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ 400 ਸਾਲਾ ਪ੍ਰਕਾਸ਼ ਪੁਰਬ ਸਬੰਧੀ ਕੀਤੇ ਜਾਣ ਵਾਲੇ ਸਮਾਗਮਾਂ ਵਿਚ ਭਰਵੀਂ ਸ਼ਮੂਲੀਅਤ ਕਰਨ। ਇਸੇ ਦੌਰਾਨ ਬੀਬੀ ਜਗੀਰ ਕੌਰ ਨੇ ਦੱਸਿਆ ਕਿ ਸ਼੍ਰੋਮਣੀ ਕਮੇਟੀ ਦੇ ਮੈਂਬਰਾਂ ਨਾਲ ਹਰ ਤਿੰਨ ਮਹੀਨੇ ਬਾਅਦ ਇਕੱਤਰਤਾਵਾਂ ਕੀਤੀਆਂ ਜਾਣਗੀਆਂ, ਤਾਂ ਜੋ ਗੁਰੂ ਘਰਾਂ ਦੇ ਪ੍ਰਬੰਧਾਂ ਨੂੰ ਸੰਚਾਰੂ ਢੰਗ ਨਾਲ ਚਲਾਇਆ ਜਾ ਸਕੇ। ਇਕੱਤਰਤਾ ਦੌਰਾਨ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਬੀਬੀ ਜਗੀਰ ਕੌਰ ਤੋਂ ਇਲਾਵਾ ਸੀਨੀਅਰ ਮੀਤ ਪ੍ਰਧਾਨ ਸ. ਸੁਰਜੀਤ ਸਿੰਘ ਭਿੱਟੇਵੱਡ, ਜਨਰਲ ਸਕੱਤਰ ਐਡਵੋਕੇਟ ਭਗਵੰਤ ਸਿੰਘ ਸਿਆਲਕਾ, ਅੰਤ੍ਰਿੰਗ ਮੈਂਬਰ ਸ. ਬਲਦੇਵ ਸਿੰਘ ਚੂੰਘਾਂ, ਸ. ਸਤਵਿੰਦਰ ਸਿੰਘ ਟੌਹੜਾ ਤੇ ਸ. ਦਰਸ਼ਨ ਸਿੰਘ ਸ਼ੇਰਖਾਂ, ਮੈਂਬਰ ਸ਼੍ਰੋਮਣੀ ਕਮੇਟੀ ਸ. ਕੇਵਲ ਸਿੰਘ ਬਾਦਲ, ਸੰਤ ਬਲਬੀਰ ਸਿੰਘ ਘੁੰਨਸ, ਸ. ਜਸਮੇਰ ਸਿੰਘ ਲਾਛੜੂ, ਸ. ਸ਼ੇਰ ਸਿੰਘ ਮੰਡਵਾਲਾ, ਸ. ਸੁਰਜੀਤ ਸਿੰਘ ਗੜ੍ਹੀ, ਬਾਬਾ ਟੇਕ ਸਿੰਘ ਧਨੌਲਾ, ਸ. ਗੁਰਮੇਲ ਸਿੰਘ ਸੰਗਤਪੁਰਾ, ਬੀਬੀ ਕੁਲਦੀਪ ਕੌਰ ਟੌਹੜਾ, ਬੀਬੀ ਗੁਰਿੰਦਰ ਕੌਰ, ਸ. ਗੁਰਪਾਲ ਸਿੰਘ ਗੋਰਾ, ਸ. ਹਰਦੇਵ ਸਿੰਘ ਰੋਗਲਾ, ਸ. ਮਲਕੀਤ ਸਿੰਘ ਚੰਗਾਲ, ਸ. ਰਘਬੀਰ ਸਿੰਘ ਸਹਾਰਨਮਾਜਰਾ, ਸ. ਗੁਰਪ੍ਰੀਤ ਸਿੰਘ ਝੱਬਰ, ਸ. ਹਰਪਾਲ ਸਿੰਘ ਜੱਲ੍ਹਾ, ਸ. ਚਰਨ ਸਿੰਘ ਆਲਮਗੀਰ, ਬੀਬੀ ਜੋਗਿੰਦਰ ਕੌਰ ਬਠਿੰਡਾ, ਸ. ਸੁਰਜੀਤ ਸਿੰਘ ਰਾਏਪੁਰ, ਸ. ਸੁਖਹਰਪ੍ਰੀਤ ਸਿੰਘ ਰੋਡੇ, ਸ. ਰਵਿੰਦਰ ਸਿੰਘ ਖਾਲਸਾ, ਸ. ਅਵਤਾਰ ਸਿੰਘ ਰਿਆ, ਸ. ਦਰਸ਼ਨ ਸਿੰਘ ਜਲਾਲਾਬਾਦ, ਬੀਬੀ ਜਸਪਾਲ ਕੌਰ, ਸ. ਗੁਰਲਾਲ ਸਿੰਘ, ਮੀਤ ਸਕੱਤਰ ਸ. ਕੁਲਵਿੰਦਰ ਸਿੰਘ ਰਮਦਾਸ, ਸੁਪ੍ਰਿੰਟੈਂਡੈਂਟ ਸ. ਮਲਕੀਤ ਸਿੰਘ ਬਹਿੜਵਾਲ, ਓਐਸਡੀ ਡਾ. ਸੁਖਬੀਰ ਸਿੰਘ ਆਦਿ ਮੌਜੂਦ ਸਨ।